**ਜ਼ਰੂਰੀ ਸੂਚਨਾ**

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551

Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

**ਪੱਤਰਕਾਰਾਂ ਦੀ ਲੋੜ ਹੈ**

ਸ੍ਰੀ ਮੁਕਤਸਰ ਸਾਹਿਬ ਤੋਂ ਰੋਜ਼ਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ। ਮੋ. 78890-72071

ਸਾਲ 5 ▪ ਅੰਕ 75 ▪ 13 ਜੂਨ 2026 ▪ ਸ਼ਨੀਵਾਰ ▪ ਸਫ਼ੇ 6 ▪ ਮੁੱਲ 2 ਰੁਪਏ ▪ ਸ੍ਰੀ ਮੁਕਤਸਰ ਸਾਹਿਬ

## ਡੋਪ ਟੈਸਟ ਦੌਰਾਨ ਦੂਜੇ ਵਿਅਕਤੀ ਦਾ ਪਿਸ਼ਾਬ ਸੈਂਪਲ ਵਜੋਂ ਦੇਣ ਦੀ ਕੋਸ਼ਿਸ਼ ਨਾਕਾਮ

### ਡਾਕਟਰਾਂ ਨੇ ਮੌਕੇ 'ਤੇ ਕਾਬੂ ਕੀਤਾ, ਗੁਪਤ ਅੰਗ ਤੇ ਟੇਪ ਨਾਲ ਲਾ ਕੇ ਲਿਆਇਆ ਸੀ ਸਰਿੰਜ

**ਮਲੋਟ, 12 ਜੂਨ (ਹਰਦੀਪ ਸਿੰਘ ਖਾਲਸਾ)** ਪੰਜਾਬ ਸਰਕਾਰ ਵੱਲੋਂ ਅਸਲਾ ਲਾਇਸੰਸਾਂ ਦੇ ਨਵੀਨੀਕਰਨ ਲਈ ਲਾਜ਼ਮੀ ਕੀਤੇ ਗਏ ਡੋਪ ਟੈਸਟ ਦੌਰਾਨ ਸਿਵਲ ਹਸਪਤਾਲ ਮਲੋਟ ਵਿਖੇ ਇੱਕ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ। ਡੋਪ ਟੈਸਟ ਕਰਵਾਉਣ ਆਏ ਇੱਕ ਅਸਲਾ ਲਾਇਸੰਸ ਧਾਰਕ ਨੇ ਕਥਿਤ ਤੌਰ 'ਤੇ ਜਾਂਚ ਤੋਂ ਬਚਣ ਲਈ ਆਪਣੇ ਗੁਪਤ ਅੰਗ ਨਾਲ ਟੇਪ ਰਾਹੀਂ ਇੱਕ ਸਰਿੰਜ ਬੰਨ੍ਹ ਰੱਖੀ ਸੀ, ਜਿਸ ਵਿੱਚ ਪਹਿਲਾਂ ਤੋਂ ਹੀ ਕਿਸੇ ਹੋਰ ਵਿਅਕਤੀ ਦਾ ਪਿਸ਼ਾਬ ਭਰਿਆ ਹੋਇਆ ਸੀ। ਡਾਕਟਰਾਂ ਦੀ ਚੌਕਸੀ ਕਾਰਨ ਉਸ ਦੀ ਇਹ ਕੋਸ਼ਿਸ਼ ਨਾਕਾਮ ਹੋ ਗਈ ਅਤੇ ਉਸ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ ਗਿਆ।

ਡਿਊਟੀ 'ਤੇ ਤਾਇਨਾਤ ਡਾ. ਵਿਕਾਸ ਬੰਸਲ ਅਤੇ ਲੈਬ ਟੈਕਨੀਸ਼ੀਅਨ ਪਵਨ ਕੁਮਾਰ ਸ਼ਰਮਾ ਨੇ ਦੱਸਿਆ ਕਿ 8 ਜੂਨ ਨੂੰ ਅਸਲਾ ਲਾਇਸੰਸਾਂ ਦੇ ਨਵੀਨੀਕਰਨ ਲਈ ਡੋਪ ਟੈਸਟ ਕਰਵਾਉਣ ਆਏ ਵਿਅਕਤੀਆਂ ਦੇ ਸੈਂਪਲ ਲਏ ਜਾ ਰਹੇ ਸਨ। ਇਸ ਦੌਰਾਨ ਪੈਥੋਲੋਜਿਸਟ ਡਾ. ਵਿਕਰਮ, ਡਾ. ਵਿਕਾਸ ਬੰਸਲ ਅਤੇ ਲੈਬ ਟੈਕਨੀਸ਼ੀਅਨ ਪਵਨ ਕੁਮਾਰ ਸ਼ਰਮਾ ਦੀ ਮੌਜੂਦਗੀ ਵਿੱਚ ਇੱਕ ਵਿਅਕਤੀ ਨੂੰ ਪਿਸ਼ਾਬ ਦਾ ਸੈਂਪਲ ਦੇਣ ਲਈ ਭੇਜਿਆ ਗਿਆ।

ਉਨ੍ਹਾਂ ਦੱਸਿਆ ਕਿ ਸੈਂਪਲ ਦਿੰਦੇ ਸਮੇਂ ਉਕਤ ਵਿਅਕਤੀ ਨੇ ਆਪਣੇ ਗੁਪਤ ਅੰਗ ਨਾਲ ਟੇਪ ਕੀਤੀ



ਵਿਅਕਤੀ ਨੂੰ ਕਾਬੂ ਕਰਦੇ ਹੋਏ ਡਾਕਟਰ ਅਤੇ ਸਟਾਫ



ਜਾਣਕਾਰੀ ਦਿੰਦੇ ਹੋਏ ਡਾਕਟਰ ਵਿਕਾਸ ਬੰਸਲ ਅਤੇ ਲੈਬ ਤਕਨੀਸ਼ੀਅਨ ਪਵਨ ਸ਼ਰਮਾ

ਹੋਈ ਸਰਿੰਜ ਵਿੱਚੋਂ ਪਿਸ਼ਾਬ ਸੈਂਪਲ ਵਾਲੇ ਡੱਬੇ ਵਿੱਚ ਪਾਉਣ ਦੀ ਕੋਸ਼ਿਸ਼ ਕੀਤੀ। ਡਾਕਟਰਾਂ ਦੀ ਨਜ਼ਰ ਪੈਂਦੇ ਹੀ ਉਸ ਨੂੰ ਤੁਰੰਤ ਕਾਬੂ ਕਰ ਲਿਆ ਗਿਆ ਅਤੇ ਉਸ ਦੀ ਚਾਲਾਕੀ ਦਾ ਪਰਦਾਫਾਸ਼ ਹੋ ਗਿਆ।

ਇਸ ਦੌਰਾਨ ਉਕਤ ਵਿਅਕਤੀ ਨੇ ਉਥੋਂ ਭੱਜਣ ਦੀ ਕੋਸ਼ਿਸ਼ ਕੀਤੀ, ਜਿਸ ਕਾਰਨ ਹਸਪਤਾਲ ਵਿੱਚ ਕੁਝ ਸਮੇਂ ਲਈ ਹੰਗਾਮੇ ਵਾਲੀ ਸਥਿਤੀ ਬਣ ਗਈ। ਧੱਕਾ-ਮੁੱਕੀ ਦੌਰਾਨ ਡੋਪ ਟੈਸਟ ਲਈ ਆਏ ਹੋਰ ਅਸਲਾ ਲਾਇਸੰਸ ਧਾਰਕਾਂ ਦੀਆਂ ਕੁਝ ਫਾਈਲਾਂ ਅਤੇ ਦਸਤਾਵੇਜ਼ ਵੀ ਨੁਕਸਾਨੇ ਗਏ।

ਸਥਿਤੀ ਨੂੰ ਦੇਖਦਿਆਂ ਹਸਪਤਾਲ ਪ੍ਰਸ਼ਾਸਨ ਵੱਲੋਂ ਤੁਰੰਤ ਸਿਟੀ ਥਾਣਾ ਮਲੋਟ ਪੁਲਿਸ ਨੂੰ ਸੂਚਿਤ ਕੀਤਾ ਗਿਆ। ਪੁਲਿਸ ਮੌਕੇ 'ਤੇ ਪਹੁੰਚੀ ਅਤੇ ਸੰਬੰਧਿਤ ਵਿਅਕਤੀ ਨੂੰ ਆਪਣੇ ਨਾਲ ਥਾਣੇ ਲੈ ਗਈ। ਜਾਣਕਾਰੀ ਅਨੁਸਾਰ ਬਾਅਦ ਵਿੱਚ ਉਸ ਵਿਅਕਤੀ ਨੇ ਆਪਣੀ ਗਲਤੀ ਮੰਨਦੇ ਹੋਏ ਲਿਖਤੀ ਤੌਰ 'ਤੇ ਮੁਆਫ਼ੀ ਮੰਗ ਲਈ ਅਤੇ ਭਵਿੱਖ ਵਿੱਚ ਅਜਿਹੀ ਹਰਕਤ ਨਾ ਕਰਨ ਦਾ ਭਰੋਸਾ ਦਿੱਤਾ।

ਡਾਕਟਰਾਂ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਡੋਪ ਟੈਸਟਾਂ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ ਅਤੇ ਕਿਸੇ ਵੀ ਵਿਅਕਤੀ ਨੂੰ ਗਲਤ ਤਰੀਕੇ ਨਾਲ ਜਾਂਚ ਪ੍ਰਭਾਵਿਤ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ।

### ਘਟਨਾ ਬਣੀ ਚਰਚਾ ਦਾ ਵਿਸ਼ਾ

ਸਿਵਲ ਹਸਪਤਾਲ ਵਿੱਚ ਵਾਪਰੀ ਇਸ ਘਟਨਾ ਦੀ ਇਲਾਕੇ ਭਰ ਵਿੱਚ ਚਰਚਾ ਹੋ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਡੋਪ ਟੈਸਟ ਤੋਂ ਬਚਣ ਲਈ ਅਜਿਹੇ ਤਰੀਕੇ ਅਪਣਾਉਣਾ ਗੰਭੀਰ ਮਾਮਲਾ ਹੈ, ਜਿਸ ਨਾਲ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਦੀ ਅਹਿਮੀਅਤ ਹੋਰ ਵੀ ਵੱਧ ਜਾਂਦੀ ਹੈ।

## ਤੇਜ਼ ਹਨੇਰੀ, ਝੱਖੜ ਅਤੇ ਮੀਂਹ ਨੇ ਮਚਾਈ ਭਾਰੀ ਤਬਾਹੀ, ਉਦਯੋਗਾਂ, ਕਿਸਾਨੀ ਤੇ ਆਮ ਲੋਕਾਂ ਨੂੰ ਲੱਖਾਂ ਦਾ ਨੁਕਸਾਨ



**ਮਾਨਸਾ 12 ਜੂਨ (ਗੋਪਾਲ ਅਕਲੀਆ/ਸੰਦੀਪ)** - ਬੀਤੀ ਰਾਤ ਬਰੇਟਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਆਈ ਤੇਜ਼ ਹਨੇਰੀ, ਝੱਖੜ ਅਤੇ ਮੀਂਹ ਨੇ ਭਾਰੀ ਤਬਾਹੀ ਮਚਾ ਦਿੱਤੀ। ਅਚਾਨਕ ਵਿਗੜੇ ਮੌਸਮ ਕਾਰਨ ਉਦਯੋਗਿਕ ਇਕਾਈਆਂ, ਰਾਈਸ ਮਿੱਲਾਂ, ਕਿਸਾਨਾਂ,ਦੁਕਾਨਾਂ, ਘਰਾਂ ਅਤੇ ਹੋਰ ਵਪਾਰਕ ਅਦਾਰਿਆਂ ਨੂੰ ਵੱਡੇ ਪੱਧਰ 'ਤੇ ਨੁਕਸਾਨ ਪੁੱਜਿਆ ਹੈ। ਤੇਜ਼ ਰਫ਼ਤਾਰ ਹਵਾਵਾਂ ਕਾਰਨ ਕਈ ਥਾਵਾਂ 'ਤੇ ਟਿਨ ਸ਼ੈੱਡ ਉੱਡ ਗਏ, ਦਰੱਖਤ ਜੜ੍ਹਾਂ ਸਮੇਤ ਡਿੱਗ ਪਏ ਅਤੇ ਬਿਜਲੀ ਸਪਲਾਈ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ। ਕੁਦਰਤੀ ਆਫ਼ਤ ਕਾਰਨ ਪੂਰੇ ਖੇਤਰ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਬਣਿਆ ਰਿਹਾ, ਜਦਕਿ ਲੋਕਾਂ ਨੂੰ ਰਾਤ ਭਰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।

ਜਾਣਕਾਰੀ ਅਨੁਸਾਰ ਰਾਤ ਦੇ ਸਮੇਂ ਅਚਾਨਕ ਮੌਸਮ ਨੇ ਕਰਵਟ ਬਦਲੀ ਅਤੇ ਤੇਜ਼ ਹਨੇਰੀ ਨਾਲ ਸ਼ੁਰੂ ਹੋਇਆ ਮੌਸਮ ਕੁਝ ਹੀ ਮਿੰਟਾਂ ਵਿੱਚ ਭਿਆਨਕ ਝੱਖੜ ਵਿੱਚ ਤਬਦੀਲ ਹੋ ਗਿਆ। ਇਸ ਦੌਰਾਨ ਚੱਲੀਆਂ ਤੇਜ਼ ਹਵਾਵਾਂ ਨੇ ਕਈ ਥਾਵਾਂ 'ਤੇ ਭਾਰੀ ਨੁਕਸਾਨ ਕੀਤਾ। ਗਣਪਤੀ ਰਾਈਸ ਮਿੱਲ ਸਮੇਤ ਕਈ ਹੋਰ ਉਦਯੋਗਿਕ ਇਕਾਈਆਂ ਦੇ ਸ਼ੈੱਡ, ਟਿਨਾਂ, ਸਟਾਕ ਅਤੇ ਹੋਰ ਢਾਂਚਿਆਂ ਨੂੰ ਨੁਕਸਾਨ ਪੁੱਜਿਆ। ਕੁਝ ਥਾਵਾਂ 'ਤੇ ਲੋਹੇ ਦੇ ਸ਼ੈੱਡ ਹਵਾਵਾਂ ਵਿੱਚ ਉਖੜ ਕੇ ਦੂਰ ਜਾ ਡਿੱਗੇ, ਜਿਸ ਕਾਰਨ ਮਾਲਕਾਂ ਨੂੰ ਲੱਖਾਂ ਰੁਪਏ ਦਾ ਨੁਕਸਾਨ ਝੱਲਣਾ ਪਿਆ। ਉਦਯੋਗਪਤੀਆਂ ਅਨੁਸਾਰ ਕਈ ਮਸ਼ੀਨਾਂ, ਕੱਚਾ ਮਾਲ ਅਤੇ ਹੋਰ ਸਾਜ਼ੋ-ਸਾਮਾਨ ਵੀ ਨੁਕਸਾਨਿਆ ਗਿਆ ਹੈ। ਰਾਈਸ ਮਿੱਲਾਂ ਅਤੇ ਫੈਕਟਰੀਆਂ ਦੇ ਸੰਚਾਲਕਾਂ ਨੇ ਦੱਸਿਆ ਕਿ ਇੰਨੀ ਤੇਜ਼ ਹਵਾ ਪਹਿਲਾਂ ਬਹੁਤ ਘੱਟ ਦੇਖਣ ਨੂੰ ਮਿਲੀ ਹੈ। ਰਾਤ ਸਮੇਂ ਆਏ ਝੱਖੜ ਕਾਰਨ ਕਈ ਇਕਾਈਆਂ ਵਿੱਚ ਕੰਮਕਾਜ ਲਈ ਬਣਾਏ ਗਏ ਸ਼ੈੱਡ ਪੂਰੀ ਤਰ੍ਹਾਂ ਨੁਕਸਾਨੇ ਗਏ ਹਨ। ਇਸ ਕਾਰਨ ਨਾ ਸਿਰਫ਼ ਆਰਥਿਕ ਨੁਕਸਾਨ ਹੋਇਆ ਹੈ, ਸਗੋਂ ਆਉਣ ਵਾਲੇ ਦਿਨਾਂ ਵਿੱਚ ਕੰਮਕਾਜ ਪ੍ਰਭਾਵਿਤ ਹੋਣ ਦਾ ਵੀ ਖਦਸ਼ਾ ਹੈ। ਕਈ ਥਾਵਾਂ 'ਤੇ ਮੁਰੰਮਤ ਲਈ ਵੱਡੀ ਰਕਮ ਖਰਚ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਇਸ ਤੋਂ ਇਲਾਵਾ ਮੀਂਹ ਅਤੇ ਝੱਖੜ ਕਾਰਨ ਪੇਂਡੂ ਖੇਤਰਾਂ ਵਿੱਚ ਵੀ ਕਾਫ਼ੀ ਨੁਕਸਾਨ ਹੋਣ ਦੀਆਂ ਰਿਪੋਰਟਾਂ ਸਾਹਮਣੇ ਆ ਰਹੀਆਂ ਹਨ। ਤੇਜ਼ ਹਵਾਵਾਂ ਕਾਰਨ ਕਈ ਦਰੱਖਤ ਸੜਕਾਂ ਅਤੇ ਖੇਤਾਂ ਵਿੱਚ ਡਿੱਗ ਗਏ, ਜਿਸ ਨਾਲ ਆਵਾਜਾਈ ਵਿੱਚ ਰੁਕਾਵਟ ਪੈਦਾ ਹੋਈ। ਕਈ ਥਾਵਾਂ 'ਤੇ ਬਿਜਲੀ ਦੇ ਖੰਭੇ ਅਤੇ ਤਾਰਾਂ ਨੂੰ ਵੀ ਨੁਕਸਾਨ ਪਹੁੰਚਿਆ, ਜਿਸ ਕਾਰਨ ਰਾਤ ਭਰ ਅਤੇ ਸਵੇਰ ਤੱਕ ਬਿਜਲੀ ਸਪਲਾਈ ਪ੍ਰਭਾਵਿਤ ਰਹੀ। ਬਿਜਲੀ ਨਾ ਹੋਣ ਕਾਰਨ ਲੋਕਾਂ ਨੂੰ ਗਰਮੀ ਅਤੇ ਹੋਰ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਕੁਝ ਇਲਾਕਿਆਂ ਵਿੱਚ ਘਰਾਂ ਦੀਆਂ ਛੱਤਾਂ ਅਤੇ ਟਿਨ ਸ਼ੈੱਡਾਂ ਨੂੰ ਵੀ ਨੁਕਸਾਨ ਪਹੁੰਚਿਆ ਹੈ। ਲੋਕਾਂ ਨੇ ਦੱਸਿਆ ਕਿ ਝੱਖੜ ਦੀ ਰਫ਼ਤਾਰ ਇੰਨੀ ਜ਼ਿਆਦਾ ਸੀ ਕਿ ਕਈ ਘਰਾਂ ਦੇ ਬਾਹਰ ਖੜ੍ਹੇ ਵਾਹਨ ਅਤੇ ਹੋਰ ਸਮਾਨ ਵੀ ਪ੍ਰਭਾਵਿਤ ਹੋਇਆ। ਅਚਾਨਕ ਆਏ ਇਸ ਮੌਸਮੀ ਕਹਿਰ ਕਾਰਨ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਅਤੇ ਕਈ ਪਰਿਵਾਰਾਂ ਨੇ ਰਾਤ ਜਾਗ ਕੇ ਗੁਜ਼ਾਰੀ। ਸਥਾਨਕ ਨਿਵਾਸੀਆਂ ਅਨੁਸਾਰ ਬੀਤੀ ਰਾਤ ਦਾ ਮੌਸਮ ਪਿਛਲੇ ਕਈ ਸਾਲਾਂ ਦੇ ਮੁਕਾਬਲੇ ਕਾਫ਼ੀ ਖ਼ਤਰਨਾਕ ਸੀ। ਹਨੇਰੀ ਅਤੇ ਝੱਖੜ ਦੇ ਨਾਲ ਪਏ ਮੀਂਹ ਨੇ ਹਾਲਾਤ ਹੋਰ ਵੀ ਗੰਭੀਰ ਬਣਾ ਦਿੱਤੇ। ਕਈ ਲੋਕਾਂ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਜੀਵਨ ਵਿੱਚ ਇਸ ਤਰ੍ਹਾਂ ਦਾ ਮੌਸਮ ਬਹੁਤ ਘੱਟ ਦੇਖਿਆ ਹੈ। ਹਵਾਵਾਂ ਦੀ ਗੂੰਜ ਅਤੇ ਉੱਡਦੇ ਸ਼ੈੱਡਾਂ ਦੀਆਂ ਆਵਾਜ਼ਾਂ ਕਾਰਨ ਲੋਕ ਡਰੇ ਹੋਏ ਸਨ। ਸਵੇਰੇ ਜਦੋਂ ਲੋਕ ਘਰਾਂ ਤੋਂ ਬਾਹਰ ਨਿਕਲੇ ਤਾਂ ਕਈ ਥਾਵਾਂ 'ਤੇ ਨੁਕਸਾਨ ਦੇ ਹੰਜੂ ਦੇਖਣ ਨੂੰ ਮਿਲੇ। ਉਦਯੋਗਿਕ ਖੇਤਰਾਂ ਵਿੱਚ ਟੁੱਟੇ ਸ਼ੈੱਡ, ਉਖੜੇ ਹੋਏ ਢਾਂਚੇ ਅਤੇ ਖਿਲਰਿਆ ਹੋਇਆ ਸਮਾਨ ਇਸ ਕੁਦਰਤੀ ਆਫ਼ਤ ਦੀ ਗੰਭੀਰਤਾ ਨੂੰ ਬਿਆਨ ਕਰ ਰਿਹਾ ਸੀ। ਕਈ ਕਾਰੋਬਾਰੀਆਂ ਨੇ ਦੱਸਿਆ ਕਿ ਉਨ੍ਹਾਂ ਦਾ ਨੁਕਸਾਨ ਲੱਖਾਂ ਰੁਪਏ ਵਿੱਚ ਹੈ ਅਤੇ ਇਸ ਦੀ ਭਰਪਾਈ ਕਰਨਾ ਉਨ੍ਹਾਂ ਲਈ ਆਸਾਨ ਨਹੀਂ ਹੋਵੇਗਾ।

ਇਸ ਦੌਰਾਨ ਜ਼ਿਲ੍ਹਾ ਕਾਂਗਰਸ ਮਾਨਸਾ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਪ੍ਰਭਾਵਿਤ ਖੇਤਰਾਂ ਦਾ ਜਾਇਜ਼ਾ ਲੈਣ ਉਪਰੰਤ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਨੁਕਸਾਨ ਦਾ ਤੁਰੰਤ ਸਰਵੇ ਕਰਵਾ ਕੇ ਪ੍ਰਭਾਵਿਤ ਲੋਕਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਕੁਦਰਤੀ ਆਫ਼ਤ ਕਾਰਨ ਲੋਕਾਂ ਨੂੰ ਵੱਡਾ ਆਰਥਿਕ ਨੁਕਸਾਨ ਝੱਲਣਾ ਪਿਆ ਹੈ ਅਤੇ ਅਜਿਹੇ ਸਮੇਂ ਵਿੱਚ ਸਰਕਾਰ ਨੂੰ ਪੀੜਤਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਸਿੰਗਲਾ ਨੇ ਕਿਹਾ ਕਿ ਰਾਈਸ ਮਿੱਲਾਂ, ਫੈਕਟਰੀਆਂ, ਕਿਸਾਨਾਂ, ਦੁਕਾਨਾਂ ਅਤੇ ਹੋਰ ਵਪਾਰਕ ਅਦਾਰਿਆਂ ਨੂੰ ਹੋਏ ਨੁਕਸਾਨ ਦਾ ਵਿਸਥਾਰਪੂਰਵਕ ਮੁਲਾਂਕਣ ਕੀਤਾ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਜੇਕਰ ਕਿਸਾਨਾਂ ਦੀਆਂ ਫ਼ਸਲਾਂ, ਖੇਤੀ ਸੰਦਾਂ ਜਾਂ ਹੋਰ ਸੰਪਤੀਆਂ ਨੂੰ ਵੀ ਨੁਕਸਾਨ ਪਹੁੰਚਿਆ ਹੈ ਤਾਂ ਉਸ ਦੀ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਯੋਗ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਪਰਿਵਾਰਾਂ ਅਤੇ ਕਾਰੋਬਾਰੀਆਂ ਨੂੰ ਰਾਹਤ

### ਪ੍ਰਭਾਵਿਤ ਲੋਕਾਂ ਨੂੰ ਤੁਰੰਤ ਮੁਆਵਜ਼ਾ ਦੇਵੇ ਸਰਕਾਰ : ਕੁਲਵੰਤ ਰਾਏ ਸਿੰਗਲਾ

ਦੇਣ ਲਈ ਵਿਸ਼ੇਸ਼ ਪੈਕੇਜ ਦਾ ਐਲਾਨ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਨੁਕਸਾਨ ਦਾ ਅੰਕਲਨ ਕਰਨ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਜਾਵੇ ਅਤੇ ਜਲਦ ਤੋਂ ਜਲਦ ਰਿਪੋਰਟ ਤਿਆਰ ਕਰਕੇ ਸਰਕਾਰ ਨੂੰ ਭੇਜੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਮਦਦ ਨਾ ਮਿਲੀ ਤਾਂ ਪ੍ਰਭਾਵਿਤ ਲੋਕਾਂ ਲਈ ਆਪਣੇ ਕਾਰੋਬਾਰ ਅਤੇ ਰੋਜ਼ੀ-ਰੋਟੀ ਨੂੰ ਮੁੜ ਪਟੜੀ 'ਤੇ ਲਿਆਉਣਾ ਮੁਸ਼ਕਲ ਹੋ ਜਾਵੇਗਾ। ਇਲਾਕਾ ਨਿਵਾਸੀਆਂ ਨੇ ਵੀ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਕੁਦਰਤੀ ਆਫ਼ਤ ਨਾਲ ਹੋਏ ਨੁਕਸਾਨ ਦੀ ਭਰਪਾਈ ਲਈ ਤੁਰੰਤ ਰਾਹਤ ਰਕਮ ਜਾਰੀ ਕੀਤੀ ਜਾਵੇ। ਲੋਕਾਂ ਦਾ ਕਹਿਣਾ ਹੈ ਕਿ ਮੌਸਮ ਦੇ ਇਸ ਕਹਿਰ ਨੇ ਉਨ੍ਹਾਂ ਦੀਆਂ ਆਰਥਿਕ ਮੁਸ਼ਕਲਾਂ ਨੂੰ ਹੋਰ ਵਧਾ ਦਿੱਤਾ ਹੈ ਅਤੇ ਸਰਕਾਰੀ ਸਹਾਇਤਾ ਤੋਂ ਬਿਨਾਂ ਨੁਕਸਾਨ ਦੀ ਪੂਰਤੀ ਕਰਨੀ ਔਖੀ ਹੈ। ਬੀਤੀ ਰਾਤ ਦਾ ਇਹ ਝੱਖੜ ਅਤੇ ਮੀਂਹ ਭਾਵੇਂ ਕੁਝ ਘੰਟਿਆਂ ਲਈ ਹੀ ਰਿਹਾ, ਪਰ ਇਸ ਨੇ ਆਪਣੇ ਪਿੱਛੇ ਨੁਕਸਾਨ ਦੀ ਇੱਕ ਲੰਬੀ ਕਹਾਣੀ ਛੱਡ ਦਿੱਤੀ ਹੈ। ਹੁਣ ਪ੍ਰਭਾਵਿਤ ਲੋਕਾਂ ਦੀਆਂ ਨਜ਼ਰਾਂ ਸਰਕਾਰ ਅਤੇ ਪ੍ਰਸ਼ਾਸਨ ਵੱਲ ਟਿਕੀਆਂ ਹੋਈਆਂ ਹਨ ਕਿ ਉਹ ਕਦੋਂ ਨੁਕਸਾਨ ਦਾ ਜਾਇਜ਼ਾ ਲੈ ਕੇ ਰਾਹਤ ਅਤੇ ਮੁਆਵਜ਼ੇ ਦੀ ਪ੍ਰਕਿਰਿਆ ਸ਼ੁਰੂ ਕਰਦੇ ਹਨ। ਸਥਾਨਕ ਲੋਕਾਂ ਦਾ ਮੰਨਣਾ ਹੈ ਕਿ ਸਮੇਂ ਸਿਰ ਸਹਾਇਤਾ ਮਿਲਣ ਨਾਲ ਹੀ ਉਹ ਇਸ ਕੁਦਰਤੀ ਆਫ਼ਤ ਤੋਂ ਉਭਰ ਸਕਣਗੇ ਅਤੇ ਆਪਣੀ ਆਮ ਜ਼ਿੰਦਗੀ ਨੂੰ ਮੁੜ ਲੀਹ 'ਤੇ ਲਿਆ ਸਕਣਗੇ।

ਅਖੀਰ ਵਿਚ ਕੁਲਵੰਤ ਰਾਏ ਸਿੰਗਲਾ ਨੇ ਮੀਂਹ, ਹਨੇਰੀ ਝੱਖੜ ਕਾਰਨ ਕੁਝ ਉਪਰ ਡਿਗਣ ਨਾਲ ਮਾਨਸਾ ਦੇ ਵਾਰਡ ਨੰਬਰ 11 ਵਿਚ ਹੋਈ ਬੱਚੇ ਦੀ ਮੌਤ ਤੇ ਡੂੰਗੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਮੰਗ ਕੀਤੀ ਕਿ ਪੀੜ੍ਹਤ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਅਤੇ 10 ਲੱਖ ਮੁਆਵਜਾ ਦਿੱਤਾ ਜਾਵੇ।

## ਰੂਪ ਨਗਰ ਵਾਸੀ 16 ਘੰਟਿਆਂ ਤੋਂ ਬਿਜਲੀ ਸਪਲਾਈ ਠੱਪ ਹੋਣ ਕਾਰਨ ਪਰੇਸ਼ਾਨ

**ਗਿੱਦੜਬਾਹਾ, 12 ਜੂਨ (ਕੁਲਭੂਸ਼ਨ ਗਰਗ)** ਸ਼ਹਿਰ ਦੇ ਰੂਪ ਨਗਰ ਇਲਾਕੇ ਦੇ ਵਸਨੀਕ ਪਿਛਲੇ 16-17 ਘੰਟਿਆਂ ਤੋਂ ਬਿਜਲੀ ਸਪਲਾਈ ਠੱਪ ਹੋਣ ਕਾਰਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਕੜਾਕੇ ਦੀ ਗਰਮੀ ਦੇ ਮੌਸਮ ਵਿੱਚ ਬਿਜਲੀ ਨਾ ਹੋਣ ਕਾਰਨ ਲੋਕਾਂ ਦਾ ਜਨਜੀਵਨ ਪ੍ਰਭਾਵਿਤ ਹੋ ਗਿਆ ਹੈ ਅਤੇ ਇਲਾਕਾ ਨਿਵਾਸੀਆਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਸਥਾਨਕ ਲੋਕਾਂ ਨੇ ਦੱਸਿਆ ਕਿ ਬਿਜਲੀ ਸਪਲਾਈ ਅਚਾਨਕ ਬੰਦ ਹੋ ਗਈ ਸੀ ਅਤੇ ਇਸ ਤੋਂ ਬਾਅਦ ਕਈ ਵਾਰ ਬਿਜਲੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕੀਤਾ ਗਿਆ, ਪਰ ਸਮੱਸਿਆ ਦਾ ਹੱਲ ਨਹੀਂ ਹੋ ਸਕਿਆ। ਬਿਜਲੀ ਨਾ ਹੋਣ ਕਾਰਨ ਘਰਾਂ ਵਿੱਚ ਲੱਗੇ ਪੱਖੇ, ਕੂਲਰ ਅਤੇ ਹੋਰ ਬਿਜਲੀ ਉਪਕਰਨ ਬੰਦ ਪਏ ਹਨ, ਜਿਸ ਕਾਰਨ ਬੱਚਿਆਂ, ਬਜ਼ੁਰਗਾਂ ਅਤੇ ਮਹਿਲਾਵਾਂ ਨੂੰ ਸਭ ਤੋਂ ਵੱਧ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਵਸਨੀਕਾਂ ਨੇ ਦੱਸਿਆ ਕਿ ਬਿਜਲੀ ਬੰਦ ਹੋਣ ਕਾਰਨ ਪੀਣ ਵਾਲੇ ਪਾਣੀ ਦੀ ਸਪਲਾਈ ਵੀ ਪ੍ਰਭਾਵਿਤ ਹੋਈ ਹੈ, ਕਿਉਂਕਿ ਜ਼ਿਆਦਾਤਰ ਘਰਾਂ ਵਿੱਚ ਮੋਟਰਾਂ ਰਾਹੀਂ ਪਾਣੀ ਚੜ੍ਹਾਇਆ ਜਾਂਦਾ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਛੋਟੇ ਕਾਰੋਬਾਰਾਂ ਦਾ ਕੰਮ ਵੀ ਪ੍ਰਭਾਵਿਤ ਹੋ ਰਿਹਾ ਹੈ। ਰੂਪ ਨਗਰ ਦੇ ਲੋਕਾਂ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਬਿਜਲੀ ਸਪਲਾਈ ਨੂੰ ਤੁਰੰਤ ਬਹਾਲ ਕੀਤਾ ਜਾਵੇ ਅਤੇ ਖਰਾਬੀ ਦੇ ਕਾਰਨਾਂ ਬਾਰੇ ਵੀ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਮੰਗ ਕੀਤੀ ਕਿ ਜਲਦ ਤੋਂ ਜਲਦ ਬਿਜਲੀ ਸਪਲਾਈ ਬਹਾਲ ਕੀਤੀ ਜਾਵੇ। ਜਦ ਇਸ ਸੰਬੰਧੀ ਪੀ ਐਸ ਪੀ ਸੀ ਐਲ ਦੇ ਐਕਸੀਅਨ ਅਤੇ ਐਸ ਡੀ ਓ ਨਾਲ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਫ਼ੋਨ ਚੁੱਕਣਾ ਵੀ ਮੁਨਾਸਿਬ ਨਹੀਂ ਸਮਝਿਆ।

## ਪੁਲੀਸ ਨੇ ਅੰਨ੍ਹੇ ਕਤਲ ਦੀ ਗੁੱਥੀ ਸੁਲਝਾਈ, ਤਿੰਨ ਮੁਲਜ਼ਮ ਕੀਤੇ ਗ੍ਰਿਫਤਾਰ

**ਸ੍ਰੀ ਚਮਕੌਰ ਸਾਹਿਬ, 12 ਜੂਨ (ਅਮਰਜੀਤ ਸਿੰਘ ਕਲਸੀ)** ਇੱਥੋ ਦੀ ਪੁਲੀਸ ਨੇ ਇੱਕ ਨੌਜਵਾਨ ਨੂੰ ਨਸ਼ੇ ਦੀ ਵੱਧ ਡੋਜ਼ (ਓਵਰਡੋਜ਼) ਦੇ ਕੇ ਮਾਰਨ ਅਤੇ ਉਸ ਦੀ ਲਾਸ਼ ਨੂੰ ਖੁਰਦ-ਬੁਰਦ ਕਰਨ ਦੇ ਮਾਮਲੇ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਪੁਲੀਸ ਨੇ ਇਸ ਅੰਨ੍ਹੇ ਕਤਲ ਦੀ ਗੁੱਥੀ ਨੂੰ ਸੁਲਝਾਉਂਦੇ ਹੋਏ ਮ੍ਰਿਤਕ ਦੇ ਦੋ ਦੋਸਤਾਂ ਅਤੇ ਉਨ੍ਹਾਂ ਨੂੰ ਨਸ਼ੀਲਾ ਪਦਾਰਥ ਸਪਲਾਈ ਕਰਨ ਵਾਲੇ ਇੱਕ ਹੋਰ ਵਿਅਕਤੀ ਸਮੇਤ ਕੁੱਲ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਥਾਣਾ ਮੁਖੀ ਗੁਰਵਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਬਲਜਿੰਦਰ ਸਿੰਘ ਪਿੰਡ ਡਹਿਰ ਨੇ ਪੁਲੀਸ ਕੋਲ ਬਿਆਨ ਦਰਜ ਕਰਵਾਇਆ ਸੀ ਕਿ ਉਨ੍ਹਾਂ ਦਾ 26 ਸਾਲਾ ਲੜਕਾ ਹਰਵਿੰਦਰ ਸਿੰਘ ਬੀਤੀ 1 ਜੂਨ ਨੂੰ ਘਰੋਂ ਗਿਆ ਸੀ। ਘਰੋਂ ਜਾਣ ਤੋਂ ਬਾਅਦ ਉਸ ਨੇ ਆਪਣੀ ਮਾਤਾ ਨੂੰ ਫ਼ੋਨ 'ਤੇ ਦੱਸਿਆ ਸੀ ਕਿ ਉਹ ਆਪਣੇ ਦੋਸਤਾਂ ਇੰਦਰਜੀਤ ਸਿੰਘ ਪਿੰਡ ਡਹਿਰ ਅਤੇ ਧਰਮ ਸਿੰਘ ਪਿੰਡ ਰਾਮਗੜ੍ਹ ਨਾਲ ਜਾ ਰਿਹਾ ਹੈ। ਬਲਜਿੰਦਰ ਸਿੰਘ ਨੇ ਦੱਸਿਆ ਕਿ ਇਸ ਤੋਂ ਬਾਅਦ ਹਰਵਿੰਦਰ ਦਾ ਫ਼ੋਨ ਲਗਾਤਾਰ ਬੰਦ ਆਉਣ ਲੱਗਾ। ਸ੍ਰੀ ਢਿੱਲੋ ਅਨੁਸਾਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਇੰਦਰਜੀਤ ਸਿੰਘ ਅਤੇ



ਧਰਮ ਸਿੰਘ ਪਹਿਲਾਂ ਵੀ ਉਸ ਦੇ ਲੜਕੇ ਹਰਵਿੰਦਰ ਸਿੰਘ ਨਾਲ ਨਸ਼ੇ ਦਾ ਸੇਵਨ ਕਰਦੇ ਰਹਿੰਦੇ ਸਨ ਜਿਸ ਬਾਰੇ ਹਰਵਿੰਦਰ ਸਿੰਘ ਵੱਲੋਂ ਹੀ ਉਸ ਨੂੰ ਦੱਸਿਆ ਗਿਆ ਸੀ। ਇਸ ਸਬੰਧੀ ਪਰਿਵਾਰ ਵੱਲੋਂ ਪਹਿਲਾਂ ਥਾਣੇ ਵਿਖੇ ਉਸ ਦੀ ਗੁੰਮਸ਼ੁਦਗੀ ਦੀ ਰਿਪੋਰਟ ਵੀ ਦਰਜ ਕਰਵਾਈ ਗਈ ਸੀ ਪ੍ਰੰਤੂ ਉਸ ਦਾ ਕੋਈ ਥਾਂ ਪਤਾ ਨਹੀਂ ਲੱਗਿਆ। ਬਲਜਿੰਦਰ ਸਿੰਘ ਨੇ ਆਪਣੇ ਬਿਆਨ ਵਿੱਚ ਇਹ ਦੋਸ਼ ਲਾਇਆ ਕਿ ਹਰਵਿੰਦਰ ਸਿੰਘ ਨੂੰ ਉਸ ਦੇ ਦੋਸਤਾਂ ਵੱਲੋਂ ਨਸ਼ੇ ਦੀ ਵੱਧ ਡੋਜ਼ ਦੇ ਕੇ ਜਾਂ ਟੀਕਾ ਲਗਾ ਕੇ ਮਾਰ ਦਿੱਤਾ ਗਿਆ ਤੇ ਉਸ ਦੀ ਲਾਸ਼ ਖੁਰਦ ਬੁਰਦ ਕਰ ਦਿੱਤੀ ਗਈ ਹੈ। ਸ੍ਰੀ ਢਿੱਲੋਂ ਨੇ ਦੱਸਿਆ ਪੁਲੀਸ ਪੜਤਾਲ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਹਰਵਿੰਦਰ ਸਿੰਘ ਨੂੰ ਉਸ ਦੇ ਉਪਰੋਕਤ ਦੋਵਾਂ ਦੋਸਤਾਂ (ਇੰਦਰਜੀਤ ਸਿੰਘ ਅਤੇ ਧਰਮ ਸਿੰਘ ) ਵੱਲੋਂ ਹੀ ਨਸ਼ੇ ਦੀ ਵੱਧ ਡੋਜ਼ ਦੇ ਕੇ ਮਾਰ ਦਿੱਤਾ ਗਿਆ ਸੀ। ਕਤਲ ਕਰਨ ਤੋਂ ਬਾਅਦ ਮੁਲਜ਼ਮਾਂ ਨੇ ਉਸ ਦੀ ਲਾਸ਼ ਨੂੰ ਸਰਹਿੰਦ ਨਹਿਰ ਦੇ ਨਾਲ ਜਾਂਦੀ ਕੱਚੀ ਨਹਿਰ ਨੇੜੇ ਸੁੱਟ ਦਿੱਤਾ ਸੀ। ਪੁਲੀਸ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਦੋਵਾਂ ਮੁਲਜ਼ਮਾਂ ਖਿਲਾਫ਼ ਕੇਸ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਮੁਲਜ਼ਮਾਂ ਦੀ ਨਿਸ਼ਾਨਦੇਹੀ 'ਤੇ ਪਿੰਡ ਭੋਜੇਮਾਜਰਾ ਨੇੜੇ ਸਥਿਤ ਜੰਗਲੀ ਇਲਾਕੇ ਵਿੱਚੋਂ ਹਰਵਿੰਦਰ ਸਿੰਘ ਦੀ ਲਾਸ਼ ਨੂੰ ਵੀ ਬਰਾਮਦ ਕਰ ਲਿਆ ਗਿਆ ਹੈ। ਪੁਲੀਸ ਨੇ ਕੇਸ ਵਿੱਚ ਨਾਮਜ਼ਦ ਕੀਤੇ ਗਏ ਤੀਜੇ ਮੁਲਜ਼ਮ ਸੁਰਿੰਦਰ ਸਿੰਘ ਪਿੰਡ ਚੱਕਲਾਂ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ।

## ਬਿਨ੍ਹਾਂ ਨੰਬਰ ਪਲੇਟ ਹੁੜਦੂੰਗ ਮਚਾਉਂਦੇ ਵਹੀਕਲਾਂ ਤੇ ਬੈਠੇ ਤਿੰਨ - ਤਿੰਨ, ਚਾਰ -ਚਾਰ ਨੌਜਵਾਨ, ਟਰੈਫਿਕ ਨਿਯਮਾਂ ਨੂੰ ਜਾਣਦੇ ਨੇ ਟਿੱਚ

### ਗੱਡੀਆਂ ਨਾਲ ਰੇਸਾਂ ਲਾਉਂਦੇ ਦੂਜਿਆਂ ਦੀ ਜਾਨ ਵੀ ਪਾਉਂਦੇ ਖ਼ਤਰੇ ਵਿਚ

**ਮਾਛੀਵਾੜਾ ਸਾਹਿਬ 12 ਜੂਨ (ਮਾਸਟਰ ਸਤੀਸ਼ ਕੁਮਾਰ)** ਮੋਟਰਸਾਈਕਲ ਬਿਨਾਂ ਨੰਬਰ ਪਲੇਟਾਂ,ਉੱਤੇ ਤਿੰਨ ਤਿੰਨ ਬਿਨਾਂ ਹੈਲਮਟ ਤੋਂ ਸਵਾਰ ਨੌਜਵਾਨ, 80-90 ਦੀ ਸਪੀਡ, ਖੌਰੂ ਪਾਉਂਦੇ ਖੁੱਲੇ ਸਲੈਂਸਰ ,ਇਹ ਪੰਜਾਬ ਦਾ ਨਹੀਂ ਯੂ.ਪੀ., ਬਿਹਾਰ ਦਾ ਭੁਲੇਖਾ ਪਾਉਂਦੇ ਦ੍ਰਿਸ਼ ਜਦੋਂ ਦੇਖਣ ਨੂੰ ਮਿਲਣ ਤਾਂ ਤ੍ਰਾਹ ਨਿਕਲ ਜਾਂਦਾ ਹੈ। ਜੀ ਹਾਂ ਇਹ ਦ੍ਰਿਸ਼ ਅੱਜ ਮਾਛੀਵਾੜਾ ਤੋਂ ਸਮਰਾਲਾ ਨੂੰ ਜਾਂਦਿਆਂ ਦੇਖਣ ਨੂੰ ਮਿਲੇ ਜਦੋਂ ਧਾਰਮਿਕ ਝੰਡੇ ਮੋਟਰਸਾਈਕਲਾਂ ਦੇ ਮੂਹਰੇ ਲਗਾਈ ,ਤਿੰਨ ਤਿੰਨ ਨੌਜਵਾਨ ਜਿਹੜੇ ਸਿਰਾਂ ਤੇ ਰੁਮਾਲ ਬੰਨੀ, ਕੰਨਾਂ ਵਿੱਚ ਨੱਤੀਆਂ ਪਾਕੇ , ਖੁੱਲੇ ਸਲੰਸਰਾਂ ਵਾਲੇ ਮੋਟਰਸਾਈਕਲਾਂ ਨੂੰ ਲਗਭਗ 100 ਦੀ ਸਪੀਡ ਤੇ ਦੜਾਉਂਦੇ ਹੋਏ ਬੱਸਾਂ ਕਾਰਾਂ ਦੇ ਅੱਗੇ ਗਟਰ ਮਸਤੀ ਕਰਦੇ ਦਿਖਾਈ ਦਿੱਤੇ ਤਾਂ ਸੱਚੀ ਗੱਡੀ



ਵਿੱਚ ਬੈਠਿਆਂ ਤ੍ਰਾਹ ਨਿਕਲਣ ਵਾਲਾ ਹੋ ਗਿਆ। ਉਨਾਂ ਦਾ ਖੌਰੂ ਕਟਰ ਮਸਤੀ ਦੇ ਕੇ ਲੱਗਦਾ ਨਹੀਂ ਕਿ ਉਹ ਕਿਤੇ ਧਾਰਮਿਕ ਸਥਾਨ ਦੀ ਯਾਤਰਾ ਕਰਨ ਜਾ ਰਹੇ ਹਨ ਬਲਕਿ ਦੇਖਦਿਆਂ ਸਾਰ ਮਨ ਵਿੱਚ ਇਹ ਖਿਆਲ ਉਭਰਿਆ ਕਿ ਧਾਰਮਿਕ ਸਥਾਨਾਂ ਦੇ ਝੰਡਿਆਂ ਦੀ ਆੜ ਹੇਠ ਇਹ ਨੌਜਵਾਨ ਕਿਵੇਂ ਸੜਕਾਂ ਦੇ ਉੱਤੇ ਆਪਣੀਆਂ ਹੀ ਨਹੀਂ ਦੂਜਿਆਂ ਦੀਆਂ ਜਾਨਾਂ ਨਾਲ ਕਿਵੇਂ ਖੇਡਦੇ ਹਨ। ਬਿਨਾਂ ਨੰਬਰਾਂ ਤੋਂ ਮੋਟਰਸਾਈਕਲ ਜਿਨ੍ਹਾਂ ਦੇ ਸਲੈਂਸਰ ਖੁੱਲੇ ਹੋਣ ਕਾਰਨ ਗੱਡੀ ਵਿੱਚ ਬੈਠਿਆਂ ਵੀ ਉਹਨਾਂ ਦਾ ਪੂਰਾ ਸ਼ੋਰ ਕੰਨਾਂ ਵਿੱਚ ਪੈਂਦਾ ਸੀ। ਜਦੋਂ ਇਹ ਬੱਸਾਂ ਅਤੇ ਕਾਰਾਂ ਨੂੰ ਪਿੱਛੇ ਛੱਡ ਅੱਗੇ ਲੰਘਦੇ ਤਾਂ ਮੋਟਰਸਾਈਕਲ ਇਸ ਤਰ੍ਹਾਂ ਘੁਮਾਉਂਦੇ ਜਿਵੇਂ ਉਹਨਾਂ ਬਹੁਤ ਵੱਡੀ ਕੋਈ ਜੰਗ ਜਿੱਤ ਲਈ ਹੋਵੇ। ਪ੍ਰਸ਼ਾਸਨ ਇਹਨਾਂ ਉੱਤੇ ਸਖਤੀ ਕਿਉਂ ਨਹੀਂ ਕਰਦਾ? ਅਜਿਹੇ ਮੋਟਰਸਾਈਕਲਾਂ ਨੂੰ ਫੜ ਥਾਣਿਆਂ ਅੰਦਰ ਡੱਕ ਦੇਣਾ ਚਾਹੀਦਾ ਹੈ ,ਜੋ ਸੜਕਾਂ ਉੱਤੇ ਬੇਖੌਫ ,ਬੇਡਰ ਲੋਕਾਂ ਦੀਆਂ ਜਾਨਾਂ ਨਾਲ ਖੇਲਦੇ ਹਨ। ਜੇਕਰ ਧਾਰਮਿਕ ਸਥਾਨਾਂ ਤੇ ਜਾਣਾ ਹੈ ਤਾਂ ਕੋਈ ਵੀ ਧਾਰਮਿਕ ਸਥਾਨ ਇਸ ਤਰ੍ਹਾਂ ਹੁੜਦੂੰਗ ਮਚਾਉਣ ਦੀ ਇਜਾਜ਼ਤ ਨਹੀਂ ਦਿੰਦਾ । ਧਾਰਮਿਕ ਸਥਾਨਾਂ ਤੇ ਆਉਣ ਵਾਲਿਆਂ ਲਈ ਜਰੂਰ ਹਦਾਇਤਾਂ ਹੋਣੀਆਂ ਚਾਹੀਦੀਆਂ ਹਨ ਕਿ ਉਹ ਰਹਿਤ ਮਰਿਆਦਾ ਅਨੁਸਾਰ ਆਉਣ ਤੇ ਕਿਸੇ ਦੇ ਹਿਰਦੇ ਨੂੰ ਦੁਖੀ ਨਾ ਕਰਨ।

## ਮੋਬਾਇਲ ਫੋਨਾਂ ਤੇ ਫਿਲਮਾਂ ਦੇਖਣ ਵਾਲੇ ਹੋ ਜਾਣ ਸਾਵਧਾਨ, ਇੰਝ ਵੀ ਵੱਜ ਜਾਂਦੀ ਹੈ ਠੱਗੀ




**ਮਾਛੀਵਾੜਾ ਸਾਹਿਬ 12 ਜੂਨ (ਮਾਸਟਰ ਸਤੀਸ਼ ਕੁਮਾਰ)** ਕ੍ਰਾਈਮ ਕਰਨ ਵਾਲੇ ਛਾਤਰ ਦਿਮਾਗ ਕਿੰਨੇ ਸ਼ੈਤਾਨ ਹਨ ਇਸਦਾ ਅੰਦਾਜ਼ਾ ਲਗਾਉਣਾ ਵੀ ਸ਼ਾਇਦ ਅਸੰਭਵ ਹੋ ਗਿਆ ਹੈ। ਲੋਕਾਂ ਨੂੰ ਕਿਵੇਂ ਠੱਗਣਾ ,ਕਦੋਂ ਠੱਗਣਾ ਤੇ ਕਿੰਨਾ ਠੱਗਣਾ ਇਹ ਮਹੀਨਾ ਮਹੀਨਾ ਪਹਿਲਾਂ ਹੀ ਬਣਾ ਕੇ ਸਕੀਮਾਂ ਰੱਖ ਲਈਆਂ ਜਾਂਦੀਆਂ ਹਨ। ਕਿਉਂਕਿ ਅਸੀਂ ਆਮ ਤੌਰ ਤੇ ਦੇਖਦੇ ਹਾਂ ਕਿ ਮੋਬਾਇਲ ਫੋਨਾਂ ਉੱਤੇ ਗੇਮਾਂ ਖੇਡਣ ਵਾਲੇ ਫਰੀ ਦੀਆਂ ਫਿਲਮਾਂ ਦੇਖਣ ਵਾਲੇ ਜਾਂ ਹੋਰ ਲਿੰਕ ਆਦ ਨੂੰ ਕਲਿੱਕ ਕਰਨ ਵਾਲੇ ਲੱਖਾਂ ਕਰੋੜਾਂ ਲੋਕ ਹੀ ਠੱਗੀ ਦਾ ਸ਼ਿਕਾਰ ਹੁੰਦੇ ਹਨ ਪਰ ਮਾਛੀਵਾੜਾ ਸਾਹਿਬ ਇਲਾਕੇ ਨਾਲ ਸੰਬੰਧਿਤ ਇੱਕ ਵਿਅਕਤੀ ਨੂੰ ਅਨੋਖੇ ਤਰਹਾਂ ਨਾਲ ਠੱਗੀ ਦਾ ਸ਼ਿਕਾਰ ਹੋਣਾ ਪਿਆ। ਕਿੱਤੇ ਪੱਖੋਂ ਖੇਤੀਬਾੜੀ ਕਰਦਾ ਇੱਕ ਨੌਜਵਾਨ ਵੇਲੇ ਸਮੇਂ ਮੋਬਾਇਲ ਉੱਤੇ ਫਰੀ ਦੀਆਂ ਫਿਲਮਾਂ ਦੇਖਣ ਦਾ ਸ਼ੌਕੀਨ ਹੋ ਗਿਆ ਪਰ ਉਸ ਨੂੰ ਇਸ ਗੱਲ ਦਾ ਅੰਦਾਜ਼ਾ ਬਿਲਕੁਲ ਵੀ ਨਹੀਂ ਸੀ ਕਿ ਇਹ ਫਰੀ ਵਿੱਚ ਦੇਖੀਆਂ ਗਈਆਂ ਫਿਲਮਾਂ ਇੱਕ ਦਿਨ ਉਸ ਲਈ ਕਿੰਨੀਆਂ ਘਾਤਕ ਸਿੱਧ ਹੋਣਗੀਆਂ। ਬੀਤੇ ਦਿਨੀ ਜਦੋਂ ਉਹ ਆਪਣੇ ਘਰ ਵਿੱਚ ਸਾਮ ਸਮੇਂ ਪਰਿਵਾਰ ਨਾਲ ਬੈਠਾ ਰੋਟੀ ਪਾਣੀ ਖਾ ਰਿਹਾ ਸੀ ਤਾਂ ਉਸ ਦਾ ਫੋਨ ਆਪਣੇ ਆਪ ਹੀ ਅਪਡੇਟ ਹੋਣ ਲੱਗ ਪਿਆ ਉਸਨੇ ਫੋਨ ਨੂੰ ਬੰਦ ਕਰਨ ਦੀ ਕੋਸ਼ਿਸ਼ ਕੀਤੀ ਤਾਂ ਬੰਦ ਵੀ ਨਹੀਂ ਹੋਇਆ ਕੁਝ ਸਮੇਂ ਬਾਅਦ ਫੋਨ ਉੱਤੇ ਆਪਣੇ ਆਪ ਹੀ ਸਕਰੀਨ ਲਾਕ ਲੱਗ ਗਿਆ, ਜਦਕਿ ਉਕਤ ਨੌਜਵਾਨ ਨੇ ਹਮੇਸ਼ਾ ਆਪਣੇ ਫੋਨ ਨੂੰ ਨੰਬਰਾਂ ਵਾਲਾ ਲਾਕ ਲਗਾਇਆ ਹੋਇਆ। ਨੌਜਵਾਨ ਨੇ ਦੂਸਰੇ ਦਿਨ ਜਦੋਂ ਫੋਨ ਦੇਖਿਆ ਤਾਂ ਕਾਫੀ ਕੁਝ ਉਸ ਵਿੱਚ ਅਪਡੇਟ ਹੋ ਚੁੱਕਾ ਸੀ, ਉਸ ਨੇ ਕਿਤੋਂ ਆਉਣ ਵਾਲੀ ਪੇਮੈਂਟ ਲਈ ਗੂਗਲ ਪੇ ਦੀ ਐਂਟਰੀ ਦੇਖਣੀ ਚਾਹੀ ਤਾਂ ਉਸਦੇ ਉਸ ਵੇਲੇ ਹੋਸ਼ ਉੱਡ ਗਏ ਜਦੋਂ ਉਸਨੇ ਗੂਗਲ ਪੇ ਖੋਲ ਕੇ ਐਂਟਰੀ ਚੈੱਕ ਕੀਤੀ ਤਾਂ ਕੀ ਦੇਖਦਾ ਹੈ ਕਿ ਉਸਦੇ ਖਾਤੇ ਵਿੱਚੋਂ 99000/ ਰੁਪਏ ਬੀਤੇ ਕੱਲ੍ਹ ਹੀ ਦੋ ਐਂਟਰੀਆਂ ਨਾਲ ਨਿਕਲ ਚੁੱਕਾ ਸੀ। ਇਹ ਐਂਟਰੀ 80000/ ਰੁਪਏ ਦੀ ਜਦਕਿ ਦੂਸਰੀ ਐਂਟਰੀ 19000 /ਰੁਪਏ ਦੀ ਸੀ। ਤੌਰ ਭੌਰ ਹੋਇਆ ਨੌਜਵਾਨ ਜਦੋਂ ਬੈਂਕ ਗਿਆ ਤਾਂ ਬੈਂਕ ਵਾਲਿਆਂ ਉਸ ਨੂੰ ਉਸ ਨਾਲ ਹੋਈ ਠੱਗੀ ਬਾਰੇ ਜਾਣੂ ਕਰਵਾਇਆ। ਨੌਜਵਾਨ ਨੇ ਦੱਸਿਆ ਕਿ ਉਸ ਨੇ ਕਦੇ ਕੋਈ ਲਿੰਕ ਨੂੰ ਕਲਿੱਕ ਨਹੀਂ ਕੀਤਾ ਕਦੇ ਕੋਈ ਪੈਸਿਆਂ ਵਾਲੀ ਗੇਮ ਵੀ ਨਹੀਂ ਖੇਡੀ ਸਿਰਫ ਮੋਬਾਇਲ ਉੱਤੇ ਫਰੀ ਵਿੱਚ ਦਿਖਾਈਆਂ ਜਾਣ ਵਾਲੀਆਂ ਫਿਲਮਾਂ ਹੀ ਦੇਖਦਾ ਸੀ। ਸਾਈਬਰ ਕ੍ਰਾਈਮ ਵਾਲਿਆਂ ਦੇ ਦੱਸਣ ਅਨੁਸਾਰ ਫਰੀ ਦੇਖੀਆਂ ਜਾਣ ਵਾਲੀਆਂ ਗੇਮਾਂ ਜਾਂ ਫਿਲਮਾਂ ਵਾਲੇ ਸਾਡੇ ਫੋਨ ਨੂੰ ਹੈਂਕ ਕਰ ਲੈਂਦੇ ਹਨ ਅਤੇ ਸਾਡਾ ਡਾਟਾ ਅਤੇ ਜੇਕਰ ਸਾਡਾ ਫੋਨ ਬੈਂਕ ਖਾਤਿਆਂ ਨਾਲ ਜੁੜਿਆ ਹੋਇਆ ਹੈ ਤਾਂ ਖਾਤਿਆਂ ਵਿੱਚ ਪਏ ਰੁਪਏ ਉਡਾ ਦਿੰਦੇ ਹਨ। ਲੋਕਾਂ ਨੂੰ ਇਹ ਗੱਲ ਬਿਲਕੁਲ ਜਾਣ ਲੈਣੀ ਚਾਹੀਦੀ ਹੈ ਕਿ ਫੋਨ ਦੇ ਵਿੱਚ ਵਾਧੂ ਦੀ ਐਪਸ ਹਮੇਸ਼ਾ ਖਤਰੇ ਦੀ ਘੰਟੀ ਹਨ, ਜੋ ਕਿਸੇ ਵੇਲੇ ਵੀ ਸਾਡੇ ਨਾਲ ਕਿਤੇ ਵੀ ਠੱਗੀ ਦਾ ਕਾਰਨ ਬਣ ਸਕਦੀਆਂ ਹਨ। ਇਸ ਲਈ ਸਾਨੂੰ ਸਾਨੂੰ ਚਾਹੀਦਾ ਹੈ ਕਿ ਖਾਸ ਤੌਰ ਤੇ ਆਪਣੇ ਬੱਚਿਆਂ ਨੂੰ ਮੋਬਾਈਲ ਵਿੱਚ ਗੇਮਾਂ ਨਾ ਖੇਡਣ ਦਿਓ ਅਤੇ ਫਰੀ ਵਿੱਚ ਆਉਣ ਵਾਲੀਆਂ ਫਿਲਮਾਂ ਜਾਂ ਹੋਰ ਅਜਿਹੇ ਐਪਸ ਜੋ ਲਿੰਕ ਓਪਨ ਕਰਨ ਨੂੰ ਕਹਿੰਦੇ ਹਨ, ਉਹ ਨਾ ਕੀਤੀਆਂ ਜਾਣ ਤਾਂ ਜੋ ਅਜਿਹੀਆਂ ਠੱਗੀਆਂ ਤੋਂ ਬਚਿਆ ਜਾਵੇ।

## ਵੋਟਾਂ ਵੇਲੇ ਵੱਡੇ-ਵੱਡੇ ਵਾਅਦੇ, ਪਰ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਲੋਕ; ਸ੍ਰੀ ਗੁਰੂ ਰਵਿਦਾਸ ਨਗਰ ਦੇ ਵਸਨੀਕ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ







**ਮਲੋਟ, 12 ਜੂਨ (ਹਰਦੀਪ ਸਿੰਘ ਖਾਲਸਾ)** ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਦੌਰਾਨ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਆਪਣੇ ਕਾਰਜਕਾਲ ਦੌਰਾਨ ਕਰਵਾਏ ਵਿਕਾਸ ਕਾਰਜਾਂ ਦਾ ਵਿਆਪਕ ਪ੍ਰਚਾਰ ਕੀਤਾ ਗਿਆ ਅਤੇ ਸ਼ਹਿਰ ਦੇ ਹੋਰ ਵਿਕਾਸ ਦੇ ਵਾਅਦੇ ਵੀ ਕੀਤੇ ਗਏ। ਚੋਣਾਂ ਤਾਂ ਸਮਾਪਤ ਹੋ ਗਈਆਂ, ਪਰ ਸ਼ਹਿਰ ਦੇ ਕਈ ਇਲਾਕਿਆਂ ਦੇ ਲੋਕ ਅੱਜ ਵੀ ਬੁਨਿਆਦੀ ਸਹੂਲਤਾਂ ਲਈ ਤਰਸ ਰਹੇ ਹਨ। ਅਜਿਹਾ ਹੀ ਹਾਲ ਸਥਾਨਕ ਸ੍ਰੀ ਗੁਰੂ ਰਵਿਦਾਸ ਨਗਰ ਦਾ ਹੈ, ਜਿੱਥੇ ਵਸਨੀਕ ਲੰਬੇ ਸਮੇਂ ਤੋਂ ਪੀਣ ਵਾਲੇ ਪਾਣੀ ਅਤੇ ਸੀਵਰੇਜ ਦੀ ਗੰਭੀਰ ਸਮੱਸਿਆ ਦਾ ਸਾਹਮਣਾ ਕਰ ਰਹੇ ਹਨ।

ਮੁਹੱਲਾ ਵਾਸੀਆਂ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਇਲਾਕੇ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਬੰਦ ਪਈ ਹੈ। ਹਾਲਾਤ ਇਹ ਬਣ ਗਏ ਹਨ ਕਿ ਲੋਕਾਂ ਨੂੰ ਪੀਣ ਵਾਲੇ ਪਾਣੀ ਦੇ ਨਾਲ-ਨਾਲ ਨਹਾਉਣ ਅਤੇ ਘਰੇਲੂ ਵਰਤੋਂ ਲਈ ਵੀ ਪਾਣੀ ਖਰੀਦਣਾ ਪੈ ਰਿਹਾ ਹੈ। ਭਿਆਨਕ ਗਰਮੀ ਦੇ ਮੌਸਮ



ਵਿੱਚ ਪਾਣੀ ਦੀ ਘਾਟ ਨੇ ਲੋਕਾਂ ਦੀਆਂ ਮੁਸ਼ਕਿਲਾਂ ਹੋਰ ਵਧਾ ਦਿੱਤੀਆਂ ਹਨ।

ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਹੀ ਸੀਵਰੇਜ ਦੀ ਸਮੱਸਿਆ ਕਾਰਨ ਮੁਹੱਲੇ ਦੀਆਂ ਗਲੀਆਂ ਵਿੱਚ ਗੰਦਾ ਪਾਣੀ ਖੜ੍ਹਾ ਰਹਿੰਦਾ ਹੈ, ਜਿਸ ਨਾਲ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਹੁਣ ਪੀਣ ਵਾਲੇ ਪਾਣੀ ਦੀ ਸਮੱਸਿਆ ਨੇ ਉਨ੍ਹਾਂ ਦੀਆਂ ਦਿੱਕਤਾਂ ਹੋਰ ਵਧਾ ਦਿੱਤੀਆਂ ਹਨ। ਵਸਨੀਕਾਂ ਦਾ ਦੋਸ਼ ਹੈ ਕਿ ਕਈ ਵਾਰ ਸਬੰਧਤ ਵਿਭਾਗ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਇਸ ਸਬੰਧੀ ਜਾਣੂ ਕਰਵਾਇਆ ਗਿਆ, ਪਰ ਅਜੇ ਤੱਕ ਕੋਈ ਠੋਸ ਹੱਲ ਨਹੀਂ ਕੀਤਾ ਗਿਆ।

ਮੁਹੱਲਾ ਵਾਸੀਆਂ ਨੇ ਕਿਹਾ ਕਿ ਚੋਣਾਂ ਦੌਰਾਨ ਵਿਕਾਸ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਪਰ ਚੋਣਾਂ ਖਤਮ ਹੋਣ ਮਗਰੋਂ ਆਮ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾਂਦਾ। ਪਾਣੀ ਦੀ ਸਪਲਾਈ ਬੰਦ ਹੋਣ ਕਾਰਨ ਲੋਕਾਂ ਨੂੰ ਰੋਜ਼ਾਨਾ ਪਾਣੀ ਖਰੀਦਣਾ ਪੈ ਰਿਹਾ ਹੈ, ਜਿਸ ਨਾਲ ਗਰੀਬ ਅਤੇ ਮੱਧ ਵਰਗ ਦੇ ਪਰਿਵਾਰਾਂ 'ਤੇ ਵਾਧੂ ਆਰਥਿਕ ਬੋਝ ਪੈ ਰਿਹਾ ਹੈ।

ਮੁਹੱਲਾ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਸਮੱਸਿਆ ਦਾ ਜਲਦੀ ਸਥਾਈ ਹੱਲ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਸਾਫ਼ ਪੀਣ ਵਾਲਾ ਪਾਣੀ ਅਤੇ ਵਧੀਆ ਸੀਵਰੇਜ ਪ੍ਰਬੰਧ ਹਰ ਨਾਗਰਿਕ ਦਾ ਮੁੱਢਲਾ ਅਧਿਕਾਰ ਹੈ ਅਤੇ ਇਸ ਲਈ ਲੋਕਾਂ ਨੂੰ ਸੰਘਰਸ਼ ਕਰਨ ਲਈ ਮਜਬੂਰ ਨਹੀਂ ਹੋਣਾ ਚਾਹੀਦਾ।

### ਨਵੀਂ ਪਾਈਪ ਲਾਈਨ ਵਿਛਾਉਣ ਕਾਰਨ ਆਈ ਸਮੱਸਿਆ : ਈ.ਓ.

ਇਸ ਸਬੰਧੀ ਜਦੋਂ ਨਗਰ ਕੌਂਸਲ ਦੇ ਕਾਰਜਕਾਰੀ ਅਧਿਕਾਰੀ (ਈ.ਓ.) ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਇਲਾਕੇ ਵਿੱਚ ਨਵੀਂ ਪਾਈਪ ਲਾਈਨ ਵਿਛਾਉਣ ਦਾ ਕੰਮ ਚੱਲ ਰਿਹਾ ਹੈ। ਇਸ ਕਾਰਨ ਕੁਝ ਦਿਨਾਂ ਲਈ ਪੀਣ ਵਾਲੇ ਪਾਣੀ ਦੀ ਸਪਲਾਈ ਪ੍ਰਭਾਵਿਤ ਹੋਈ ਹੈ। ਉਨ੍ਹਾਂ ਕਿਹਾ ਕਿ ਕੰਮ ਮੁਕੰਮਲ ਹੁੰਦੇ ਹੀ ਪਾਣੀ ਦੀ ਸਪਲਾਈ ਮੁੜ ਸੁਚਾਰੂ ਕਰ ਦਿੱਤੀ ਜਾਵੇਗੀ ਅਤੇ ਲੋਕਾਂ ਦੀ ਸਮੱਸਿਆ ਦਾ ਜਲਦ ਹੱਲ ਕਰ ਦਿੱਤਾ ਜਾਵੇਗਾ।

ਫਿਲਹਾਲ ਸ੍ਰੀ ਗੁਰੂ ਰਵਿਦਾਸ ਨਗਰ ਦੇ ਵਸਨੀਕਾਂ ਦੀਆਂ ਨਜ਼ਰਾਂ ਪ੍ਰਸ਼ਾਸਨ ਦੀ ਕਾਰਵਾਈ 'ਤੇ ਟਿਕੀਆਂ ਹੋਈਆਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਸਾਲਾਂ ਤੋਂ ਚੱਲੀਆਂ ਆ ਰਹੀਆਂ ਸਮੱਸਿਆਵਾਂ ਦਾ ਹੁਣ ਪੱਕਾ ਹੱਲ ਹੋਣਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਨੂੰ ਨਰਕ ਭਰੀਆਂ ਸਥਿਤੀਆਂ ਵਿੱਚ ਜੀਵਨ ਬਤੀਤ ਨਾ ਕਰਨਾ ਪਵੇ।

# ਤੇਜ਼ ਝੱਖੜ ਨੇ ਕਈ ਦਰੱਖਤ ਡੇਗੇ, ਬਿਜਲੀ ਵੀ ਰਹੀ ਗੁਲ, ਹਲਕੀ ਬੂੰਦਾਬਾਂਦੀ ਨਾਲ ਲੋਕਾਂ ਨੂੰ ਅੱਤ ਦੀ ਗਰਮੀ ਤੋਂ ਮਿਲੀ ਰਾਹਤ



**ਤਪਾ ਮੰਡੀ, 12 ਜੂਨ (ਬੰਟੀ ਦੀਕਸ਼ਿਤ,ਮੇਸੀ ਤਪਾ):** ਤਪਾ ਖੇਤਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸ਼ਾਮ ਸਮੇਂ ਚੱਲੇ ਤੇਜ਼ ਝੱਖੜ ਨੇ ਕਾਫੀ ਨੁਕਸਾਨ ਪਹੁੰਚਾਇਆ। ਝੱਖੜ ਦੀ ਰਫ਼ਤਾਰ ਇੰਨੀ ਜ਼ਿਆਦਾ ਸੀ ਕਿ ਕਈ ਥਾਵਾਂ 'ਤੇ ਦਰੱਖਤ ਟੁੱਟ ਕੇ ਸੜਕਾਂ ਅਤੇ ਖੁੱਲ੍ਹੀਆਂ ਥਾਵਾਂ 'ਤੇ ਡਿੱਗ ਪਏ। ਹਾਲਾਂਕਿ ਇਸ ਘਟਨਾ ਦੌਰਾਨ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਦੀ ਕੋਈ ਸੂਚਨਾ ਨਹੀਂ ਮਿਲੀ।ਪ੍ਰਾਪਤ ਜਾਣਕਾਰੀ ਅਨੁਸਾਰ ਤਪਾ ਤੋਂ ਮਹਿਤਾ ਜਾਣ ਵਾਲੇ ਰਸਤੇ 'ਤੇ ਕਈ ਦਰੱਖਤ ਝੱਖੜ ਦੀ ਮਾਰ ਨਾ ਸਹਾਰ ਸਕੇ ਅਤੇ ਜ਼ਮੀਨ 'ਤੇ ਆ ਡਿੱਗੇ, ਜਿਸ ਕਾਰਨ ਕੁਝ ਸਮੇਂ ਲਈ ਆਵਾਜਾਈ ਵੀ ਪ੍ਰਭਾਵਿਤ ਹੋਈ। ਇਸ ਤੋਂ ਇਲਾਵਾ ਖੇਤਰ ਦੇ ਵੱਖ-ਵੱਖ ਪਿੰਡਾਂ ਅਤੇ ਸੜਕਾਂ ਦੇ ਕਿਨਾਰਿਆਂ 'ਤੇ ਖੜ੍ਹੇ ਕਈ ਵੱਡੇ ਅਤੇ ਪੁਰਾਣੇ ਦਰੱਖਤਾਂ ਨੂੰ ਵੀ ਨੁਕਸਾਨ ਪਹੁੰਚਿਆ।ਇਸ ਦੌਰਾਨ ਤਪਾ ਦੇ ਇਤਿਹਾਸਕ ਅਤੇ ਧਾਰਮਿਕ ਅਸਥਾਨ ਬਾਬਾ ਸਖਾਨੰਦ ਜੀ ਬਾਬਾ ਮੱਠ ਵਿਖੇ ਸਥਿਤ ਇੱਕ ਬਹੁਤ ਪੁਰਾਣਾ ਬਨ ਦਾ ਦਰੱਖਤ ਵੀ ਟੁੱਟ ਕੇ ਡਿੱਗ ਪਿਆ। ਖੁਸ਼ਕਿਸਮਤੀ ਨਾਲ ਉਸ ਸਮੇਂ ਤੇਜ਼ ਹਨੇਰੀ ਅਤੇ ਮੌਸਮ ਖ਼ਰਾਬ ਹੋਣ ਕਾਰਨ ਮੱਠ ਵਿੱਚ ਕੋਈ ਵੀ ਸ਼ਰਧਾਲੂ ਮੌਜੂਦ ਨਹੀਂ ਸੀ, ਜਿਸ ਕਰਕੇ ਵੱਡਾ ਹਾਦਸਾ ਟਲ ਗਿਆ। ਝੱਖੜ ਤੋਂ ਬਾਅਦ ਖੇਤਰ ਵਿੱਚ ਹਲਕੀ ਬੂੰਦਾਬਾਂਦੀ ਵੀ ਹੋਈ, ਜਿਸ ਨਾਲ ਕਈ ਦਿਨਾਂ ਤੋਂ ਪੈ ਰਹੀ ਅੱਤ ਦੀ ਗਰਮੀ ਤੋਂ ਲੋਕਾਂ ਨੂੰ ਕਾਫੀ ਰਾਹਤ ਮਿਲੀ।ਮੌਸਮ ਅਚਾਨਕ ਸੁਹਾਵਣਾ ਹੋ ਜਾਣ ਕਾਰਨ ਲੋਕਾਂ ਨੇ ਗਰਮੀ ਤੋਂ ਰਾਹਤ ਮਹਿਸੂਸ ਕੀਤੀ। ਲੋਕਾਂ ਦਾ ਕਹਿਣਾ ਹੈ ਕਿ ਭਾਵੇਂ ਝੱਖੜ ਕਾਰਨ ਦਰੱਖਤਾਂ ਨੂੰ ਨੁਕਸਾਨ ਹੋਇਆ ਹੈ ਪਰ ਮੀਂਹ ਅਤੇ ਠੰਡੀ ਹਵਾਵਾਂ ਨੇ ਗਰਮੀ ਤੋਂ ਰਾਹਤ ਦੇ ਕੇ ਮੌਸਮ ਨੂੰ ਖੁਸ਼ਗਵਾਰ ਬਣਾ ਦਿੱਤਾ।

# ਵਿਧਾਇਕ ਸੇਖੋਂ ਵੱਲੋਂ ਸਾਦਿਕ ਵਿਖੇ ਟਰੇਡ ਯੂਨੀਅਨ ਨਾਲ ਮੀਟਿੰਗ



**ਕੋਟਕਪੂਰਾ, 12 ਜੂਨ (ਟਿੰਕੂ ਕੁਮਾਰ)** ਜਿਲ੍ਹਾ ਟਰੇਡ ਯੂਨੀਅਨ ਦੀ ਮੀਟਿੰਗ ਹਲਕਾ ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਦੀ ਪ੍ਰਧਾਨਗੀ ਹੇਠ ਮਾਰਕੀਟ ਕਮੇਟੀ ਸਾਦਿਕ ਵਿਖੇ ਕੀਤੀ ਗਈ। ਮੀਟਿੰਗ ਦੌਰਾਨ ਵਪਾਰੀਆਂ ਨੂੰ ਦਰਪੇਸ਼ ਮੁਸ਼ਕਲਾਂ ਅਤੇ ਉਨ੍ਹਾਂ ਦੇ ਹੱਲ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਮੌਕੇ ਐਸ.ਡੀ.ਐਮ. ਫਰੀਦਕੋਟ ਪੁਨੀਤ ਸ਼ਰਮਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਵਿੱਚ ਵਪਾਰੀਆਂ ਵੱਲੋਂ ਆਪਣੀਆਂ ਸਮੱਸਿਆਵਾਂ ਸਬੰਧੀ ਜਾਣੂ ਕਰਵਾਇਆ ਗਿਆ, ਜਿਨ੍ਹਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਵਿਧਾਇਕ ਸੇਖੋਂ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਕਰਨ ਲਈ ਹਦਾਇਤਾਂ ਦਿੱਤੀਆਂ ਗਈਆਂ। ਉਨ੍ਹਾਂ ਭਰੋਸਾ ਦਿੱਤਾ ਕਿ ਵਪਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਿਆ ਜਾਵੇਗਾ ਅਤੇ ਪ੍ਰਬੰਧਾਂ ਨੂੰ ਹੋਰ ਸੁਚਾਰੂ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਵਿਧਾਇਕ ਸੇਖੋਂ ਨੇ ਕਿਹਾ ਕਿ ਵਪਾਰੀਆਂ ਦੀਆਂ ਮੁਸ਼ਕਲਾਂ ਦਾ ਹੱਲ ਕਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਅਤੇ ਪ੍ਰਸ਼ਾਸਨ ਵਿਚਾਲੇ ਆਪਸੀ ਤਾਲਮੇਲ ਨਾਲ ਹੀ ਵਪਾਰਕ ਮਾਹੌਲ ਨੂੰ ਹੋਰ ਮਜ਼ਬੂਤ ਬਣਾਇਆ ਜਾਵੇਗਾ। ਉਨ੍ਹਾਂ ਸਮੂਹ ਵਪਾਰੀਆਂ ਨੂੰ ਸਰਕਾਰ ਦੀਆਂ ਨੀਤੀਆਂ ਅਤੇ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਨਾਇਬ ਤਹਿਸੀਲਦਾਰ ਹਰਸ਼ਵੀਰ ਗੋਇਲ, ਡੀ.ਐਸ.ਪੀ. ਤਰਲੋਚਨ ਸਿੰਘ, ਚੇਅਰਮੈਨ ਗੁਰਪ੍ਰੀਤ ਸਿੰਘ ਸਿੱਧੂ, ਰਮਨਦੀਪ ਸਿੰਘ ਮੁਮਾਰਾ, ਜੈਦੇਵ ਸਿੰਘ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ, ਗੁਰਸੇਵਕ ਸਿੰਘ, ਇੰਸਪੈਕਟਰ ਪ੍ਰਤਾਪ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਟਰੇਡ ਕਮਿਸ਼ਨ ਦੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

# ਪ੍ਰੈਸ ਟਰੱਸਟ ਕੋਟਕਪੂਰਾ ਦੇ ਵਫ਼ਦ ਨੇ ਡਿਪਟੀ ਕਮਿਸ਼ਨਰ ਅਤੇ ਐੱਸਐੱਸਪੀ ਨਾਲ ਮੁਲਾਕਾਤ ਕੀਤੀ

## ਮੀਡੀਆ-ਪ੍ਰਸ਼ਾਸਨ ਤਾਲਮੇਲ, ਲੋਕ ਹਿਤ ਅਤੇ ਪੱਤਰਕਾਰ ਭਾਈਚਾਰੇ ਨਾਲ ਜੁੜੇ ਮੁੱਦਿਆਂ 'ਤੇ ਹੋਈ ਵਿਚਾਰ ਚਰਚਾ

**ਕੋਟਕਪੂਰਾ, 12 ਜੂਨ (ਟਿੰਕੂ ਕੁਮਾਰ)** ਪ੍ਰੈਸ ਟਰੱਸਟ ਕੋਟਕਪੂਰਾ ਦੇ ਪ੍ਰਧਾਨ ਸੁਭਾਸ਼ ਮਹਿਤਾ ਅਤੇ ਸਰਪ੍ਰਸਤ ਹਰਿੰਦਰ ਅਹੂਜਾ ਜਰਨਲ ਸਕੱਤਰ ਗੁਰਪ੍ਰੀਤ ਸਿੰਘ ਔਲਖ ਦੀ ਅਗਵਾਈ ਹੇਠ ਕਲੱਬ ਮੈਂਬਰਾਂ ਨੇ ਨਵੇਂ ਤਾਇਨਾਤ ਡਿਪਟੀ ਕਮਿਸ਼ਨਰ ਫਰੀਦਕੋਟ ਰਾਹੁਲ ਚਾਬਾ ਅਤੇ ਸੀਨੀਅਰ ਪੁਲਿਸ ਕਪਤਾਨ ਗੁਰਬੰਸ ਸਿੰਘ ਬੈਂਸ (ਪੀਪੀਐੱਸ) ਨਾਲ ਉਨ੍ਹਾਂ ਦੇ ਦਫ਼ਤਰਾਂ ਵਿੱਚ ਮੁਲਾਕਾਤ ਕੀਤੀ। ਇਸ ਮੌਕੇ ਵਫ਼ਦ ਵੱਲੋਂ ਦੋਵੇਂ ਅਧਿਕਾਰੀਆਂ ਨੂੰ ਗੁਲਦਸਤੇ ਭੇਂਟ ਕਰਕੇ ਨਵੀਂ ਜ਼ਿੰਮੇਵਾਰੀ ਸੰਭਾਲਣ ਲਈ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਮੁਲਾਕਾਤ ਦੌਰਾਨ ਪ੍ਰਧਾਨ ਸੁਭਾਸ਼ ਮਹਿਤਾ ਨੇ ਪ੍ਰੈਸ ਟਰੱਸਟ ਕੋਟਕਪੂਰਾ ਦੀਆਂ ਗਤੀਵਿਧੀਆਂ, ਉਦੇਸ਼ਾਂ ਅਤੇ ਪੱਤਰਕਾਰ ਭਾਈਚਾਰੇ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਪ੍ਰੈਸ ਟਰੱਸਟ ਕੋਟਕਪੂਰਾ ਲੰਬੇ ਸਮੇਂ ਤੋਂ ਪੱਤਰਕਾਰ ਭਾਈਚਾਰੇ ਦੇ ਹੱਕਾਂ, ਸਮਾਜਿਕ ਸਰੋਕਾਰਾਂ ਅਤੇ ਲੋਕ ਹਿਤ ਦੇ ਮੁੱਦਿਆਂ ਨੂੰ ਉਭਾਰਨ ਲਈ ਸਰਗਰਮ ਭੂਮਿਕਾ ਨਿਭਾ ਰਿਹਾ ਹੈ। ਇਸ ਮੌਕੇ ਮੀਡੀਆ ਅਤੇ ਪ੍ਰਸ਼ਾਸਨ ਵਿਚਕਾਰ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਬਣਾਉਣ, ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ, ਸਮਾਜਿਕ ਬੁਰਾਈਆਂ ਖ਼ਿਲਾਫ਼ ਜਾਗਰੂਕਤਾ ਪੈਦਾ ਕਰਨ ਅਤੇ ਜਨਤਾ ਦੀਆਂ ਸਮੱਸਿਆਵਾਂ ਨੂੰ ਪ੍ਰਮੁੱਖਤਾ ਨਾਲ





ਉਭਾਰਨ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਪ੍ਰਧਾਨ ਨੇ ਕਿਹਾ ਕਿ ਲੋਕਤੰਤਰ ਦੇ ਮਜ਼ਬੂਤ ਢਾਂਚੇ ਵਿੱਚ ਮੀਡੀਆ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਪੱਤਰਕਾਰਤਾ ਅਤੇ ਪ੍ਰਸ਼ਾਸਨ ਵਿਚਕਾਰ ਸਕਾਰਾਤਮਕ ਤਾਲਮੇਲ ਰਾਹੀਂ ਆਮ ਲੋਕਾਂ ਤੱਕ ਸਹੀ, ਨਿਰਪੱਖ ਅਤੇ ਭਰੋਸੇਯੋਗ ਜਾਣਕਾਰੀ ਪਹੁੰਚਾਈ ਜਾ ਸਕਦੀ ਹੈ, ਜਿਸ ਨਾਲ ਸਮਾਜ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਹੋਰ ਬਲ ਮਿਲਦਾ ਹੈ। ਡਿਪਟੀ ਕਮਿਸ਼ਨਰ ਰਾਹੁਲ ਚਾਬਾ ਅਤੇ ਐੱਸਐੱਸਪੀ ਗੁਰਬੰਸ ਸਿੰਘ ਬੈਂਸ ਨੇ ਵੀ ਪ੍ਰੈਸ ਟਰੱਸਟ ਦੇ ਮੈਂਬਰਾਂ ਨਾਲ ਖੁੱਲ੍ਹ ਕੇ ਵਿਚਾਰ ਸਾਂਝੇ ਕੀਤੇ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਉਠਾਏ ਗਏ ਮੁੱਦਿਆਂ ਅਤੇ ਸੁਝਾਵਾਂ ਨੂੰ ਧਿਆਨਪੂਰਵਕ ਸੁਣਿਆ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਹਮੇਸ਼ਾ ਲੋਕ ਹਿਤ ਅਤੇ ਵਿਕਾਸ ਦੇ ਕੰਮਾਂ ਲਈ ਵਚਨਬੱਧ ਹੈ ਅਤੇ ਮੀਡੀਆ ਨਾਲ ਮਿਲ ਕੇ ਜਨਤਾ ਦੀਆਂ ਸਮੱਸਿਆਵਾਂ ਦੇ ਹੱਲ ਲਈ ਯਤਨ ਜਾਰੀ ਰੱਖੇ ਜਾਣਗੇ। ਉਨ੍ਹਾਂ ਭਰੋਸਾ ਦਿੱਤਾ ਕਿ ਪ੍ਰੈਸ ਅਤੇ ਪ੍ਰਸ਼ਾਸਨ ਵਿਚਕਾਰ ਸਿਹਤਮੰਦ ਸੰਵਾਦ ਅਤੇ ਸਹਿਯੋਗ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਤਾਂ ਜੋ ਸਰਕਾਰੀ ਯੋਜਨਾਵਾਂ ਅਤੇ ਲੋਕ ਭਲਾਈ ਦੇ ਕਾਰਜਾਂ ਦੀ ਜਾਣਕਾਰੀ ਆਮ ਲੋਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚ ਸਕੇ। ਇਸ ਮੌਕੇ ਪ੍ਰੈਸ ਟਰੱਸਟ ਕੋਟਕਪੂਰਾ ਦੇ ਜਰਨਲ ਸਕੱਤਰ ਗੁਰਪ੍ਰੀਤ ਸਿੰਘ ਔਲਖ, ਮੈਂਬਰ ਦੀਪਕ ਮਹਿਤਾ, ਵੀ.ਪੀ. ਸਿੰਘ, ਬਲਜਿੰਦਰ ਬੱਲੀ, ਜਸਵਿੰਦਰ ਜੱਸੀ, ਜਗਦੀਸ਼ ਟਿੰਕਾ ਅਤੇ ਸ਼ਾਮ ਸੁੰਦਰ ਅਰੋੜਾ ਵੀ ਹਾਜ਼ਰ ਸਨ। ਮੁਲਾਕਾਤ ਦੇ ਅੰਤ ਵਿੱਚ ਪ੍ਰੈਸ ਅਤੇ ਪ੍ਰਸ਼ਾਸਨ ਵਿਚਕਾਰ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਲੋਕ ਹਿਤ ਦੇ ਮੁੱਦਿਆਂ ਲਈ ਮਿਲ ਕੇ ਕੰਮ ਕਰਨ ਦੀ ਵਚਨਬੱਧਤਾ ਪ੍ਰਗਟ ਕੀਤੀ ਗਈ।

# ਕੋਟਕਪੂਰਾ ਹਰੀਨੌਂ ਰੋਡ ਦੀ ਸੜਕ ਹਾਲਤ ਗੰਭੀਰ, ਬਾਰਿਸ਼ ਅਤੇ ਗੰਦੇ ਪਾਣੀ ਦਾ ਬਣਿਆ ਤਲਾਬ

## ਚਾਰ ਵਾਰਡਾਂ ਦੀ ਲਾਈਫਲਾਈਨ ਸੜਕ ਸਾਲਾਂ ਤੋਂ ਅਣਦੇਖੀ, ਲੋਕਾਂ ਵਿੱਚ ਸਖਤ ਰੋਸ



**ਕੋਟਕਪੂਰਾ, 12 ਜੂਨ (ਟਿੰਕੂ ਕੁਮਾਰ)** ਸਥਾਨਕ ਸ਼ਹਿਰ ਦੇ ਹਰੀਨੌਂ ਰੋਡ ਦੀ ਹਾਲਤ ਖਸਤਾ ਤੋਂ ਚੁੱਕੀ ਹੈ, ਜਦੋਂ ਹਲਕੀ ਬਾਰਿਸ ਪੈਂਦੀ ਤਾਂ ਇਸ ਸੜਕ ਇਹ ਪੂਰੀ ਤਰ੍ਹਾਂ ਪਾਣੀ ਨਾਲ ਭਰ ਜਾਂਦੀ ਹੈ ਅਤੇ ਇਹ ਰਸਤਾ ਸੜਕ ਨਹੀਂ, ਬਲਕਿ ਗੰਦੇ ਪਾਣੀ ਦਾ ਤਲਾਬ ਬਣ ਕੇ ਰਹਿ ਜਾਂਦਾ ਹੈ। ਇਹ ਸੜਕ ਰੇਲਵੇ ਫਾਟਕ ਦੇ ਨੇੜੇ ਸਥਿਤ ਹੋਣ ਕਾਰਨ ਬਹੁਤ ਹੀ ਭੀੜ ਭੜੱਕੇ ਵਾਲਾ ਰਸਤਾ ਹੈ ਅਤੇ ਵਾਰਡ ਨੰਬਰ 19, 20, 21 ਅਤੇ 22 ਨੂੰ ਜੋੜਦੀ ਮੁੱਖ ਲਾਈਫਲਾਈਨ ਹੈ। ਇਸ ਦੇ ਨਾਲ ਹੀ ਇਸ ਰਸਤੇ 'ਤੇ ਕਈ ਧਾਰਮਿਕ ਅਸਥਾਨ, ਮੰਦਰ-ਗੁਰਦੁਆਰੇ ਅਤੇ ਸਕੂਲ ਸਥਿਤ ਹਨ, ਜਿਸ ਕਰਕੇ ਹਰ ਰੋਜ਼ ਵੱਡੀ ਗਿਣਤੀ ਵਿੱਚ ਲੋਕ, ਬੱਚੇ ਅਤੇ ਬਜ਼ੁਰਗ ਇੱਥੋਂ ਗੁਜ਼ਰਦੇ ਹਨ ਪਰ ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਪਿਛਲੀ ਕਾਂਗਰਸੀ ਨਗਰ ਕੌਂਸਲ (2021-2026) ਦੇ ਕਾਰਜਕਾਲ ਦੌਰਾਨ ਇਸ ਸੜਕ ਦੀ ਮੁਰੰਮਤ ਅਤੇ ਡਰੇਨਜ ਸਿਸਟਮ ਵੱਲ ਪੂਰੀ ਤਰ੍ਹਾਂ ਅਣਦੇਖੀ ਕੀਤੀ ਗਈ। ਲੋਕਾਂ ਦਾ ਦੋਸ਼ ਹੈ ਕਿ ਕਈ ਵਾਰ ਸ਼ਿਕਾਇਤਾਂ ਦੇ ਬਾਵਜੂਦ ਨਾ ਤਾਂ ਪਾਣੀ ਨਿਕਾਸੀ ਦੀ ਕੋਈ ਪੱਕੀ ਯੋਜਨਾ ਬਣਾਈ ਗਈ ਅਤੇ ਨਾ ਹੀ ਸੜਕ ਦੀ ਮੁਰੰਮਤ ਕਰਵਾਈ ਗਈ। ਨਤੀਜੇ ਵਜੋਂ ਅੱਜ ਹਾਲਾਤ ਇਹ ਬਣ ਗਏ ਹਨ ਕਿ ਬਾਰਿਸ਼ ਦੌਰਾਨ ਪੈਦਲ ਯਾਤਰੀਆਂ ਨੂੰ ਗੰਦੇ ਪਾਣੀ ਵਿੱਚੋਂ ਲੰਘਣਾ ਪੈਂਦਾ ਹੈ, ਜਦਕਿ ਦੋਪਹੀਆ ਵਾਹਨ ਅਕਸਰ ਫਿਸਲ ਕੇ ਹਾਦਸਿਆਂ ਦਾ ਸ਼ਿਕਾਰ ਹੋ ਜਾਂਦੇ ਹਨ। ਇਲਾਕੇ ਦੇ ਦੁਕਾਨਦਾਰਾਂ ਨੂੰ ਵੀ ਭਾਰੀ ਨੁਕਸਾਨ ਝੱਲਣਾ ਪੈ ਰਿਹਾ ਹੈ, ਕਿਉਂਕਿ ਪਾਣੀ ਭਰਨ ਕਾਰਨ ਗਾਹਕ ਆਉਣਾ ਘੱਟ ਗਿਆ ਹੈ। ਲੋਕਾਂ ਵਿੱਚ ਇਸ ਹਾਲਤ ਨੂੰ ਲੈ ਕੇ ਗੰਭੀਰ ਰੋਸ ਪਾਇਆ ਜਾ ਰਿਹਾ ਹੈ। ਇਲਾਕਾ ਨਿਵਾਸੀਆਂ ਨੇ ਕਿਹਾ ਕਿ ਇਹ ਕੋਈ ਨਵੀਂ ਸਮੱਸਿਆ ਨਹੀਂ, ਸਗੋਂ ਸਾਲਾਂ ਤੋਂ ਚੱਲਦੀ ਆ ਰਹੀ ਲਾਪ੍ਰਵਾਹੀ ਦਾ ਨਤੀਜਾ ਹੈ ਪਰ ਪਿਛਲੇ ਪ੍ਰਸ਼ਾਸਨ ਨੇ ਇਸ ਨੂੰ ਹੱਲ ਕਰਨ ਦੀ ਥਾਂ ਅਣਦੇਖਾ ਕੀਤਾ। ਹੁਣ ਨਵੀਂ ਨਗਰ ਕੌਂਸਲ ਤੋਂ ਇਲਾਕਾ ਨਿਵਾਸੀਆਂ ਦੀਆਂ ਉਮੀਦਾਂ ਕਾਫੀ ਵੱਧ ਗਈਆਂ ਹਨ। ਲੋਕਾਂ ਨੇ ਮੰਗ ਕੀਤੀ ਹੈ ਕਿ ਹਰੀਨੌਂ ਰੋਡ ਦੀ ਤੁਰਤ ਡਰੇਨਜ ਯੋਜਨਾ ਬਣਾਉਣ, ਸੜਕ ਦੀ ਨਵੀਂ ਮੁਰੰਮਤ ਕਰਨ ਅਤੇ ਪਾਣੀ ਖੜ੍ਹਨ ਦੀ ਸਮੱਸਿਆ ਦਾ ਪੱਕਾ ਹੱਲ ਕੀਤਾ ਜਾਵੇ ਤਾਂ ਜੋ ਹਰ ਰੋਜ਼ ਦੀ ਪ੍ਰੇਸ਼ਾਨੀ ਤੋਂ ਰਾਹਤ ਮਿਲ ਸਕੇ।

# ਸਪੀਕਰ ਸੰਧਵਾਂ ਨੇ ਪਿੰਡ ਪੱਕਾ ਨੰਬਰ 3 ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਨੂੰ ਰਵਾਨਾ ਕੀਤਾ



**ਕੋਟਕਪੂਰਾ, 12 ਜੂਨ (ਟਿੰਕੂ ਕੁਮਾਰ)** ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪਿੰਡ ਪੱਕਾ ਨੰਬਰ 3 ਵਿਖੇ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਲੋਕਾਂ ਨੂੰ ਦੇਸ਼ ਦੇ ਪ੍ਰਮੁੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਇੱਕ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਰਾਹੀਂ ਬਜ਼ੁਰਗਾਂ ਅਤੇ ਹੋਰ ਸ਼ਰਧਾਲੂਆਂ ਨੂੰ ਮੁਫ਼ਤ ਤੀਰਥ ਯਾਤਰਾ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਦਾ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ। ਸਪੀਕਰ ਸੰਧਵਾਂ ਨੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ ਅਤੇ ਮੰਗਲਮਈ ਯਾਤਰਾ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਲਈ ਵਚਨਬੱਧ ਹੈ ਅਤੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸ ਮੌਕੇ ਸੀਪਾ ਸਰਪੰਚ, ਗੁਰਸੇਵਕ ਸਿੰਘ ਸਰਪੰਚ, ਮਲਕੀਤ ਸਿੰਘ ਸਰਪੰਚ, ਲਵਪ੍ਰੀਤ ਸਿੰਘ, ਲਾਡੀ ਢੁੱਡੀ, ਜਲੌਰ ਸਿੰਘ ਸਰਪੰਚ, ਜਸਵਿੰਦਰ ਸਿੰਘ ਢੁੱਡੀ, ਮੈਂਬਰ ਸੰਦੀਪ ਕੁਮਾਰ, ਮੈਂਬਰ ਗੁਰਵਿੰਦਰ ਸਿੰਘ, ਮੈਂਬਰ ਬਲਵੀਰ ਸਿੰਘ, ਮੈਂਬਰ ਰਾਮ ਸਿੰਘ, ਮੈਂਬਰ ਗੁਰਸੇਵਕ ਸਿੰਘ, ਮੈਂਬਰ ਹਰਜਿੰਦਰ ਸਿੰਘ, ਮੰਦਰ ਸਿੰਘ, ਡਾ ਗੁਰਚਰਨ ਸਿੰਘ ਸਾਬਕਾ ਮੈਂਬਰ, ਗੁਰਦੀਪ ਸਿੰਘ ਰਾਜੂ ਨੰਬਰਦਾਰ, ਬਲਜੀਤ ਸਿੰਘ ਸਾਬਕਾ ਮੈਂਬਰ, ਦਰਸਨ ਸਿੰਘ, ਬਸੰਤ ਸਿੰਘ ਫੌਜੀ ਗੁਰਦੁਆਰਾ ਕਮੇਟੀ ਪ੍ਰਧਾਨ, ਲਖਵੀਰ ਸਿੰਘ ਗੁਰਮੀਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਗੱਜੂਮਾਜਰਾ ਦੀ ਸ਼ਮਸ਼ਾਨਘਾਟ ਦੇ ਵਿਕਾਸ ਲਈ ਚੇਅਰਮੈਨ ਗੱਜੂਮਾਜਰਾ ਨੇ, ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ੍ਰੀ ਮਹਿਤਾ ਨੂੰ ਦਿੱਤਾ ਮੰਗ ਪੱਤਰ

**ਸਮਾਣਾ, 12 ਜੂਨ (ਹਰਜਿੰਦਰ ਸਿੰਘ)** ਮਾਰਕੀਟ ਕਮੇਟੀ ਸਮਾਣਾ ਦੇ ਚੇਅਰਮੈਨ ਸਰਦਾਰ ਬਲਕਾਰ ਸਿੰਘ ਗੱਜੂਮਾਜਰਾ ਨੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਸ੍ਰੀ ਤਜਿੰਦਰ ਮਹਿਤਾ ਨਾਲ ਮੁਲਾਕਾਤ ਕਰਕੇ ਪਿੰਡ ਗੱਜੂਮਾਜਰਾ ਦੀ ਸ਼ਮਸ਼ਾਨਘਾਟ ਦੇ ਉਸਾਰੀ ਅਤੇ ਵਿਕਾਸ ਕਾਰਜਾਂ ਲਈ ਮੰਗ ਪੱਤਰ ਸੌਂਪਿਆ।

ਇਸ ਮੌਕੇ ਸ. ਬਲਕਾਰ ਸਿੰਘ ਗੱਜੂਮਾਜਰਾ ਨੇ ਕਿਹਾ ਕਿ ਪਿੰਡ ਦੀ ਸ਼ਮਸ਼ਾਨਘਾਟ ਦੇ ਸੁਧਾਰ ਅਤੇ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਦੀ ਲੰਬੇ ਸਮੇਂ ਤੋਂ ਲੋੜ ਮਹਿਸੂਸ ਕੀਤੀ ਜਾ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਜਲਦ ਤੋਂ ਜਲਦ ਲੋੜੀਂਦੇ ਫੰਡ ਜਾਰੀ ਕਰਕੇ ਉਸਾਰੀ ਕਾਰਜ ਸ਼ੁਰੂ ਕਰਵਾਏ ਜਾਣ।

ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ. ਤਜਿੰਦਰ ਮਹਿਤਾ ਨੇ ਮੰਗ ਪੱਤਰ ਪ੍ਰਾਪਤ ਕਰਦਿਆਂ ਭਰੋਸਾ ਦਿੱਤਾ ਕਿ ਪਿੰਡ ਗੱਜੂਮਾਜਰਾ ਵਾਸੀਆਂ ਦੀ ਇਸ ਮੰਗ ਨੂੰ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਜਾਵੇਗਾ।



# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਤੇਜ਼ ਕਰਨ ਲਈ ਵਿਧਾਇਕ ਲਾਭ ਸਿੰਘ ਉਗੋਕੇ ਵੱਲੋਂ ਅਧਿਕਾਰੀਆਂ ਨੂੰ ਨਿਰਦੇਸ਼





**ਤਪਾ ਮੰਡੀ, 12 ਜੂਨ (ਬੰਟੀ ਦੀਕਸ਼ਿਤ, ਮੇਸੀ ਤਪਾ):** ਵਿਧਾਨ ਸਭਾ ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉਗੋਕੇ ਨੇ ਅੱਗਰਵਾਲ ਧਰਮਸ਼ਾਲਾ ਤਪਾ ਵਿਖੇ ਸਬ-ਡਵੀਜ਼ਨ ਤਪਾ ਦੇ ਅਧਿਕਾਰੀਆਂ ਅਤੇ ਪਾਰਟੀ ਵਰਕਰਾਂ ਨਾਲ ਬੈਠਕ ਦੌਰਾਨ ਵੱਖ-ਵੱਖ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਪੰਜਾਬ ਸਰਕਾਰ ਵੱਲੋਂ ਸਮਾਜ ਵਿਚੋਂ ਨਸ਼ਿਆਂ ਦੇ ਸੰਕਟ ਨੂੰ ਖਤਮ ਕਰਨ ਲਈ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਦਾ ਪੂਰੀ ਤਰ੍ਹਾਂ ਸਫਾਇਆ ਕਰਨ ਲਈ ਯਤਨ ਹੋਰ ਤੇਜ਼ ਕੀਤੇ ਜਾਣ।ਪੰਜਾਬ ਸਰਕਾਰ ਦੇ ਵਿਕਾਸ ਪ੍ਰਾਜੈਕਟਾਂ ਅਤੇ ਲੋਕ ਭਲਾਈ ਯੋਜਨਾਵਾਂ ਦੀ ਸਮੀਖਿਆ ਲਈ ਆਯੋਜਿਤ ਇਸ ਬੈਠਕ ਵਿੱਚ ਸਬ-ਡਵੀਜ਼ਨ ਤਪਾ ਦੇ ਉਪ ਕਪਤਾਨ ਜਸਕਰਨ ਸਿੰਘ ਬਰਾੜ, ਥਾਣਾ ਤਪਾ ਦੇ ਮੁੱਖੀ ਨਵਦੀਪ ਕੌਰ ਚਾਹਲ, ਥਾਣਾ ਰੂੜੇਕੇ ਕਲਾਂ ਦੇ ਮੁੱਖੀ ਬਲਵਿੰਦਰ ਸਿੰਘ, ਥਾਣਾ ਸ਼ਹਿਣਾ ਦੀ ਮੁੱਖੀ ਰੈਣੂ ਪਰੋਚਾ, ਥਾਣੇਦਾਰ ਗੁਰਵਿੰਦਰ ਸਿੰਘ, ਚੌਂਕੀ ਇੰਚਾਰਜ ਤਪਾ ਬਲਜੀਤ ਸਿੰਘ ਢਿੱਲੋਂ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਆਗੂ ਅਤੇ ਸੀਨੀਅਰ ਵਕੀਲ ਗੁਰਪ੍ਰੀਤ ਸਿੰਘ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।ਬੈਠਕ ਦੀ ਪ੍ਰਧਾਨਗੀ ਕਰਦਿਆਂ ਵਿਧਾਇਕ ਲਾਭ ਸਿੰਘ ਉਗੋਕੇ ਨੇ ਪੁਲਿਸ ਅਤੇ ਸਿਹਤ ਵਿਭਾਗਾਂ ਨੂੰ ਨਸ਼ਿਆਂ ਦੀ ਸਪਲਾਈ ਅਤੇ ਡਿਮਾਂਡ ਦੋਵਾਂ ਨੂੰ ਖਤਮ ਕਰਨ ਲਈ ਬਹੁ-ਪੱਖੀ ਰਣਨੀਤੀ ਅਪਣਾਉਣ ਲਈ ਕਿਹਾ।ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਚੱਲ ਰਹੀ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ ਸਾਰੇ ਵਿਭਾਗਾਂ ਦੇ ਆਪਸੀ ਤਾਲਮੇਲ ਅਤੇ ਭਾਈਵਾਲੀ ਦੀ ਬਹੁਤ ਲੋੜ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਸ਼ਾ ਤਸਕਰੀ ਵਿੱਚ ਸ਼ਾਮਲ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਜਾਗਰੂਕਤਾ ਮੁਹਿੰਮਾਂ ਨੂੰ ਵੀ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਜਾਵੇ।ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਵਿਚ ਚੁਣੇ ਗਏ ਪ੍ਰਤੀਨਿਧੀਆਂ ਅਤੇ ਆਮ ਲੋਕਾਂ ਨੂੰ ਵੀ ਸ਼ਾਮਲ ਕਰਕੇ ਇਸ ਨੂੰ ਲੋਕ ਮੁਹਿੰਮ ਬਣਾਇਆ ਜਾਵੇ। ਇਸ ਮੌਕੇ ਮਾਰਕਿਟ ਕਮੇਟੀ ਤਪਾ ਦੇ ਚੇਅਰਮੈਂਨ ਤਰਸੇਮ ਸਿੰਘ ਕਾਹਨੇਕੇ, ਚੇਅਰਮੈਨ ਗੁਰਪ੍ਰੀਤ ਸਿੰਘ, ਸਰਪੰਚ ਹਰਵਿੰਦਰ ਸਿੰਘ ਬਿੰਦਰ ਢਿੱਲਵਾਂ, ਕੌਂਸਲਰ ਹੈਪੀ ਸਿੰਘ, ਕੌਂਸਲਰ ਬਲਜੀਤ ਸਿੰਘ ਬਾਸੀ, ਕੌਂਸਲਰ ਧਰਮਪਾਲ ਸਰਮਾ, ਜਿਲਾ ਪ੍ਰਧਾਨ ਸਕਿੰਦਰ ਸਿੰਘ ਸਰਾਫ, ਪ੍ਰਧਾਨ ਜਸਵਿੰਦਰ ਸਿੰਘ ਚੱਠਾ, ਕੌਂਸਲਰ ਮੁਨੀਸ ਕੁਮਾਰ, ਕਿਸੋਰ ਬਾਵਾ ,ਕਾਰਜ ਅਫਸਰ ਹਰਪ੍ਰੀਤ ਸਿੰਘ, ਨਗਰ ਕੌਂਸਲਰ ਤੋਂ ਗੁਰਦੀਪ ਬਰਾੜ, ਜਗਤਾਰ ਤਾਰੀ, ਨਗਰ ਕੌਂਸਲ ਦੇ ਸਾਬਕਾ ਮੀਤ ਪ੍ਰਧਾਨ ਰਿਸੂ ਰੰਗੀ ਦੇ ਪਤੀ ਸਮਾਜਸੇਵੀ ਅਰਵਿੰਦ ਰੰਗੀ, ਇੰਦਰਜੀਤ ਸਿੰਘ ਛੰਨਾ, ਅਮਨਦੀਪ ਅਮਨਾ, ਹੈਰੀ ਧੂਰਕੋਟ ਨਿੱਜੀ ਸਹਾਇਕ ਤੋ ਇਲਾਵਾ ਨਾਇਬ ਤਹਿਸੀਲਦਾਰ, ਪ੍ਰਸ਼ਾਸਨ ਅਧਿਕਾਰੀ ਕਰਮਚਾਰੀ ਹੋਰ ਵੀ ਸਨ।

# ਸਪੀਕਰ ਸੰਧਵਾਂ ਨੇ ਸੜਕ ਹਾਦਸੇ ਦੇ ਜ਼ਖਮੀਆਂ ਦਾ ਹਾਲ-ਚਾਲ ਜਾਣਿਆ



**ਕੋਟਕਪੂਰਾ, 12 ਜੂਨ (ਟਿੰਕੂ ਕੁਮਾਰ)** ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਬੀਤੇ ਦਿਨ ਫਰੀਦਕੋਟ ਵਿਖੇ ਵਾਪਰੇ ਦੁਖਦਾਈ ਸੜਕ ਹਾਦਸੇ ਵਿੱਚ ਜ਼ਖਮੀ ਹੋਏ ਵਿਅਕਤੀਆਂ ਦਾ ਹਾਲ-ਚਾਲ ਜਾਣਨ ਲਈ ਬੀਤੀ ਸ਼ਾਮ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫਰੀਦਕੋਟ ਦਾ ਦੌਰਾ ਕੀਤਾ। ਸਪੀਕਰ ਸੰਧਵਾਂ ਨੇ ਹਸਪਤਾਲ ਵਿੱਚ ਦਾਖਲ ਜ਼ਖਮੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਸਿਹਤ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਉਨ੍ਹਾਂ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ। ਉਨ੍ਹਾਂ ਜ਼ਖਮੀਆਂ ਦੇ ਪਰਿਵਾਰਕ ਮੈਂਬਰਾਂ ਨੂੰ ਹੌਸਲਾ ਦਿੰਦਿਆਂ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਇਸ ਮੌਕੇ ਉਨ੍ਹਾ ਹੋਰ ਮਰੀਜਾਂ ਦਾ ਵੀ ਹਾਲ-ਚਾਲ ਜਾਣਿਆ। ਇਸ ਮੌਕੇ ਸਪੀਕਰ ਸੰਧਵਾਂ ਨੇ ਸੜਕ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਵਿਅਕਤੀਆਂ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਇਹ ਘਟਨਾ ਬਹੁਤ ਹੀ ਦੁਖਦਾਈ ਹੈ। ਉਨ੍ਹਾਂ ਵਿਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਅਤੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਲਈ ਅਰਦਾਸ ਕੀਤੀ। ਸਪੀਕਰ ਸੰਧਵਾਂ ਨੇ ਹਸਪਤਾਲ ਦੇ ਡਾਕਟਰਾਂ ਅਤੇ ਸਿਹਤ ਅਧਿਕਾਰੀਆਂ ਤੋਂ ਜ਼ਖਮੀਆਂ ਦੇ ਇਲਾਜ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਵੀ ਪ੍ਰਾਪਤ ਕੀਤੀ ਅਤੇ ਉਨ੍ਹਾਂ ਨੂੰ ਜ਼ਖਮੀਆਂ ਦੇ ਬਿਹਤਰ ਇਲਾਜ ਲਈ ਲੋੜੀਂਦੇ ਸਾਰੇ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ।

# ਪੰਜਾਬ ਵਿੱਚ ਉਚੇਰੀ ਸਿੱਖਿਆ: ਸਥਿਤੀ ਅਤੇ ਸੰਭਾਵਨਾਵਾਂ

ਦੇਸ਼ ਦਾ ਵਿਕਾਸ, ਸਿਹਤ ਅਤੇ ਸਮਾਜਿਕ ਵਿਵਸਥਾ 'ਸਿੱਖਿਆ' ਦੇ ਚੰਗੇ ਪਸਾਰ ਤੇ ਨਿਰਭਰ ਕਰਦੇ ਹਨ।ਸਿੱਖਿਆ ਤੋਂ ਭਾਵ ਉਹ ਜਾਣਕਾਰੀਆਂ ਦਾ ਸੰਗ੍ਰਹਿ ਜੋ ਸਹੀ ਨੂੰ ਸਹੀ ਤੇ ਗਲਤ ਨੂੰ ਗਲਤ ਸਾਬਿਤ ਕਰਨ ਦੀ ਸਮਰੱਥਾ ਨੂੰ ਵਿਕਸਿਤ ਕਰਦਾ ਹੈ।ਸਿੱਖਿਆ ਨਿਆਂਕਾਰੀ ਵਿਵਸਥਾ ਦੀ ਚੂਲ ਹੈ।ਇਹ ਅਨਿਆਂ ਦਾ ਵਿਰੋਧ ਕਰਨ ਅਤੇ ਬਰਾਬਰੀ ਲਈ ਹੌਂਸਲਾ, ਤਰਕ ਤੇ ਸੰਵੇਦਨਾਵਾਂ ਪੈਦਾ ਕਰਨ ਦੀ ਸੰਭਾਵਨਾ ਰੱਖਦੀ ਹੈ।ਸਿੱਖਿਆ ਇਨਸਾਨਾਂ ਨੂੰ ਮੁਸ਼ਕਿਲਾਂ ਅੱਗੇ ਖਲੋਣ, ਜੂਝਣ ਤੇ ਜਿੱਤਣ ਦੇ ਕਾਬਿਲ ਬਣਾਉਂਦੀ ਹੈ।ਇੱਕ ਸਿੱਖਿਅਤ ਵਿਅਕਤੀ ਅਨਪੜ੍ਹਾਂ ਦੇ ਮੁਕਾਬਲੇ ਸਿਆਣਾ ਅਤੇ ਸਮੇਂ ਦੇ ਹਾਣ ਦਾ ਹੁੰਦਾ ਹੈ।ਸਿੱਖਿਆ ਸਾਨੂੰ ਪੜ੍ਹਾਈ ਅਤੇ ਵਿੱਦਿਆ ਦੇ ਰੂਪ ਵਿੱਚ ਸੋਝੀ ਜਾਂ ਗਿਆਨ ਰੂਪੀ ਚਾਨਣ ਬਖ਼ਸ਼ਦੀ ਹੈ, ਜੋ ਮਨੁੱਖੀ ਸਮਾਜਾਂ ਵਿੱਚੋਂ ਅਗਿਆਨਤਾ ਨੂੰ ਦੂਰ ਕਰਕੇ ਗਿਆਨ ਦੇ ਚਾਨਣ ਨਾਲ ਰੁਸ਼ਨਾਉਣ ਦੀ ਸਮਰੱਥਾ ਰੱਖਦੀ ਹੈ।ਪੰਜਾਬ ਗੁਰੂਆਂ, ਪੀਰਾਂ ਤੇ ਪੈਗੰਬਰਾਂ ਦੀ ਧਰਤੀ ਹੈ ਜਿਨ੍ਹਾਂ ਨੇ ਵਿੱਦਿਆ ਨੂੰ ਮਨੁੱਖ ਦੇ ਤੀਸਰਾ ਨੇਤਰ ਦਾ ਦਰਜਾ ਦੇ ਕੇ ਵਿੱਦਿਆ ਦੁਆਰਾ ਗ੍ਰਹਿਣ ਕੀਤੀ ਜਾਂਦੀ ਸੂਝ-ਬੂਝ, ਤਰਕ ਦ੍ਰਿਸ਼ਟੀ ਅਤੇ ਵਿਗਿਆਨਿਕ ਸੋਚ ਵਿਕਸਿਤ ਕਰਨ ਵੱਲ ਇਸ਼ਾਰਾ ਕੀਤਾ ਹੈ।ਜਦੋਂ ਅਸੀਂ ਮਨੁੱਖੀ ਇਤਿਹਾਸ ਦੇ ਪਿਛੋਕੜ ਵੱਲ ਨਜ਼ਰ ਮਾਰਦੇ ਹਾਂ ਤਾਂ ਭਾਰਤ ਵਿੱਚ ਉਚੇਰੀ ਸਿੱਖਿਆ ਅਤੇ ਗਿਆਨ ਵੈਦਿਕ ਕਾਲ ਵਿੱਚ ਰਿਸ਼ੀਆਂ ਅਤੇ ਪੰਡਤਾਂ ਦੁਆਰਾ ਪ੍ਰਦਾਨ ਕੀਤੇ ਜਾਣ ਦੇ ਸੰਕੇਤ ਮਿਲਦੇ ਹਨ।ਸਾਨੂੰ ਇਹ ਵੀ ਪਤਾ ਲੱਗਦਾ ਹੈ ਕਿ ਸਿੱਖਿਆ ਦੀ ਮੁੱਢਲੀ ਗੁਰੂਕੁਲ ਪ੍ਰਣਾਲੀ ਵੈਦਿਕ ਅਤੇ ਉਪਨਿਸ਼ਦ ਕਾਲ ਵਿੱਚ ਪ੍ਰਫੁਲਿਤ ਹੋਈ।ਇਸੇ ਤਰ੍ਹਾਂ ਉਚੇਰੀ ਸਿੱਖਿਆ ਪ੍ਰਦਾਨ ਕਰਨ ਵਾਲੀ ਪਹਿਲੀ ਯੂਨੀਵਰਸਿਟੀ 6ਵੀਂ ਸਦੀ ਈਸਾ ਪੂਰਵ ਵਿੱਚ ਟੈਕਸਿਲਾ ਵਿਖੇ ਸਥਾਪਿਤ ਹੋਈ ਨਾਲੰਦਾ ਯੂਨੀਵਰਸਿਟੀ ਦੇ ਚੌਥੀ ਸਦੀ ਵਿੱਚ ਸਥਾਪਿਤ ਹੋਣ ਦੇ ਸੰਕੇਤ ਮਿਲਦੇ ਹਨ।ਇਸੇ ਆਧਾਰ ਤੇ ਕਿਹਾ ਜਾ ਸਕਦਾ ਹੈ ਕਿ ਸਾਡੇ ਦੇਸ਼ ਵਿੱਚ ਉਚੇਰੀ ਸਿੱਖਿਆ ਦੀ ਮਹਾਨ ਵਿਰਾਸਤ ਰਹੀ ਹੈ।ਹਿਸਾਬ, ਖੁਗੋਲ, ਰਸਾਇਣ ਅਤੇ ਭੌਤਿਕ ਵਿਗਿਆਨ ਦੇ ਗਿਆਨ ਪੱਖੋਂ ਭਾਰਤ ਪਿਛਲੇ ਸਮਿਆਂ ਵਿੱਚ ਬੁਲੰਦੀਆਂ ਛੂਹ ਰਿਹਾ ਸੀ।ਅਜੋਕੀ ਉਚੇਰੀ ਸਿੱਖਿਆ ਪ੍ਰਣਾਲੀ ਅੰਗਰੇਜਾਂ ਦੇ ਭਾਰਤ ਉੱਪਰ ਕਬਜ਼ਾ ਕਰਨ ਤੋਂ ਬਾਅਦ ਹੋਂਦ ਵਿੱਚ ਆਈ।ਇਸ ਖੇਤਰ ਵਿੱਚ ਲਾਰਡ ਮੈਕਾਲੇ ਦਾ ਮੁੱਢਲੇ ਸਮਿਆਂ ਵਿੱਚ ਯੋਗਦਾਨ ਸਭ ਤੋਂ ਮਹੱਤਵਪੂਰਨ ਹੈ।ਅਜ਼ਾਦ ਭਾਰਤ ਵਿੱਚ ਸਿੱਖਿਆ ਖ਼ਾਸ ਤੌਰ ਤੇ ਉਚੇਰੀ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਸਿਫ਼ਾਰਸ਼ਾਂ ਕਾਰਨ ਧਾਰਨਾਵਾਂ ਵਿਕਸਿਤ ਕਰਨ ਤੇ ਉੱਚੇਰੀ ਸਿੱਖਿਆ ਦਾ ਇੱਕ ਬਿਹਤਰ ਮਾਡਲ ਵਿਕਸਿਤ ਕਰਨ ਲਈ ਕੁਠਾਰੀ ਕਮਿਸ਼ਨ ਦਾ ਮਹੱਤਵਪੂਰਨ ਯੋਗਦਾਨ ਹੈ।ਜਿਵੇਂ ਕਿ ਪਹਿਲਾਂ ਵੀ ਦੱਸਿਆ ਗਿਆ ਹੈ ਕਿ ਸਿੱਖਿਆ ਦਾ ਮਨੁੱਖੀ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਹੈ ਪ੍ਰੰਤੂ ਇਸਦੇ ਬਾਵਜੂਦ ਸਾਡੇ ਦੇਸ਼ ਖ਼ਾਸ ਤੌਰ ਤੇ ਪੰਜਾਬ ਵਿੱਚ ਉਚੇਰੀ ਸਿੱਖਿਆ ਪ੍ਰਤੀ ਨਿਰਾਸ਼ਾਜਨਕ ਧਾਰਨਾਵਾਂ ਪ੍ਰਚਲਿਤ ਹੋ ਚੁੱਕੀਆਂ ਹਨ।ਬਹੁ-ਗਿਣਤੀ ਲੋਕਾਂ ਦਾ ਮੰਨਣਾ ਹੈ ਕਿ "ਦਸਵੀਂ ਜਾ ਬਾਰਵੀਂ ਤੋਂ ਬਾਅਦ ਪੜ੍ਹਨ ਦਾ ਕੀ ਫ਼ਾਇਦਾ?ਜੇਕਰ ਸਾਧਨ ਸੰਪਨ ਹੋ ਤਾਂ ਬੱਚਿਆਂ ਨੂੰ ਆਈਲੈਟਸ ਕਰਾਓ ਤੇ ਬਾਹਰ ਭੇਜੋ। ਨਹੀਂ ਕੋਈ ਨਾ ਕੋਈ ਕੰਮ ਸਿਖਾਓ ਤੇ ਰੋਟੀ ਜੋਗੇ ਕਰੋ ਪੜ੍ਹ ਲਿਖ ਕੇ ਧੱਕੇ ਖਾਣ ਨਾਲੋਂ ਚੰਗਾ ਹੈ।"

ਪੰਜਾਬ ਰਾਜ ਵਿੱਚ ਰਾਜਨੀਤਿਕ ਪਾਰਟੀਆਂ ਦਾ ਸਿਹਤ ਅਤੇ ਸਿੱਖਿਆ ਕਦੇ ਵੀ ਚੋਣ ਮੁੱਦਾ ਨਹੀਂ ਰਿਹਾ।ਜੇਕਰ ਰਾਜ ਦੇ ਸਰਕਾਰੀ ਕਾਲਜਾਂ ਦੀ ਗੱਲ ਕਰੀਏ ਤਾਂ ਇਨ੍ਹਾਂ ਦੀ ਗਿਣਤੀ 48 ਤੋਂ ਵੱਧ ਕੇ 64 ਹੋ ਗਈ ਹੈ, ਪ੍ਰੰਤੂ ਇਨ੍ਹਾਂ ਕਾਲਜਾਂ ਵਿੱਚ ਅਧਿਆਪਕਾਂ ਦੀਆਂ ਮਨਜ਼ੂਰਸ਼ੁਦਾ 1873 ਅਸਾਮੀਆਂ ਵਿੱਚੋਂ ਸਿਰਫ਼ 253 ਹੀ ਭਰੀਆਂ ਹੋਈਆਂ ਹਨ ਬਾਕੀ ਅਸਾਮੀਆਂ ਤੇ ਐਡਹਾਕ, ਗੈਸਟ ਫੈਕਲਟੀ ਅਧਿਆਪਕ ਰੱਖ ਕੇ ਕੰਮ ਚਲਾਇਆ ਜਾ ਰਿਹਾ ਹੈ।ਇਸੇ ਤਰ੍ਹਾਂ ਰਾਜ ਦੀਆਂ ਯੂਨੀਵਰਸਿਟੀਆਂ ਨਾਲ ਜੁੜੇ ਕਾਂਸਟੀਚੂਐਂਟ ਕਾਲਜਾਂ ਦਾ ਹਾਲ ਵੀ ਕੋਈ ਬਹੁਤਾ ਚੰਗਾ ਨਹੀਂ।ਸਰਕਾਰੀ ਸਹਾਇਤਾ ਪ੍ਰਾਪਤ ਕਾਲਜਾਂ ਦੀ ਗਿਣਤੀ 136 ਹੈ।ਇਨ੍ਹਾਂ ਵਿੱਚੋਂ ਅੱਧੇ ਕਾਲਜਾਂ ਵਿੱਚ ਰੈਗੂਲਰ ਪ੍ਰਿੰਸੀਪਲ ਹੀ ਨਹੀਂ ਹਨ।ਇਨ੍ਹਾਂ ਕਾਲਜਾਂ ਦੀਆਂ 1925 ਮਨਜ਼ੂਰਸ਼ੁਦਾ ਅਸਾਮੀਆਂ ਲਈ ਸਰਕਾਰ ਵੱਲੋਂ ਦਿੱਤੀ ਗ੍ਰਾਂਟ 95% ਤੋਂ ਘਟਾ ਕੇ 75% ਕਰ ਦਿੱਤੀ ਗਈ।ਬਹੁਤ ਸਾਰੇ ਬੀ.ਐਡ. ਅਤੇ ਪੋਲਟੈਕਨੀਕਲ ਜਾਂ ਪ੍ਰੋਫ਼ੈਸ਼ਨਲ ਕਾਲਜ ਦਾਖ਼ਲਿਆਂ ਨੂੰ ਉਡੀਕਦੇ ਹੋਏ ਬੰਦ ਹੋ ਚੁੱਕੇ ਹਨ ਜਾਂ ਹੋ ਰਹੇ ਹਨ।

ਪੰਜਾਬ ਵਿੱਚ ਸਰਕਾਰੀ ਯੂਨੀਵਰਸਿਟੀਆਂ ਨਾਲੋਂ ਪ੍ਰਾਈਵੇਟ ਯੂਨੀਵਰਸਿਟੀਆਂ ਦੀ ਗਿਣਤੀ ਵਧੇਰੇ ਹੈ।ਪ੍ਰਾਈਵੇਟ ਯੂਨੀਵਰਸਿਟੀਆਂ ਜਿੱਥੇ ਵੱਧ ਫ਼ੀਸਾਂ ਲੈ ਕੇ ਡਿਗਰੀਆਂ ਦੇਣ ਦਾ ਗੋਰਖ ਧੰਦਾ ਚਲਾ ਰਹੀਆਂ ਹਨ ਉੱਥੇ ਹੀ ਅਧਿਆਪਕਾਂ ਦਾ ਆਰਥਿਕ ਸ਼ੋਸ਼ਣ ਕਰਨ ਵਿੱਚ ਵੀ ਮੋਹਰੀ ਹਨ।

ਜਦੋਂ ਸਰਕਾਰ ਦੇ ਅਧੀਨ ਸਰਕਾਰੀ ਉੱਚ ਅਦਾਰਿਆਂ ਦਾ ਹਾਲ ਤਸੱਲੀਬਖ਼ਸ਼ ਨਹੀਂ ਤਾਂ ਪ੍ਰਾਈਵੇਟ ਯੂਨੀਵਰਸਿਟੀਆਂ ਅਤੇ ਕਾਲਜ ਮਨਮਾਨੀਆਂ ਕਰਨ ਲਈ ਅਜ਼ਾਦ ਹਨ।ਇਸ ਦਾ ਨੁਕਸਾਨ ਇਹ ਹੋ ਰਿਹਾ ਹੈ ਕਿ ਸੂਬੇ ਦੇ ਬਹੁ ਗਿਣਤੀ ਨੌਜਵਾਨ ਲੜਕੇ ਅਤੇ ਲੜਕੀਆਂ ਉੱਚੇਰੀ ਸਿੱਖਿਆ ਹਾਸਿਲ ਕਰਕੇ ਇੱਥੇ ਆਪਣਾ ਭਵਿੱਖ ਸੰਵਾਰਨ ਅਤੇ ਦੇਸ਼ ਸੇਵਾ ਵਿੱਚ ਯੋਗਦਾਨ ਪਾਉਣ ਦੀ ਬਜਾਏ ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਭਵਿੱਖ ਪ੍ਰਤੀ ਅਨਿਸ਼ਚਿਤ ਸਥਿਤੀਆਂ ਦੇਖਦੇ ਹੋਏ ਵਿਦੇਸ਼ਾਂ ਵੱਲ ਉਡਾਰੀ ਮਾਰਨ ਲਈ ਮਜ਼ਬੂਰ ਹਨ।ਉਚੇਰੀ ਸਿੱਖਿਆ ਪ੍ਰਤੀ ਨੌਜਵਾਨ ਵਰਗ ਦੀ ਉਦਾਸੀਨਤਾ ਤੇ ਇਸ ਖੇਤਰ ਵਿੱਚ ਆਏ ਨਿਘਾਰ ਦੇ ਅਨੇਕਾਂ ਕਾਰਨ ਹਨ ਜਿਵੇਂ ਸਿੱਖਿਆ ਪ੍ਰਣਾਲੀ ਦੇ ਤਿੰਨ ਅਹਿਮ ਪੱਖਾਂ ਪ੍ਰਤੀ ਅਵੇਸਲਾਪਣ ਸਭ ਤੋਂ ਵੱਡਾ ਕਾਰਨ ਹੈ।ਇਹ ਪੱਖ ਹਨ ਪਾਠਕ੍ਰਮ, ਸਿੱਖਿਆ ਦੇਣ ਦੀ ਵਿਧੀ ਅਤੇ ਸਿੱਖਿਆਰਥੀਆਂ ਦਾ ਮੁਲਾਂਕਣ ਸਾਡੇ ਵਿੱਦਿਅਕ ਅਦਾਰਿਆਂ ਦੇ ਪਾਠਕ੍ਰਮ ਮੌਜੂਦਾ ਸਥਿਤੀਆਂ ਅਤੇ ਸੰਭਾਵਨਾਵਾਂ ਅਨੁਸਾਰ ਬਦਲੇ ਅਤੇ ਵਿਉਂਤੇ ਜਾਣ ਦੀ ਬਜਾਏ ਦਹਾਕਿਆਂ ਤੋਂ ਚਲੇ ਆ ਰਹੇ ਪਾਠਕ੍ਰਮ ਦੀਆਂ ਰਵਾਇਤਾਂ ਅਨੁਸਾਰ ਥੋੜ੍ਹੇ- ਬਹੁਤੇ ਬਦਲਾਅ ਨਾਲ ਉਂਝ ਹੀ ਪੜ੍ਹਾਏ ਜਾ ਰਹੇ ਹਨ ਤੇ ਪੜ੍ਹਾਉਣਾ ਆਧੁਨਿਕ ਤਕਨੀਕ ਅਧਾਰਿਤ ਪ੍ਰਭਾਵਸ਼ਾਲੀ ਤੇ ਰੌਚਕ ਹੋਣ ਦੀ ਬਜਾਏ ਪਰੰਪਰਾਗਤ, ਲੈਕਚਰ ਦੇਣ, ਨੋਟਿਸ ਤਿਆਰ ਕਰਵਾਉਣ, ਰੱਟੇ ਲਵਾਉਣ ਆਦਿ ਤੱਕ ਹੀ ਸੀਮਿਤ ਹੈ।ਇਸੇ ਤਰ੍ਹਾਂ ਮੁਲਾਂਕਣ ਕਰਨ ਲਈ ਕੋਈ ਵਿਗਿਆਨਿਕ ਅਤੇ ਆਧੁਨਿਕ ਮਾਡਲ ਅਪਨਾਉਣ ਦੀ ਬਜਾਏ ਸਲਾਨਾ ਇਮਤਿਹਾਨਾਂ ਨੂੰ ਘਟਾ ਕੇ ਸਮੈਸਟਰ ਇਮਤਿਹਾਨਾਂ ਤੱਕ ਲੈ ਆਉਣ ਨੂੰ ਹੀ ਸਾਡੇ ਬੁੱਧੀਜੀਵੀ ਵੱਡੀ ਪ੍ਰਾਪਤੀ ਦੱਸ ਰਹੇ ਹਨ।

ਉਚੇਰੀ ਸਿੱਖਿਆ ਦੀ ਅਜੋਕੀ ਨਿਘਰਦੀ ਹਾਲਤ ਨੂੰ ਸੁਧਾਰਨ ਦੀਆਂ ਅਨੇਕਾਂ ਹੀ ਸੰਭਾਵਨਾਵਾਂ ਹਨ।ਜੇਕਰ ਸਰਕਾਰਾਂ ਸਿੱਖਿਆ ਸਾਸ਼ਤਰੀ, ਉੱਚੇਰੀ ਸਿੱਖਿਆ ਹਾਸਿਲ ਕਰਨ ਦੇ ਚਾਹਵਾਨ ਨੌਜਵਾਨ ਅਤੇ ਆਮ ਲੋਕ ਸੰਭਾਵੀ ਹੱਲ ਤਲਾਸ਼ਣ ਲਈ ਇੱਕ ਜੁੱਟ ਹੋ ਕੇ ਆਪੋ-ਆਪਣੇ ਹਿੱਸੇ ਦਾ ਯੋਗਦਾਨ ਪਾਉਣ ਲਈ ਪਹਿਲ ਕਦਮੀ ਕਰਨ।

ਸਭ ਤੋਂ ਪਹਿਲਾਂ ਸੂਬੇ ਦੇ ਨੌਜਵਾਨਾਂ ਦੇ ਮਨਾਂ ਵਿੱਚ ਪੈਦਾ ਹੋਈ ਨਿਰਾਸ਼ਾ ਨੂੰ ਦੂਰ ਕਰਨਾ ਜਰੂਰੀ ਮਸਲਾ ਹੈ ਅਤੇ ਇਸਦਾ ਸਭ ਤੋਂ ਵਧੀਆ ਤਰੀਕਾ ਨੌਜਵਾਨਾਂ ਨੂੰ ਆਸ਼ਾਵਾਦੀ ਬਣਾਉਣਾ ਤੇ ਉਸਾਰੂ ਕਾਰਜਾਂ ਵਿੱਚ ਲਗਾਉਣਾ ਤੇ ਭਾਗੀਦਾਰ ਬਣਾਉਣਾ ਜਰੂਰੀ ਸ਼ਰਤ ਹੈ ਇਸ ਨਿਰਾਸ਼ਾਵਾਦ ਦੇ ਅਨੇਕਾਂ ਹੀ ਕਾਰਨ ਹਨ ਜਿਵੇਂ ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਨੌਜਵਾਨਾਂ ਪ੍ਰਤੀ ਵੱਡਿਆਂ ਦੇ ਮਨ ਵਿੱਚ ਅਵਿਸ਼ਵਾਸ ਦੀ ਭਾਵਨਾ ਆਦਿ।

ਉਚੇਰੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਵਜ਼ੀਫ਼ਾ ਪ੍ਰਣਾਲੀ ਨੂੰ ਤਰਕ ਸੰਗਤ ਬਣਾਉਣ ਦੀ ਵੀ ਲੋੜ ਹੈ।ਭਾਵੇਂ ਪਹਿਲਾਂ ਤੋਂ ਹੀ ਪੱਛੜੀਆਂ ਜਾਤੀਆਂ, ਘੱਟ ਗਿਣਤੀ ਸਮੂਹਾਂ ਆਦਿ ਵਰਗੇ ਉਪਰਾਲਿਆਂ ਨਾਲ ਨੌਜਵਾਨਾਂ ਨੂੰ ਉਚੇਰੀ ਸਿੱਖਿਆ ਹਾਸਿਲ ਕਰਨ ਲਈ ਆਰਥਿਕ ਸਹਾਇਤਾ ਦਿੱਤੀ ਜਾਂਦੀ ਹੈ।ਇਸਦੇ ਨਾਲ ਹੀ ਜੇਕਰ ਆਰਥਿਕ ਪੱਖੋਂ ਕਮਜ਼ੋਰ ਪਰ ਹੋਣਹਾਰ ਤੇ ਉੱਚੇਰੀ ਸਿੱਖਿਆ ਹਾਸਿਲ ਕਰਨ ਦੇ ਚਾਹਵਾਨ ਨੌਜਵਾਨਾਂ ਦੀ ਪੜ੍ਹਨ ਰੁਚੀ ਨੂੰ ਧਿਆਨ ਵਿੱਚ ਰੱਖਦੇ ਹੋਏ ਵਜ਼ੀਫ਼ਾ ਪ੍ਰਣਾਲੀ ਨੂੰ ਤਰਕ ਸੰਗਤ ਬਣਾਇਆ ਜਾਵੇ ਤਾਂ ਬਹੁ-ਗਿਣਤੀ ਨੌਜਵਾਨ ਉਚੇਰੀ ਸਿੱਖਿਆ ਹਾਸਿਲ ਕਰ ਸਕਦੇ ਹਨ।

ਸਿੱਖਿਆ ਸ਼ਾਸਤਰੀਆਂ ਤੇ ਵਿੱਦਿਅਕ ਮਾਹਿਰਾਂ ਦੀ ਸਹਾਇਤਾ ਅਤੇ ਸਲਾਹ ਨਾਲ ਸਾਡੀਆਂ ਯੂਨੀਵਰਸਿਟੀਆਂ ਨੂੰ ਅਜੋਕੇ, ਤੇਜ਼ ਰਫ਼ਤਾਰ ਤੇ ਸਮੇਂ ਦੀ ਲੋੜ ਅਨੁਸਾਰ ਡਿਗਰੀਆਂ ਡਿਪਲੋਮੇ ਸ਼ੁਰੂ ਕੀਤੇ ਜਾਣੇ ਚਾਹੀਦੇ ਹਨ।ਸਮੇਂ ਦੀ ਤੇਜ਼ ਚਾਲ ਨੂੰ ਧਿਆਨ ਵਿੱਚ ਰੱਖਦਿਆਂ ਪਰੰਪਰਾਗਤ ਸਾਲਾਂ ਬੱਧੀ ਵਿਦਿਆਰਥੀਆਂ ਦਾ ਸਮਾਂ ਲੈਣ ਵਾਲੀਆਂ ਡਿਗਰੀਆਂ ਦੀ ਸਮਾਂ ਸੀਮਾ ਨੂੰ ਘਟਾਉਣ ਜਾਂ ਲਾਹੇਵੰਦ ਬਣਾਉਣ ਲਈ ਢੁੱਕਵੇਂ ਤੇ ਲੋੜੀਂਦੇ ਫ਼ੈਸਲੇ ਲੈਣ ਦੀ ਵੀ ਲੋੜ ਹੈ।

ਦੇਖਣ ਵਿੱਚ ਆਇਆ ਹੈ ਕਿ ਉੱਚ ਸਿੱਖਿਅਤ ਨੌਜਵਾਨ ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਸ਼ਨ ਪੱਧਰ ਦੀਆਂ ਡਿਗਰੀਆਂ ਹਾਸਿਲ ਕਰਕੇ ਸਿਰਫ਼ ਤੇ ਸਿਰਫ਼ ਸਰਕਾਰੀ ਨੌਕਰੀ ਦੀ ਆਸ ਤੇ ਆਪਣਾ ਕੀਮਤੀ ਸਮਾਂ ਅਜਾਈ ਗਵਾ ਦਿੰਦੇ ਹਨ।ਜਦਕਿ ਅਜਿਹੇ ਨੌਜਵਾਨਾਂ ਦੀ ਸਰਕਾਰ ਅਤੇ ਉੱਚ ਸਿੱਖਿਆ ਅਦਾਰਿਆਂ ਵੱਲੋਂ ਢੁੱਕਵੀਂ ਅਗਵਾਈ ਕੀਤੀ ਜਾਵੇ ਤਾਂ ਜੋ ਇਹ ਉੱਚ ਸਿੱਖਿਅਤ ਨੌਜਵਾਨ ਵਰਗ ਸਵੈ ਰੁਜ਼ਗਾਰ ਜਾਂ ਹੋਰ ਅਨੇਕਾਂ ਖੇਤਰਾਂ ਵਿੱਚ ਆਪਣੀ ਸਮਰੱਥਾ ਦਾ ਪ੍ਰਦਰਸ਼ਨ ਕਰ ਸਕੇ ਅਤੇ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਤੋਂ ਵੰਚਿਤ ਨਾ ਰਹੇ।

ਇੱਕ ਹੋਰ ਮਹੱਤਵਪੂਰਨ ਪਹਿਲੂ ਇਹ ਹੈ ਕਿ ਸਾਡੇ ਦੇਸ਼ ਵਿੱਚ ਸਭ ਤੋਂ ਜ਼ਿਆਦਾ ਸਮਰੱਥਾ ਰੱਖਣ ਵਾਲੇ ਨੌਜਵਾਨ ਵਰਗ ਨੂੰ ਹਰ ਪ੍ਰਕਾਰ ਦੇ ਪ੍ਰਸ਼ਾਸਨਿਕ ਅਤੇ ਸਮਾਜਿਕ ਕਾਰਜਾਂ ਤੋਂ ਲਾਂਭੇ ਰੱਖਿਆ ਜਾਂਦਾ ਹੈ ਜੋ ਕਿ ਦੇਸ਼ ਦੇ ਵਿਕਾਸ ਦੇ ਰਾਹ ਵਿੱਚ ਸਭ ਤੋਂ ਵੱਡੀ ਰੁਕਾਵਟ ਹੈ।ਜਦਕਿ ਸਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਉੱਚ ਸਿੱਖਿਅਤ ਨੌਜਵਾਨ ਵਧੇਰੇ ਤਰਕਸ਼ੀਲ, ਬੌਧਿਕ, ਸਵੈ-ਵਿਸ਼ਵਾਸੀ ਤੇ ਯੋਗ ਫ਼ੈਸਲੇ ਲੈਣ ਦੇ ਕਾਬਿਲ ਹੁੰਦੇ ਹਨ।ਜੇਕਰ ਪ੍ਰਸ਼ਾਸਨਿਕ ਤੇ ਸਮਾਜਿਕ ਕਾਰਜਾਂ ਵਿੱਚ ਇਨ੍ਹਾਂ ਨੌਜਵਾਨਾਂ ਨੂੰ ਭਾਗੀਦਾਰ ਬਣਾਉਂਦੇ ਹੋਏ ਮਾਣ-ਸਨਮਾਨ ਦਿੱਤਾ ਜਾਵੇ ਤਾਂ ਜਿੱਥੇ ਇਨ੍ਹਾਂ ਨੌਜਵਾਨਾਂ ਦੀ ਆਰਥਿਕ ਸਹਾਇਤਾ ਕਰਦੇ ਹੋਏ ਯੋਗਤਾ ਦਾ ਮੁੱਲ ਪਾਇਆ ਜਾ ਸਕਦਾ ਹੈ ਉੱਥੇ ਹੀ ਸਰਕਾਰ ਦੀਆਂ ਅਨੇਕਾਂ ਭਲਾਈ ਅਤੇ ਵਿਕਾਸ ਸੰਬੰਧੀ ਯੋਜਨਾਵਾਂ ਨੂੰ ਪ੍ਰਭਾਵੀ ਰੂਪ ਵਿੱਚ ਜਨ ਸਧਾਰਨ ਤੱਕ ਲੈ ਕੇ ਜਾਣ ਦਾ ਇੱਕ ਢੁੱਕਵਾਂ ਸਰੋਤ ਇਹ ਨੌਜਵਾਨ ਬਣ ਸਕਦੇ ਹਨ।

ਅਜੋਕੇ ਮਹਿੰਗਾਈ ਦੇ ਦੌਰ ਵਿੱਚ ਸਭ ਤੋਂ ਵੱਡੀ ਚੁਣੌਤੀ ਜੀਵਨ ਨਿਰਵਾਹ ਕਰਨਾ ਹੈ ਤੇ ਜੇਕਰ ਸਾਡੇ ਮੱਧਵਰਗੀ ਪਰਿਵਾਰਾਂ ਦੇ ਨੌਜਵਾਨ ਉਚੇਰੀ ਸਿੱਖਿਆ ਹਾਸਿਲ ਕਰਕੇ ਬੇਰੁਜ਼ਗਾਰ ਰਹਿੰਦੇ ਹਨ ਤਾਂ ਜਿੱਥੇ ਇਹ ਸਾਡੀ ਸਿੱਖਿਆ ਪ੍ਰਣਾਲੀ ਤੇ ਇੱਕ ਪ੍ਰਸ਼ਨ ਚਿੰਨ੍ਹ ਹੈ ਉੱਥੇ ਹੀ ਲੋਕਤੰਤਰੀ ਸਰਕਾਰਾਂ ਲਈ ਆਤਮ ਪੜਚੋਲ ਦਾ ਵਿਸ਼ਾ ਵੀ ਹੈ।ਉੱਚ ਸਿੱਖਿਅਤ ਬੇਰੁਜ਼ਗਾਰ ਨੌਜਵਾਨ ਨਿਰਾਸ਼ਾਵਾਦ ਕਾਰਨ ਕਿੱਧਰੇ ਸਮਾਜ ਦੀ ਮੁੱਖ ਧਾਰਾ ਤੋਂ ਟੁੱਟ ਕੇ ਨਸ਼ਿਆਂ ਜਾਂ ਅਪਰਾਧ ਦੀ ਦੁਨੀਆਂ ਵੱਲ ਨਾ ਖਿੱਚੇ ਜਾਣ ਇਸ ਲਈ ਸਰਕਾਰਾਂ ਨੂੰ ਬੇਰੁਜ਼ਗਾਰੀ ਭੱਤਾ ਜਾਂ ਉੱਚ ਸਿੱਖਿਅਤ ਨੌਜਵਾਨਾਂ ਲਈ ਭਲਾਈ ਸਕੀਮਾਂ ਚਲਾਉਣੀਆਂ ਚਾਹੀਦੀਆਂ ਹਨ।ਜਿਨ੍ਹਾਂ ਕਾਰਨ ਇਨ੍ਹਾਂ ਨੌਜਵਾਨਾਂ ਦਾ ਮਨੋਬਲ ਬਣਿਆ ਰਹੇ।

ਪੰਜਾਬ ਵਿੱਚ ਉਚੇਰੀ ਸਿੱਖਿਆ ਦੀ ਸਥਿਤੀ ਅਤੇ ਸੰਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਮੌਜੂਦਾ ਸੰਦਰਭ ਦਾ ਸਭ ਤੋਂ ਸਭ ਤੋਂ ਚਿੰਤਾਜਨਕ ਪਹਿਲੂ ਇਹ ਹੈ ਕਿ ਪੰਜਾਬ ਦੀ ਇੱਕ ਸੰਭਾਵਨਾਵਾਂ ਭਰਪੂਰ ਨੌਜਵਾਨ ਪੀੜ੍ਹੀ ਸਰਕਾਰੀ ਨੀਤੀਆਂ, ਵਿੱਦਿਅਕ ਸੰਸਥਾਵਾਂ ਦੀ ਨਿਘਰਦੀ ਹਾਲਤ ਫ਼ੀਸਾਂ ਵਿਚਲੇ ਬੇਤਹਾਸ਼ੇ ਵਾਧੇ ਪ੍ਰਾਈਵੇਟ ਸੰਸਥਾਵਾਂ ਦੀ ਥੋਥੀ ਚਮਕ-ਦਮਕ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਅਨਿਸ਼ਚਿਤ ਭਵਿੱਖ ਕਾਰਨ ਫ਼ੀਸਾਂ ਵਿੱਚ ਬੇਤਹਾਸ਼ਾ ਵਾਧਾ, ਲੰਮੇ ਸਮੇਂ ਦੀਆਂ ਡਿਗਰੀਆਂ, ਡਿਪਲੋਮੇ, ਵੇਲਾ ਵਿਹਾ ਚੁੱਕੇ ਅਤੇ ਪ੍ਰਯੋਗੀ ਵਿਧੀ ਦੀ ਅਣਹੋਂਦ ਵਾਲੇ ਪਾਠਕ੍ਰਮ, ਰੁਜ਼ਗਾਰ ਮੁਖੀ ਸਿੱਖਿਆ ਦੀ ਘਾਟ, ਪੜ੍ਹਾਈ ਅਤੇ ਮੁਲਾਂਕਣ ਤੇ ਪਰੰਪਰਾਗਤ ਵਿਧੀ ਵਿਧਾਨ .ਵਰਗੇ ਅਨੇਕਾਂ ਕਾਰਨਾਂ ਦੇ ਦੂਰ-ਪ੍ਰਭਾਵਾਂ ਤੋਂ ਉਪਜੀ ਨਿਰਾਸ਼ਤਾ ਕਾਰਨ ਆਈਲੈਟਸ ਦਾ ਸਹਾਰਾ ਲੈ ਕੇ ਬਿਗਾਨੀਆਂ ਧਰਤੀਆਂ ਵੱਲ ਪੁਰਖਿਆਂ ਦੀ ਵਿਰਾਸਤ, ਸਭਿਆਚਾਰ ਤੇ ਕੌਮੀਅਤ ਨੂੰ ਪਿੱਠ ਦੇ ਕੇ ਜੱਦੀ ਜਾਇਦਾਦਾਂ ਨੂੰ ਕੌਡੀਆਂ ਦੇ ਭਾਅ ਵੇਚ, ਮਹਿੰਗੇ ਕਰਜਿਆਂ ਦੇ ਸਹਾਰੇ ਮਾਤਾ-ਪਿਤਾ ਨੂੰ ਇਕੱਲਤਾ ਦੀ ਦਲਦਲ ਵਿੱਚ ਸੁੱਟ ਪਰਵਾਸ ਕਰਨ ਲਈ ਮਜ਼ਬੂਰ ਹਨ।ਜਦਕਿ ਇਸ ਸਥਿਤੀ ਨੂੰ ਸਰਕਾਰਾਂ, ਵੱਖੋ-ਵੱਖਰੀਆਂ ਸਮਾਜ-ਸੇਵੀ, ਧਾਰਮਿਕ, ਸੱਭਿਆਚਾਰਕ ਸੰਸਥਾਵਾਂ, ਬੁੱਧੀਜੀਵੀ ਸਿੱਖਿਆ ਸ਼ਾਸਤਰੀ, ਮਾਪੇ ਅਤੇ ਖੁਦ ਨੌਜਵਾਨ ਰਲ-ਮਿਲ ਕੇ ਸਾਂਝੇ ਯਤਨਾਂ ਨਾਲ ਬਦਲ ਸਕਦੇ ਹਨ।ਕਿਉਂਕਿ ਪੰਜਾਬ ਗੁਰੂਆਂ ਪੀਰਾਂ ਪੈਗੰਬਰਾਂ ਯੋਧਿਆਂ, ਸੂਰਬੀਰਾਂ ਦੀ ਧਰਤੀ ਹੋਣ ਦੇ ਨਾਲ-ਨਾਲ ਸੰਘਰਸ਼ੀ ਯੋਧਿਆਂ, ਮਿਹਨਤਕਸ਼ ਤੇ ਕਿਰਤੀ ਲੋਕਾਂ ਦੀ ਧਰਤੀ ਹੈ ਜਿਨ੍ਹਾਂ ਵਿਦੇਸ਼ੀ ਹੱਲਿਆਂ ਤੇ ਸਾਜਿਸ਼ਾਂ ਦਾ ਮੁਕਾਬਲਾ ਸਬਰ-ਸੰਤੋਖ ਹਿੰਮਤ ਹੌਂਸਲੇ ਤੇ ਇਕਜੁੱਟਤਾ ਨਾਲ ਕਰਦੇ ਹੋਏ ਜਿੱਥੇ ਇਤਿਹਾਸ ਸਿਰਜਿਆ ਹੈ ਉੱਥੇ ਹੀ ਆਪਣੀ ਵਿਲੱਖਣ ਤੇ ਨਿਵੇਕਲੀ ਹੋਂਦ ਨੂੰ ਬਣਾਈ ਰੱਖਿਆ ਹੈ।

ਸ਼ਾਲਾ! ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਉਚੇਰੀ ਸਿੱਖਿਆ ਦਾ ਇੱਕ ਨਵਾਂ ਅਧਿਆਇ ਸ਼ੁਰੂ ਹੋਵੇ ਜਿਸ ਤੋਂ ਉਤਸ਼ਾਹਿਤ ਹੁੰਦਿਆਂ ਸਾਡੇ ਨੌਜਵਾਨਾਂ ਲਈ ਇੱਕ ਨਵੇਂ ਪੰਜਾਬ ਦੀ ਸਿਰਜਣਾ ਕੀਤੀ ਜਾ ਸਕੇ।



**ਜਗਰੂਪ ਸਿੰਘ ਸਹਾਇਕ ਪ੍ਰੋਫ਼ੈਸਰ,**
**ਪੰਜਾਬੀ ਵਿਭਾਗ।**
**ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ,**
**ਸ੍ਰੀ ਚਮਕੌਰ ਸਾਹਿਬ।**

# ਥਾਣਾ ਸਦਰ ਸਮਾਣਾ ਪੁਲਿਸ ਵੱਲੋਂ ਕਾਰ ਚਾਲਕ 100 ਕਿਲੋ ਭੁੱਕੀ ਸਮੇਤ ਕਾਬੂ, ਕ੍ਰੇਟਾ ਗੱਡੀ ਵੀ ਬਰਾਮਦ



**ਸਮਾਣਾ, 12 ਜੂਨ (ਜਵੰਦਾ)** ਐੱਸ.ਐੱਸ.ਪੀ. ਪਟਿਆਲਾ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿਮ ਤਹਿਤ ਸਮਾਣਾ ਪੁਲਿਸ ਨੂੰ ਉਸ ਵੇਲੇ ਇੱਕ ਵੱਡੀ ਸਫਲਤਾ ਮਿਲੀ, ਜਦੋਂ ਡੀ.ਐੱਸ.ਪੀ. ਸਮਾਣਾ ਫਤਿਹ ਸਿੰਘ ਬਰਾੜ ਅਤੇ ਐਸ ਐਚ ਓ ਸਦਰ ਅਜੇ ਪਰੋਚਾ ਦੀ ਅਗਵਾਈ ਹੇਠ ਥਾਣਾ ਸਦਰ ਸਮਾਣਾ ਦੀ ਪੁਲਿਸ ਨੇ ਇੱਕ ਕਾਰ ਚਾਲਕ ਨੂੰ 100 ਕਿਲੋ ਭੁੱਕੀ (ਚੂਰਾ ਪੋਸਤ) ਸਮੇਤ ਗ੍ਰਿਫ਼ਤਾਰ ਕੀਤਾ। ਪੁਲਿਸ ਨੇ ਮੌਕੇ ਤੋਂ ਤਸਕਰੀ ਲਈ ਵਰਤੀ ਜਾ ਰਹੀ ਇੱਕ ਕਰੇਟਾ ਗੱਡੀ ਵੀ ਜ਼ਬਤ ਕੀਤੀ ਹੈ।

ਮਾਮਲੇ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਦੇ ਐੱਸ.ਐੱਚ.ਓ. ਅਜੇ ਪਰੋਚਾ ਦੀ ਅਗਵਾਈ ਹੇਠ ਸਬ-ਇੰਸਪੈਕਟਰ (ਐੱਸ.ਆਈ.) ਜਸਵਿੰਦਰ ਸਿੰਘ ਨੇ ਦੱਸਿਆ ਕਿ ਉਹ ਆਪਣੀ ਪੁਲਿਸ ਪਾਰਟੀ ਸਮੇਤ ਇਲਾਕੇ ਵਿੱਚ ਸ਼ੱਕੀ ਪੁਰਸ਼ਾਂ ਅਤੇ ਮਾੜੇ ਅਨਸਰਾਂ 'ਤੇ ਨਜ਼ਰ ਰੱਖਣ ਲਈ ਗਸ਼ਤ 'ਤੇ ਤਾਇਨਾਤ ਸਨ। ਜਦੋਂ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਧਨੇਠਾ ਤੋਂ ਅਸਮਾਨਪੁਰ-ਰਤਨਹੇੜੀ ਲਿੰਕ ਰੋਡ ਵੱਲ ਜਾ ਰਹੀ ਸੀ, ਤਾਂ ਧਨੇਠਾ ਵਾਲੇ ਪਾਸੇ ਤੋਂ ਰਤਨਹੇੜੀ ਵੱਲ ਆ ਰਹੀ ਇੱਕ ਕਰੇਟਾ ਗੱਡੀ ਪੁਲਿਸ ਪਾਰਟੀ ਨੂੰ ਦੇਖ ਕੇ ਅਚਾਨਕ ਰੁਕ ਗਈ। ਪੁਲਿਸ ਨੂੰ ਸਾਹਮਣੇ ਦੇਖ ਕੇ ਕਾਰ ਚਾਲਕ ਘਬਰਾ ਗਿਆ ਅਤੇ ਗੱਡੀ ਨੂੰ ਮੌਕੇ 'ਤੇ ਹੀ ਛੱਡ ਕੇ ਭੱਜਣ ਦੀ ਕੋਸ਼ਿਸ਼ ਕਰਨ ਲੱਗਾ। ਪਰ ਮੁਸਤੈਦ ਪੁਲਿਸ ਪਾਰਟੀ ਨੇ ਮੁਸਤੈਦੀ ਦਿਖਾਉਂਦੇ ਹੋਏ ਤੁਰੰਤ ਮੁਸਤੈਦ ਘੇਰਾਬੰਦੀ ਕਰਕੇ ਉਕਤ ਕਾਰ ਚਾਲਕ ਨੂੰ ਕਾਬੂ ਕਰ ਲਿਆ। ਕਾਬੂ ਕੀਤੇ ਗਏ ਵਿਅਕਤੀ ਦੀ ਮੌਜੂਦਗੀ ਵਿੱਚ ਜਦੋਂ ਕ੍ਰੇਟਾ ਗੱਡੀ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ, ਤਾਂ ਉਸ ਵਿੱਚੋਂ 100 ਕਿਲੋ ਭੁੱਕੀ ਬਰਾਮਦ ਹੋਈ। ਫੜੇ ਗਏ ਕਾਰ ਚਾਲਕ ਦੀ ਪਛਾਣ ਸੁਖਵਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ, ਨਿਵਾਸੀ ਪਿੰਡ ਮਰੌੜੀ, ਥਾਣਾ ਸਦਰ ਸਮਾਣਾ ਵਜੋਂ ਹੋਈ ਹੈ। ਪੁਲਿਸ ਮੁਤਾਬਿਕ ਫੜਿਆ ਗਿਆ ਮੁਲਜ਼ਮ ਸੁਖਵਿੰਦਰ ਸਿੰਘ ਪੇਸ਼ੇਵਰ ਨਸ਼ਾ ਤਸਕਰ ਹੈ। ਉਸ ਦੇ ਖ਼ਿਲਾਫ਼ ਪਹਿਲਾਂ ਵੀ ਵੱਖ-ਵੱਖ ਥਾਣਿਆਂ ਵਿੱਚ ਭੁੱਕੀ ਅਤੇ ਨਸ਼ਾ ਤਸਕਰੀ ਦੇ ਕਈ ਅਪਰਾਧਿਕ ਮੁਕੱਦਮੇ ਚੱਲ ਰਹੇ ਹਨ। ਫੜੇ ਗਏ ਕਥਿਤ ਦੋਸ਼ੀ ਸੁਖਵਿੰਦਰ ਸਿੰਘ ਖਿਲਾਫ ਐਨ ਡੀ ਐਂਡ ਪੀ ਐਸ ਐਕਟ ਤਹਿਤ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ।

# ਦੀਪਕ ਸੋਨੀ ਨੂੰ ਖੱਤਰੀ ਅਰੋੜਾ ਵੈਲਫੇਅਰ ਬੋਰਡ ਦਾ ਜਿਲ੍ਹਾ ਚੇਅਰਮੈਨ ਬਣਨ 'ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਨਮਾਨਿਤ ਕੀਤਾ

## ਨਵੀਂ ਜਿੰਮੇਵਾਰੀ ਮਿਲਣ 'ਤੇ ਮੰਤਰੀ ਬੈਂਸ ਨੇ ਦਿੱਤੀਆਂ ਵਧਾਈਆਂ, ਲੋਕਾਂ ਵਿੱਚ ਖੁਸ਼ੀ ਦੀ ਲਹਿਰ, ਸਮਾਜ ਸੇਵਾ ਅਤੇ ਪਾਰਟੀ ਪ੍ਰਤੀ ਨਿਭਾਅ ਦਾ ਮਿਲਿਆ ਫਲ, ਨਿਯੁਕਤੀ ਨਾਲ ਵਧੀਆਂ ਉਮੀਦਾਂ



**ਸ਼੍ਰੀ ਅਨੰਦਪੁਰ ਸਾਹਿਬ 12 ਜੂਨ (ਸੈਣੀ ਨਿੱਕੂਵਾਲ/ ਰਾਣਾ ਹਰੀਵਾਲ)** ਜਿਲ੍ਹਾ ਰੂਪਨਗਰ ਵਿੱਚ ਉਸ ਵੇਲੇ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਬਣ ਗਿਆ ਜਦੋਂ ਦੀਪਕ ਸੋਨੀ ਨੂੰ ਖੱਤਰੀ ਅਰੋੜਾ ਵੈਲਫੇਅਰ ਬੋਰਡ ਪੰਜਾਬ ਦਾ ਜਿਲ੍ਹਾ ਚੇਅਰਮੈਨ ਨਿਯੁਕਤ ਕੀਤਾ ਗਿਆ। ਇਹ ਮਹੱਤਵਪੂਰਨ ਫੈਸਲਾ ਮੁੱਖ ਮੰਤਰੀ ਦਫਤਰ ਪੰਜਾਬ ਵੱਲੋਂ ਲਿਆ ਗਿਆ, ਜਿਸਨੂੰ ਇਲਾਕੇ ਦੇ ਲੋਕਾਂ ਵੱਲੋਂ ਖੁੱਲ੍ਹ ਕੇ ਸਵਾਗਤ ਕੀਤਾ ਗਿਆ। ਇਸ ਨਿਯੁਕਤੀ ਨੂੰ ਜਿਲ੍ਹੇ ਦੇ ਸਮਾਜਿਕ ਵਿਕਾਸ ਅਤੇ ਭਲਾਈ ਲਈ ਇੱਕ ਅਹਿਮ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਇਸ ਮੌਕੇ ਪੰਜਾਬ ਦੇ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਦੀਪਕ ਸੋਨੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਦੀਪਕ ਸੋਨੀ ਨੇ ਲੰਬੇ ਸਮੇਂ ਤੱਕ ਇਮਾਨਦਾਰੀ, ਲਗਨ ਅਤੇ ਨਿਸ਼ਠਾ ਨਾਲ ਲੋਕ ਸੇਵਾ ਕੀਤੀ ਹੈ ਅਤੇ ਪਾਰਟੀ ਲਈ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇਸੇ ਕਾਰਨ ਉਨ੍ਹਾਂ ਨੂੰ ਇਹ ਜਿੰਮੇਵਾਰੀ ਸੌਂਪੀ ਗਈ ਹੈ। ਮੰਤਰੀ ਬੈਂਸ ਨੇ ਉਮੀਦ ਜਤਾਈ ਕਿ ਉਹ ਆਪਣੇ ਨਵੇਂ ਅਹੁਦੇ ਨੂੰ ਪੂਰੀ ਨਿਭਾਅ ਨਾਲ ਨਿਭਾਉਣਗੇ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਣਗੇ।

ਦੀਪਕ ਸੋਨੀ ਇਸ ਸਮੇਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਮੀਡੀਆ ਕੋਆਰਡੀਨੇਟਰ ਵਜੋਂ ਵੀ ਸੇਵਾਵਾਂ ਨਿਭਾ ਰਹੇ ਹਨ। ਉਹ ਇੱਕ ਪ੍ਰਸਿੱਧ ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ ਦੇ ਸਰਗਰਮ ਆਗੂ ਵਜੋਂ ਜਾਣੇ ਜਾਂਦੇ ਹਨ। ਉਹ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕੰਮਾਂ ਵਿੱਚ ਸਰਗਰਮ ਹਨ ਅਤੇ ਆਪਣੀ ਮਿਹਨਤ, ਇਮਾਨਦਾਰੀ ਅਤੇ ਵਫਾਦਾਰੀ ਨਾਲ ਲੋਕਾਂ ਦੇ ਦਿਲਾਂ ਵਿੱਚ ਖਾਸ ਥਾਂ ਬਣਾਈ ਹੈ। ਉਨ੍ਹਾਂ ਦੀ ਇਸ ਨਿਯੁਕਤੀ ਨਾਲ ਜਿੱਥੇ ਉਨ੍ਹਾਂ ਦੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜੀ ਹੈ, ਉੱਥੇ ਹੀ ਸਮਾਜ ਦੇ ਵੱਖ-ਵੱਖ ਵਰਗਾਂ ਵੱਲੋਂ ਵੀ ਇਸ ਫੈਸਲੇ ਦਾ ਭਰਪੂਰ ਸਵਾਗਤ ਕੀਤਾ ਗਿਆ ਹੈ। ਇਲਾਕੇ ਦੇ ਆਗੂਆਂ, ਅਹੁਦੇਦਾਰਾਂ, ਪੰਚਾਂ ਅਤੇ ਸਰਪੰਚਾਂ ਨੇ ਦੀਪਕ ਸੋਨੀ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਲੋਕਾਂ ਨੂੰ ਆਸ ਹੈ ਕਿ ਉਹ ਆਪਣੇ ਅਹੁਦੇ ਰਾਹੀਂ ਹੋਰ ਵਧੀਆ ਢੰਗ ਨਾਲ ਸਮਾਜ ਦੀ ਸੇਵਾ ਕਰਨਗੇ। ਇਸ ਮੌਕੇ ਸਰਪੰਚ ਲੱਕੀ ਕਪਿਲਾ, ਕੌਂਸਲਰ ਦੀਪਕ ਆਂਗਰਾ, ਪੰਚਾਇਤ ਮੈਂਬਰ ਰਾਹੁਲ ਸੋਨੀ, ਲਾਲਾ ਮਨੂ ਪੁਰੀ, ਅਜੇ ਪੁਰੀ ਹਾਜ਼ਰ ਸਨ।

# ਸਿਹਤ ਵਿਭਾਗ ਵਲੋਂ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਵਿਚ ਕੀਤੀਆਂ ਗਈਆਂ ਡੇਂਗੂ ਵਿਰੋਧੀ ਗਤੀਵਿਧੀਆਂ



**ਸ਼੍ਰੀ ਮੁਕਤਸਰ ਸਾਹਿਬ, 12 ਜੂਨ (ਲੱਕੀ ਚੜੇਵਾਨ)** ਸਿਹਤ ਵਿਭਾਗ ਵਲੋਂ ਲੋਕਾਂ ਨੂੰ ਡੇਂਗੂ ਤੋਂ ਬਚਾਉਣ ਲਈ ਹਰ ਸ਼ੁੱਕਰਵਾਰ ਨੂੰ "ਹਰ ਸ਼ੁੱਕਰਵਾਰ,ਡੇਂਗੂ ਤੇ ਵਾਰ"ਮੁਹਿਮ ਸ਼ੁਰੂ ਕੀਤੀ ਗਈ ਹੈ। ਜਿਸਦੇ ਤਹਿਤ ਡਾ ਸੁਨੀਲ ਬਾਂਸਲ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਵਿਚ ਸਿਹਤ ਵਿਭਾਗ ਦੀਆਂ ਟੀਮਾਂ ਜਿਨ੍ਹਾ ਵਿਚ ਸਿਹਤ ਵਿਭਾਗ ਦੇ ਕਰਮਚਾਰੀ, ਆਸ਼ਾ ਵਰਕਰ ਅਤੇ ਬ੍ਰੀਡਿੰਗ ਚੈਕਰ ਸ਼ਾਮਿਲ ਸਨ ਨੂੰ ਡੇਂਗੂ ਵਿਰੋਧੀ ਗਤੀਵਿਧੀਆਂ ਕਰਨ ਲਈ ਦਫਤਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਤੋਂ ਰਵਾਨਾ ਕੀਤਾ ਗਿਆ ਇਸ ਮੌਕੇ ਡਾ ਸੁਨੀਲ ਬਾਂਸਲ ਸਿਵਲ ਸਰਜਨ ਨੇ ਕਿਹਾ ਕਿ ਅੱਜ ਸਿਹਤ ਵਿਭਾਗ ਦੇ ਕਰਮਚਾਰੀਆ ਅਤੇ ਬ੍ਰੀਡਿੰਗ ਚੈਕਰਾਂ ਵਲੋਂ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਦੇ ਅਧੀਨ ਅੱਜ ਪੰਜਾਬ ਰੋਡਵੇਜ ਵਰਕਸ਼ਾਪ, ਕਬਾੜ ਦੀਆਂ ਦੁਕਾਨਾਂ, ਟਾਇਰਾਂ ਦੀਆਂ ਦੁਕਾਨਾਂ ਅਤੇ ਹੋਰ ਜਨਤਕ ਥਾਵਾਂ, ਮਲੋਟ ਰੋਡ, ਕੋਟਕਪੂਰਾ ਰੋਡ, ਅਬੋਹਰ ਰੋਡ ਜਾ ਕੇ ਡੇਂਗੂ ਵਿਰੋਧੀ ਗਤੀਵਿਧੀਆ ਕੀਤੀਆਂ ਗਈਆਂ ਹਨ ਉਨ੍ਹਾ ਕਿਹਾ ਕਿ ਡੇਂਗੂ ਤੋਂ ਬਚਣ ਲਈ ਸਾਵਧਾਨੀਆਂ ਵਰਤਨੀਆਂ ਬਹੁਤ ਜਰੂਰੀ ਹਨ, ਹਰ ਸ਼ੁੱਕਰਵਾਰ ਨੂੰ "ਹਰ ਸ਼ੁੱਕਰਵਾਰ,ਡੇਂਗੂ ਤੇ ਵਾਰ"ਦੇ ਤੌਰ ਤੇ ਮਨਾਇਆ ਜਾਵੇ ਅਤੇ ਇਸ ਦਿਨ ਪਾਣੀ ਸਟੋਰ ਕਰਨ ਵਾਲੇ ਬਰਤਨਾਂ ਨੂੰ ਇਕ ਵਾਰ ਸੁਕਾ ਕੇ ਦੁਬਾਰਾ ਵਰਤੋਂ ਵਿਚ ਲਿਆਂਦਾ ਜਾਵੇ ਤਾਂ ਜੋ ਮੱਛਰਾਂ ਦੀ ਪੈਦਾਇਸ਼ ਨੂੰ ਰੋਕਿਆ ਜਾ ਸਕੇ ਉਨ੍ਹਾ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾ ਵਲੋਂ ਰੋਜਾਨਾ ਪੱਧਰ ਤੇ ਘਰ ਘਰ ਅਤੇ ਜਨਤਕ ਥਾਵਾਂ ਤੇ ਜਾ ਕੇ ਪਾਣੀ ਦੇ ਸਰੋਤਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਪਾਣੀ ਖੜਨ ਵਾਲੇ ਸਰੋਤਾਂ ਵਿਚ ਐਂਟੀਲਾਰਵੀਅਲ ਟੈਮੀਫਾਸ ਸਪਰੇ ਦਾ ਛਿੜਕਾਅ ਕਰਕੇ ਲਾਰਵੇ ਨੂੰ ਨਸ਼ਟ ਕੀਤਾ ਜਾ ਰਿਹਾ ਹੈ ਤਾਂ ਜੋ ਡੇਂਗੂ ਦੀ ਬੀਮਾਰੀ ਤੋਂ ਬਚਾਅ ਹੋ ਸਕੇ ਉਨ੍ਹਾ ਸਾਰੇ ਵਿਭਾਗਾਂ ਦੇ ਕਰਮਚਾਰੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਡੇਂਗੂ ਵਿਰੋਧੀ ਗਤੀਵਿਧੀਆਂ ਦੋਰਾਨ ਸਿਹਤ ਵਿਭਾਗ ਦਾ ਸਹਿਯੋਗ ਕੀਤਾ ਜਾਵੇ ਅਤੇ ਸਿਹਤ ਵਿਭਾਗ ਵਲੋਂ ਦੱਸੀਆਂ ਜਾ ਰਹੀਆਂ ਸਾਵਧਾਨੀਆਂ ਦੀ ਵਰਤੋਂ ਕਰਕੇ ਡੇਂਗੂ ਤੋਂ ਬਚਿਆ ਜਾਵੇ। ਇਸ ਮੌਕੇ ਡਾ ਰੋਬਿਨ ਜਿਲ੍ਹਾ ਐਪੀਡੀਮੋਲੋਜਿਸਟ ਨੇ ਕਿਹਾ ਕਿ ਡੇਂਗੂ ਬੁਖਾਰ ਏਡੀਜ਼ ਅਜੈਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਇਹ ਮੱਛਰ ਇਕ ਹਫਤੇ ਤੋਂ ਵੱਧ ਖੜੇ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਕਬਾੜ, ਟਾਇਰ, ਟੁੱਟੇ ਘੜੇ ਅਤੇ ਗਮਲੇ ਆਦਿ ਵਿੱਚ ਪਾਣੀ ਖੜਨ ਨਹੀਂ ਦੇਣਾ ਚਾਹੀਦਾ। ਮੱਛਰਦਾਨੀਆ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰੋ, ਸਾਰੇ ਸਰੀਰ ਨੂੰ ਢੱਕਦੇ ਕੱਪੜੇ ਪਾਓ, ਘਰਾਂ ਦੇ ਆਲੇ ਦੁਆਲੇ ਪਾਣੀ ਨਾ ਖੜ੍ਹਾ ਹੋਣ ਦਿਓ, ਘਰਾਂ ਵਿੱਚ ਪਾਣੀ ਵਾਲੀਆਂ ਟੈਂਕੀਆਂ ਨੂੰ ਢੱਕ ਕੇ ਰੱਖੋ। ਇਸ ਮੌਕੇ ਡਾ. ਹਰਕੀਰਤਨ ਸਿੰਘ ਜਿਲ੍ਹਾ ਐਪੀਡੀਮੋਲੋਜਿਸਟ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਡੇਂਗੂ ਅਤੇ ਮਲੇਰੀਆ ਦੇ ਕੋਈ ਲੱਛਣ ਜਿਵੇਂ ਤੇਜ ਬੁਖਾਰ ਹੋਣਾ, ਸਿਰ ਦਰਦ, ਅੱਖਾਂ, ਜੋੜਾਂ ਅਤੇ ਸਰੀਰ ਵਿੱਚ ਦਰਦ, ਭੁੱਖ ਘੱਟ ਲੱਗਣਾ ਆਦਿ ਲੱਛਣ ਆਉਣ ਤਾਂ ਨੇੜੇ ਦੇ ਸਿਵਲ ਹਸਪਤਾਲ ਵਿਚ ਜਾ ਕੇ ਮਾਹਿਰ ਡਾਕਟਰ ਨਾਲ ਸੰਪਰਕ ਕੀਤਾ ਜਾਵੇ ਅਤੇ ਡੇਂਗੂ ਦਾ ਟੈਸਟ ਜਰੂਰ ਕਰਵਾਇਆ ਜਾਵੇ ਅਤੇ ਡੇਂਗੂ ਪਾਜੇਟਿਵ ਆਉਣ ਦੀ ਸੂਰਤ ਵਿੱਚ ਮਾਹਿਰ ਡਾਕਟਰ ਤੋਂ ਇਲਾਜ ਕਰਵਾਇਆ ਜਾਵੇ ਡੇਂਗੂ ਦੇ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ।

# ਮਾਨ ਸਰਕਾਰ ਸਿਆਸੀ ਪੱਖਪਾਤ ਦੀਆਂ ਕੰਧਾਂ ਢਾਹ ਕੇ ਪੇਂਡੂ ਵਿਕਾਸ ਨੂੰ ਬਣਾਏਗੀ ਨੰਬਰ-1: ਡਾ. ਮਿੰਕੂ ਜਵੰਧਾ



**ਭਵਾਨੀਗੜ੍ਹ, 12 ਜੂਨ (ਰਾਜ ਖੁਰਮੀ):** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੇਂਡੂ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਦੇ ਉਦੇਸ਼ ਨਾਲ ਪੰਜਾਬ ਇਨਫੋਟੈਕ ਅਤੇ ਭਾਈ ਗੁਰਦਾਸ ਗਰੁੱਪ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਪਿੰਡ ਗੁਰਦਾਸਪੁਰਾ (ਗੁਰਥਲੀ) ਦਾ ਦੌਰਾ ਕਰਕੇ ਪਿੰਡ ਵਾਸੀਆਂ ਨਾਲ ਅਹਿਮ ਬੈਠਕ ਕੀਤੀ। ਇਸ ਮੌਕੇ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਪਿੰਡ ਦੀ ਵਿਕਾਸ ਯੋਜਨਾਵਾਂ ਅਤੇ ਲੋਕ ਭਲਾਈ ਸਕੀਮਾਂ ਸਬੰਧੀ ਕਰਵਾਈ ਗਈ ਬੈਠਕ ਨੂੰ ਸੰਬੋਧਨ ਕਰਦਿਆਂ ਡਾ. ਜਵੰਧਾ ਨੇ ਕਿਹਾ ਕਿ ਮਾਨ ਸਰਕਾਰ ਪਿੰਡਾਂ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਹੁਣ ਕਿਸੇ ਵੀ ਪਿੰਡ ਜਾਂ ਵਿਅਕਤੀ ਨਾਲ ਸਿਆਸੀ ਆਧਾਰ 'ਤੇ ਕੋਈ ਭੇਦਭਾਵ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਪੰਜਾਬ ਦੇ ਹਰ ਪਿੰਡ ਨੂੰ ਸਰਵਪੱਖੀ ਵਿਕਾਸ ਦਾ ਮਾਡਲ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਅਸਲ ਵਿਕਾਸ ਉਦੋਂ ਹੀ ਸੰਭਵ ਹੈ ਜਦੋਂ ਲੋਕ ਸਿਆਸੀ ਮੱਤਭੇਦਾਂ ਨੂੰ ਪਿੱਛੇ ਛੱਡ ਕੇ ਭਾਈਚਾਰਕ ਸਾਂਝ ਅਤੇ ਪਿੰਡ ਦੇ ਸਾਂਝੇ ਹਿੱਤਾਂ ਲਈ ਇਕਜੁੱਟ ਹੋ ਕੇ ਕੰਮ ਕਰਨ। ਡਾ. ਜਵੰਧਾ ਨੇ ਭਰੋਸਾ ਦਿੱਤਾ ਕਿ ਪਿੰਡ ਗੁਰਦਾਸਪੁਰਾ (ਗੁਰਥਲੀ) ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਦੌਰਾਨ ਪਿੰਡ ਦੇ ਸਰਪੰਚ ਨਾਜਰ ਸਿੰਘ ਅਤੇ ਪੰਚਾਇਤ ਮੈਂਬਰਾਂ ਨੇ ਡਾ. ਜਵੰਧਾ ਦੀ ਕਾਰਗੁਜ਼ਾਰੀ ਅਤੇ ਲੋਕਾਂ ਨਾਲ ਸਿੱਧੇ ਸੰਪਰਕ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਪਿੰਡ ਵਾਸੀ ਧੜੇਬੰਦੀਆਂ ਤੋਂ ਉੱਪਰ ਉੱਠ ਕੇ ਵਿਕਾਸ ਕਾਰਜਾਂ ਵਿੱਚ ਪੂਰਾ ਸਹਿਯੋਗ ਦੇਣਗੇ। ਬੈਠਕ ਵਿੱਚ ਪੰਚਾਇਤ ਮੈਂਬਰ ਰਾਜਿੰਦਰ ਸਿੰਘ, ਰਜਵੰਤ ਸਿੰਘ, ਸਰਨਜੀਤ ਕੌਰ, ਜਗਤਾਰ ਸਿੰਘ, ਮਨਿੰਦਰ ਸਿੰਘ, ਨਰਿੰਦਰ ਸਿੰਘ, ਦੇਵ ਸਿੰਘ, ਹਰਦੇਵ ਸਿੰਘ, ਰਣਜੀਤ ਸਿੰਘ, ਕਰਨੈਲ ਸਿੰਘ, ਗੁਰਫਤਿਹ ਸਿੰਘ, ਦਲੀਪ ਸਿੰਘ, ਭਜਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਨੌਜਵਾਨ ਅਤੇ ਮਹਿਲਾਵਾਂ ਹਾਜ਼ਰ ਸਨ।

# ਲੋਕ ਸੇਵਾ, ਪਾਰਦਰਸ਼ਤਾ ਅਤੇ ਵਿਕਾਸ ਬਣੇਗਾ ਮਿਸ਼ਨ: ਡੀਟੀਓ ਕਰਨ ਸਿੰਘ ਨੇ ਸ਼ੁਤਰਾਣਾ ਲਈ ਜਾਰੀ ਕੀਤਾ 10 ਨੁਕਾਤੀ ਏਜੰਡਾ



**ਪਾਤੜਾਂ, 12 ਜੂਨ (ਜਸਵਿੰਦਰ ਸਿੰਘ ਪਾਰਸ)** ਹਲਕਾ ਸ਼ੁਤਰਾਣਾ ਦੇ ਸਮੁੱਚੇ ਵਿਕਾਸ, ਸਮਾਜਿਕ ਸੁਧਾਰ ਅਤੇ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ ਡੀਟੀਓ ਕਰਨ ਸਿੰਘ ਵੱਲੋਂ ਆਪਣੇ 10 ਮੁੱਖ ਟੀਚੇ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਸੁਪਨਾ ਹਲਕਾ ਸ਼ੁਤਰਾਣਾ ਨੂੰ ਨਸ਼ਾ ਮੁਕਤ, ਭ੍ਰਿਸ਼ਟਾਚਾਰ ਰਹਿਤ, ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਵਾਲਾ ਇਲਾਕਾ ਬਣਾਉਣਾ ਹੈ। ਡੀਟੀਓ ਕਰਨ ਸਿੰਘ ਨੇ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਵਿਆਪਕ ਜਾਗਰੂਕਤਾ ਮੁਹਿੰਮ ਦੇ ਨਾਲ-ਨਾਲ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਨੂੰ ਯਕੀਨੀ ਬਣਾਇਆ ਜਾਵੇਗਾ। ਇਸ ਦੇ ਨਾਲ ਹੀ ਸਮਾਜ ਨੂੰ ਖੋਖਲਾ ਕਰਨ ਵਾਲੀਆਂ ਗੈਰ-ਕਾਨੂੰਨੀ ਗਤੀਵਿਧੀਆਂ ਅਤੇ ਦੇਹ ਵਪਾਰ ਦੇ ਅੱਡਿਆਂ ਨੂੰ ਬੰਦ ਕਰਵਾਉਣ ਲਈ ਵੀ ਢੁੱਕਵੇਂ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਥਾਣਿਆਂ ਅਤੇ ਸਰਕਾਰੀ ਦਫ਼ਤਰਾਂ ਵਿੱਚ ਆਮ ਲੋਕਾਂ ਨਾਲ ਹੋਣ ਵਾਲੀ ਕਥਿਤ ਧੱਕੇਸ਼ਾਹੀ, ਲੁੱਟ-ਖਸੁੱਟ ਅਤੇ ਰਿਸ਼ਵਤਖੋਰੀ ਨੂੰ ਰੋਕਣ ਲਈ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਣਾਲੀ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਭ੍ਰਿਸ਼ਟਾਚਾਰ ਦੇ ਖ਼ਾਤਮੇ ਅਤੇ ਲੋਕਾਂ ਨੂੰ ਨਿਰਪੱਖ ਇਨਸਾਫ਼ ਦਿਵਾਉਣ ਲਈ ਇਮਾਨਦਾਰੀ ਅਤੇ ਸੇਵਾ ਭਾਵਨਾ ਨਾਲ ਕੰਮ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਹਲਕੇ ਵਿੱਚ ਗੁੰਡਾਗਰਦੀ, ਅਪਰਾਧਿਕ ਤੱਤਾਂ ਅਤੇ ਸਮਾਜ ਵਿਰੋਧੀ ਅਨਸਰਾਂ 'ਤੇ ਨਕੇਲ ਕੱਸਣ ਲਈ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਸੁਰੱਖਿਅਤ ਅਤੇ ਸ਼ਾਂਤਮਈ ਮਾਹੌਲ ਮਿਲ ਸਕੇ। ਡੀਟੀਓ ਕਰਨ ਸਿੰਘ ਨੇ ਕਿਹਾ ਕਿ ਸੜਕਾਂ, ਪੀਣ ਵਾਲੇ ਸਾਫ਼ ਪਾਣੀ, ਬਿਜਲੀ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਵੇਗੀ। ਵਿਕਾਸ ਕਾਰਜਾਂ ਵਿੱਚ ਕਮੀਸ਼ਨਬਾਜ਼ੀ ਅਤੇ ਬੇਨਿਯਮੀਆਂ ਨੂੰ ਰੋਕਣ ਲਈ ਪਾਰਦਰਸ਼ਤਾ ਅਤੇ ਜਨਤਕ ਜਵਾਬਦੇਹੀ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਾਤ-ਪਾਤ, ਧਰਮ ਅਤੇ ਵਰਗ ਤੋਂ ਉੱਪਰ ਉੱਠ ਕੇ ਹਰ ਵਿਅਕਤੀ ਦੀ ਸੇਵਾ ਕਰਨਾ ਉਨ੍ਹਾਂ ਦਾ ਫ਼ਰਜ਼ ਹੈ। ਲੋਕਾਂ ਨਾਲ ਪਿਆਰ, ਸਤਿਕਾਰ, ਮਿੱਠੇ ਬੋਲ ਅਤੇ ਹਲੀਮੀ ਨਾਲ ਪੇਸ਼ ਆਉਂਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਹੱਲ ਕਰਨਾ ਹੀ ਉਨ੍ਹਾਂ ਦੀ ਪਹਿਲੀ ਤਰਜੀਹ ਰਹੇਗੀ। ਉਨ੍ਹਾਂ ਕਿਹਾ ਕਿ ਇਹ 10 ਮੁੱਖ ਮੰਤਵ ਸਿਰਫ਼ ਵਾਅਦੇ ਨਹੀਂ, ਸਗੋਂ ਹਲਕਾ ਸ਼ੁਤਰਾਣਾ ਨੂੰ ਵਿਕਾਸ, ਖੁਸ਼ਹਾਲੀ ਅਤੇ ਸਮਾਜਿਕ ਏਕਤਾ ਦੀ ਨਵੀਂ ਮਿਸਾਲ ਬਣਾਉਣ ਲਈ ਇੱਕ ਦ੍ਰਿੜ ਸੰਕਲਪ ਹਨ। ਉਨ੍ਹਾਂ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇੱਕ ਬਿਹਤਰ ਅਤੇ ਤਰੱਕੀਸ਼ੀਲ ਸਮਾਜ ਦੀ ਸਿਰਜਣਾ ਲਈ ਸਾਰੇ ਮਿਲ ਕੇ ਯੋਗਦਾਨ ਪਾਉਣ।

# ਨਸ਼ਾ ਵਿਰੋਧੀ ਪ੍ਰੋਗਰਾਮ ਦੌਰਾਨ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਨੌਜਵਾਨਾਂ ਨੂੰ ਨਸ਼ਿਆਂ ਖ਼ਿਲਾਫ਼ ਡਟ ਕੇ ਖੜ੍ਹਣ ਦਾ ਦਿੱਤਾ ਸੱਦਾ

### ਰੰਗਲੇ ਪੰਜਾਬ ਦੀ ਸਿਰਜਣਾ ਲਈ ਯੁੱਧ ਨਸ਼ਿਆਂ ਵਿਰੁੱਧ ਲੜਾਈ ਵਿੱਚ ਲੋਕ ਵੱਡੀ ਤਦਾਦ ਵਿੱਚ ਆਏ ਅੱਗੇ

**ਅੰਮ੍ਰਿਤਸਰ, 12 ਜੂਨ (ਸੋਨੂ ਨਰੂਲਾ)** ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਅੱਜ ਜੰਡਿਆਲਾ ਗੁਰੂ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਵਿਰੋਧੀ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਹੇਠ ਪਿੰਡਾਂ ਦੇ ਸਰਪੰਚਾਂ, ਯੂਥ ਕਲੱਬਾਂ, ਯੂਨੀਅਨਾਂ ਦੇ ਨੁਮਾਇੰਦਿਆਂ ਅਤੇ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਵੀ ਕੀਤੀ ਗਈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਸਾਡੇ ਦੇਸ਼ ਅਤੇ ਪੰਜਾਬ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।



ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਨਸ਼ਿਆਂ ਦੇ ਖ਼ਿਲਾਫ਼ ਡੱਟ ਕੇ ਖੜ੍ਹਣ ਅਤੇ ਆਪਣੇ ਪਿੰਡਾਂ ਅਤੇ ਇਲਾਕਿਆਂ ਵਿੱਚ ਜਾਗਰੂਕਤਾ ਫੈਲਾਉਣ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਸਾਰੇ ਮਿਲ ਕੇ ਇੱਕਜੁੱਟ ਹੋ ਕੇ ਇਸ ਸਮਾਜਿਕ ਬੁਰਾਈ ਵਿਰੁੱਧ ਸੰਘਰਸ਼ ਕਰੀਏ ਤਾਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦਾ ਸੁਪਨਾ ਜ਼ਰੂਰ ਸਾਕਾਰ ਹੋ ਸਕਦਾ ਹੈ।

ਲੋਕ ਨਿਰਮਾਣ ਮੰਤਰੀ ਨੇ ਸਰਪੰਚਾਂ, ਯੂਨੀਅਨਾਂ ਅਤੇ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਨਸ਼ਾ ਵਿਰੋਧੀ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ, ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਸਮਾਜਿਕ ਕਾਰਜਾਂ ਨਾਲ ਜੋੜਨ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ। ਉਨ੍ਹਾਂ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹੁਣ ਤੱਕ 60 ਹਜ਼ਾਰ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ 90 ਹਜ਼ਾਰ ਤੋਂ ਵੱਧ ਨਸ਼ਾ ਪੀੜਤ ਵਿਅਕਤੀਆਂ ਦਾ ਇਲਾਜ ਨਸ਼ਾ ਛੁਡਾਉ ਕੇਂਦਰਾਂ ਵਿਖੇ ਸਰਕਾਰ ਵੱਲੋਂ ਮੁਫਤ ਵਿੱਚ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹਰੇਕ ਪਿੰਡ ਵਿੱਚ ਈ-ਰਿਕਸ਼ਾ ਚਲਾਏ ਗਏ ਹਨ ਜਿੰਨਾਂ ਵਿੱਚ ਇਕ ਸ਼ਿਕਾਇਤ ਬਕਸਾ ਵੀ ਲਗਾਇਆ ਗਿਆ ਹੈ ਜਿਸ ਵਿੱਚ ਲੋਕ ਨਸ਼ਾ ਤਸਕਰਾਂ ਖਿਲਾਫ ਬਿਨਾਂ ਆਪਣੀ ਪਹਿਚਾਣ ਦੱਸੇ ਸ਼ਿਕਾਇਤ ਦਰਜ ਸਕ ਸਕਣਗੇ। ਉਨ੍ਹਾਂ ਕਿਹਾ ਕਿ ਸ਼ਿਕਾਇਤ ਬਕਸੇ ਵਿੱਚ ਜਿਸ ਵੀ ਨਸ਼ਾ ਤਸਕਰ ਦੀ ਸੂਚਨਾ ਮਿਲੇਗੀ ਦੇ ਖਿਲਾਫ ਤੁਰੰਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਆਮ ਆਦਮੀ ਪਾਰਟੀ ਦਿਹਾਤੀ ਦੇ ਪ੍ਰਧਾਨ ਸ੍ਰ ਗੁਰਪ੍ਰਤਾਪ ਸਿੰਘ ਸੰਧੂ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹਰ ਘਰ ਤੱਕ ਪਹੁੰਚਾਇਆ ਗਿਆ ਹੈ ਅਤੇ ਇਸ ਨੂੰ ਜੜ੍ਹੋ ਖਤਮ ਕਰਕੇ ਹੀ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਇਆ ਜਾਵੇਗੇ। ਉਨ੍ਹਾਂ ਕਿਹਾ ਕਿ ਹੁਣ ਤੱਕ ਇਸ ਮੁਹਿੰਮ ਦੇ ਪੱਖੀ ਨਤੀਜੇ ਵੀ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਮੋਰਚਾ ਦਾ ਸਾਰੇ ਵਾਲੰਟੀਅਰਜ਼ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਬਹੁਤ ਵਧੀਆ ਕੰਮ ਕਰ ਰਹੇ ਹਨ। ਇਸ ਮੌਕੇ ਐਸ:ਡੀ:ਐਮ ਮੈਡਮ ਅਲਕਾ ਕਾਲੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਸੂਬੇ ਨੂੰ ਨਸ਼ਾ ਮੁਕਤ ਕੀਤਾ ਜਾ ਸਕਦਾ ਹੈ ਜੇਕਰ ਲੋਕ ਸਾਥ ਦੇਣ ਤਾਂ ਇਸ ਦੇ ਹੋਰ ਵੀ ਹਾਂ ਪੱਖੀ ਨਤੀਜੇ ਸਾਹਮਣੇ ਆਉਣਗੇ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਜੰਡਿਆਲਾ ਗੁਰੂ ਦੇ ਡੀ:ਐਸ:ਪੀ ਸ੍ਰ ਬਲਜੀਤ ਸਿੰਘ ਨੇ ਕਿਹਾ ਕਿ ਜੇਕਰ ਤੁਹਾਡੇ ਪਿੰਡ ਵਿੱਚ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਸਿੱਧੀ ਸੂਚਨਾ ਮੈਨੂੰ ਦਿਓ, ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ।

ਇਸ ਮੌਕੇ ਹਾਜ਼ਰ ਪਿੰਡਾਂ ਦੇ ਨੁਮਾਇੰਦਿਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰਾਂ ਨੇ ਵੀ ਨਸ਼ਿਆਂ ਦੇ ਖਾਤਮੇ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਾਂਝੇ ਯਤਨ ਕਰਨ ਦਾ ਸੰਕਲਪ ਲਿਆ।

ਇਸ ਮੀਟਿੰਗ ਵਿੱਚ ਨਸ਼ਾ ਮੁਕਤੀ ਮੋਰਚਾ ਦਿਹਾਤੀ ਦੇ ਪ੍ਰਧਾਨ ਸ੍ਰ ਕੁਲਦੀਪ ਸਿੰਘ, ਵਾਈਸ ਪ੍ਰਧਾਨ ਨਿਰਵੈਲ ਸਿੰਘ, ਕੌਂਸਲਰ ਸਤਿੰਦਰ ਸਿੰਘ, ਕੌਂਸਲਰ ਰਾਜ ਕੁਮਾਰ ਮਲਹੋਤਰਾ, ਬੀ:ਡੀ:ਪੀ:ਓ ਸ੍ਰ ਮਲਕੀਤ ਸਿੰਘ, ਚੇਅਰਮੈਨ ਗੁਰਵਿੰਦਰ ਸਿੰਘ, ਸੂਬੇਦਾਰ ਸ਼ਨਾਖ ਸਿੰਘ, ਬਲਾਕ ਪ੍ਰਧਾਨ ਕੇਵਲ ਸਿੰਘ, ਸਰਪੰਚ ਅਮਰੀਕ ਸਿੰਘ, ਤਹਿਸੀਲਦਾਰ ਅਕਵਿੰਦਰ ਕੌਰ, ਐਸ:ਸੀ ਵਿੰਗ ਦੇ ਹਲਕਾ ਇੰਚਾਰਜ ਮਨਜੀਤ ਸਿੰਘ, ਸਮਸ਼ੇਰ ਸਿੰਘ, ਅਜੈਬੀਰ ਸਿੰਘ, ਮੌਲਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਲੰਟੀਅਰਜ, ਡਿਫੈਂਸ ਕਮੇਟੀਆਂ ਦੇ ਮੈਂਬਰ ਅਤੇ ਸਰਪੰਚ ਹਾਜਰ ਸਨ।

# ਕੇਨ ਕਮਿਸ਼ਨਰ ਵੱਲੋਂ ਗੰਨੇ ਦੀ ਫ਼ਸਲ ਦੇ ਕੀਤੇ ਜਾ ਰਹੇ ਸਰਵੇਖਣ ਦਾ ਲਿਆ ਜਾਇਜ਼ਾ



**ਮੋਰਿੰਡਾ, 12 ਜੂਨ (ਜਸਬੀਰ ਸਿੰਘ ਸ਼ਾਂਤਪੁਰੀ)** ਹਰ ਸਾਲ ਜੂਨ ਜੁਲਾਈ ਮਹੀਨੇ ਦੌਰਾਨ ਗੰਨੇ ਦੀ ਫ਼ਸਲ ਦਾ ਸਹਿਕਾਰੀ ਅਤੇ ਨਿੱਜੀ ਖੰਡ ਵਲੋਂ ਸਰਵੇਅ ਕੀਤਾ ਜਾਂਦਾ ਹੈ ਤਾਂ ਗੰਨੇ ਦੀ ਫ਼ਸਲ ਹੇਠ ਰਕਬੇ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਉਸ ਅਨੁਸਾਰ ਕਲੰਡਰ ਨਿਰਧਾਰਤ ਕੀਤਾ ਜਾ ਸਕੇ। ਸਹਿਕਾਰੀ ਖੰਡ ਮਿੱਲ ਮੋਰਿੰਡਾ ਵਲੋਂ ਚੱਲ ਰਹੇ ਸਰਵੇਅ ਦੇ ਕੰਮ ਦਾ ਜਾਇਜ਼ਾ ਲੈਣ ਲਈ ਗੰਨਾ ਕਮਿਸ਼ਨਰ ਪੰਜਾਬ ਡਾਕਟਰ ਅਮਰੀਕ ਸਿੰਘ ਵਲੋਂ ਸਰਹੱਦੀ ਪਿੰਡਾਂ ਰਾਣਵਾਂ ਦਾ ਦੌਰਾ ਕੀਤਾ। ਦੌਰੇ ਦੌਰਾਨ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਦੀਆਂ ਗੰਨੇ ਦੀ ਫ਼ਸਲ ਨਾਲ ਸੰਬੰਧਤ ਮੁਸ਼ਕਲਾਂ ਦਾ ਮੌਕੇ ਤੇ ਹੱਲ ਕੀਤਾ। ਇਸ ਵਾਰ ਪੰਜਾਬ ਸਰਕਾਰ ਵਲੋਂ ਸਮੇਂ ਸਿਰ ਗੰਨੇ ਦੀ ਅਦਾਇਗੀ ਕਰਨ ਲਈ ਗੰਨਾ ਕਾਸ਼ਤਕਾਰਾਂ ਵਲੋਂ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਜੀ ਦਾ ਧੰਨਵਾਦ ਕੀਤਾ। ਇਸ ਮੌਕੇ ਡਾਕਟਰ ਬਖ਼ਸ਼ੀਸ਼ ਸਿੰਘ ਰੰਧਾਵਾ ਸਹਾਇਕ ਗੰਨਾ ਕਮਿਸ਼ਨਰ, ਡਾਕਟਰ ਰਵਿੰਦਰ ਸਿੰਘ ਮੁੱਖ ਗੰਨਾ ਵਿਕਾਸ ਅਫ਼ਸਰ, ਬਲਜੀਤ ਸਿੰਘ,ਮਲਕੀਤ ਸਿੰਘ ਸਿੰਘ ਅਤੇ ਗੰਨਾ ਕਾਸ਼ਤ ਕਾਰ ਹਾਜ਼ਰ ਸਨ।

ਪਿੰਡ ਰਾਣਵਾਂ ਵਿਚ ਗੰਨਾ ਕਾਸ਼ਤਕਾਰਾਂ ਨਾਲ ਗਲਬਾਤ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਮੂਢੀ ਫਸਲ ਦੀ ਸੰਭਾਲ ਵੱਲ ਸਹੀ ਸਮੇਂ ਤੇ ਧਿਆਨ ਨਾਂ ਦੇਣ ਨਾਲ ਪੈਦਾਵਾਰ ਘਟਦੀ ਹੈ , ਜੋਂ ਗੰਨਾ ਕਾਸ਼ਤਕਾਰਾਂ ਅਤੇ ਖੰਡ ਮਿੱਲਾਂ ਨੂੰ ਆਰਥਿਕ ਨੁਕਸਾਨ ਦਾ ਕਾਰਨ ਬਣਦੀ ਹੈ । ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਦੌਰਾਨ ਅਤੀ ਦੀ ਗਰਮੀ ਅਤੇ ਲੂਅ ਨੂੰ ਮੁੱਖ ਰੱਖਦਿਆਂ ਗੰਨੇ ਦੀ ਫ਼ਸਲ ਨੂੰ 10-15 ਦਿਨ ਦੇ ਵਕਫੇ ਤੇ ਪਾਣੀ ਦਿੰਦੇ ਰਹਿਣਾ ਚਾਹੀਦਾ ਤਾਂ ਜੋਂ ਪਾਣੀ ਦੀ ਘਾਟ ਨਾਲ ਗੰਨੇ ਦੀ ਫ਼ਸਲ ਪ੍ਰਭਾਵਤ ਨਾਂ ਹੋ ਸਕੇ। ਉਨ੍ਹਾਂ ਕਿਹਾ ਕਿ ਗੰਨੇ ਦੀ ਚੰਗੀ ਗੁਣਵੱਤਾ ਅਤੇ ਵਧੇਰੇ ਪੈਦਾਵਾਰ ਲੈਣ ਲਈ ਗੰਨੇ ਦੀ ਮੂਢੀ ਫਸਲ ਦਾ ਪ੍ਰਬੰਧਨ ਕਰਨਾ ਬਹੁਤ ਜ਼ਰੂਰੀ ਕੰਮ ਹੈ ਕਿਉਂਕਿ ਜੇਕਰ ਸ਼ੁਰੂਆਤੀ ਪੜਾਅ ਦੌਰਾਨ ਮੂਢੀ ਫ਼ਸਲ ਦੀ ਸਹੀ ਦੇਖਭਾਲ ਨਾਂ ਕੀਤੀ ਜਾਵੇ ਤਾਂ ਗੰਨੇ ਦੀ ਪੈਦਾਵਾਰ ਦੇ ਨਾਲ ਨਾਲ ਖੰਡ ਦੀ ਰਿਕਵਰੀ ਘਟਦੀ ਹੈ ਜਿਸ ਨਾਲ ਗੰਨਾਂ ਕਾਸ਼ਤਕਾਰ ਅਤੇ ਖੰਡ ਮਿੱਲ ਦੋਹਾਂ ਨੂੰ ਆਰਥਿਕ ਨੁਕਸਾਨ ਹੁੰਦਾ ਹੈ। ਗੰਨੇ ਦੀ ਮੂਢੀ ਫਸਲ ਦੀ ਸੁਚੱਜੀ ਸਾਂਭ ਸੰਭਾਲ ਬਾਰੇ ਉਨ੍ਹਾਂ ਨੇ ਦੱਸਿਆ ਕਿ ਗੰਨੇ ਦੀ ਬੀਜੜ ਫ਼ਸਲ ਨੂੰ ਕੀੜਿਆਂ ਤੋਂ ਬਚਾਉਣ ਲਈ ਨਿਰੰਤਰ ਨਿਰੀਖਣ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਦੱਸਿਆ ਕਿ ਅੱਜ ਕੀਤੇ ਦੌਰੇ ਦੌਰਾਨ ਦੇਖਿਆ ਗਿਆ ਕਿ ਗੰਨੇ ਦੀ ਫ਼ਸਲ ਖਾਸ ਕਰਕੇ ਮੂਢੀ ਫਸਲ ਉੱਪਰ ਅਗੇਤੀ ਫੋਟ ਦੇ ਗੜੂਏ ਅਤੇ ਕਾਲੇ ਖਟਮਲ ਦਾ ਹਮਲਾ ਹੋਇਆ ਹੈ ਪ੍ਰੰਤੂ ਕਿਸਾਨਾਂ ਨੂੰ ਘਬਰਾਉਣ ਦੀ ਜ਼ਰੂਰਤ ਨਹੀਂ ਕਿਉਂਕਿ ਇਸ ਕੀੜੇ ਦਾ ਹਮਲਾ ਆਰਥਿਕ ਨੁਕਸਾਨ ਦੇ ਪੱਧਰ ਤੋਂ ਹੇਠਾਂ ਹੀ ਹੈ। ਉਨ੍ਹਾਂ ਕਿਹਾ ਕਿ ਇਸ ਕੀੜੇ ਦੇ ਸ਼ੁਰੂਆਤੀ ਹਮਲੇ ਨੂੰ ਟਰਾਈਕੋ ਕਾਰਡ ਲਗਾ ਕੇ ਘਟਾਇਆ ਜਾ ਸਕਦਾ ਹੈ ਅਤੇ ਕਾਰਡ ਖੰਡ ਮਿੱਲਾਂ ਵਲੋਂ ਕਿਸਾਨਾਂ ਨੂੰ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਹਮਲਾ ਜ਼ਿਆਦਾ ਹੈ ਤਾਂ 10 ਕਿਲੋ ਫਿਪਰੋਨਿਲ ਪ੍ਰਤੀ ਏਕੜ ਨੂੰ 20 ਕਿਲੋ ਸਿੱਲੀ ਮਿੱਟੀ ਵਿੱਚ ਮਿਲਾ ਕੇ ਗੰਨੇ ਦੀ ਫ਼ਸਲ ਦੀਆਂ ਲਾਈਨਾਂ ਦੇ ਨਾਲ ਨਾਲ ਕੇਰ ਦੇਣੀ ਚਾਹੀਦੀ ਹੈ ਅਤੇ ਬਾਅਦ ਵਿਚ ਪਾਣੀ ਲਗਾ ਦੇਣਾ ਚਾਹੀਦਾ। ਉਨ੍ਹਾਂ ਕਿਹਾ ਕਿ ਜੂਨ ਦੇ ਅਖੀਰ ਵਿਚ ਅਤੇ ਜੁਲਾਈ ਦੇ ਸ਼ੁਰੂ ਵਿਚ 50 ਮਿਲੀ ਕਲੋਐਂਟਰਾਨਿਲੀਪਰੋਲ ਨੂੰ 400 ਲਿਟਰ ਪਾਣੀ ਦੇ ਘੋਲ ਵਿਚ ਗੰਨੇ ਦੀਆਂ ਲਾਈਨਾਂ ਦੇ ਨਾਲ ਨਾਲ ਪਾਂ ਦੇਣੀ ਚਾਹੀਦੀ ਹੈ ਅਤੇ ਬਾਅਦ ਵਿਚ ਪਾਣੀ ਲਾ ਦੇਣਾ ਚਾਹੀਦਾ। ਉਨ੍ਹਾਂ ਕਿਹਾ ਕਿ ਮੂਢੀ ਫਸਲ ਦੇ ਪੁੰਗਰਨ ਤੋਂ 20-25 ਦਿਨਾਂ ਬਾਅਦ ਖੇਤ ਦਾ ਨਿਰੀਖਣ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੂਢੀ ਫਸਲ ਦੇ ਬਿਹਤਰ ਵਾਧੇ ਲਈ ਖਾਦਾਂ ਨੂੰ ਮੁੱਢਲੀ ਅਵਸਥਾ ਵਿਚ ਹੀ ਪਾ ਦੇਣਾ ਚਾਹੀਦਾ । ਉਨ੍ਹਾਂ ਕਿਹਾ ਕਿ ਮੂਢੀ ਫਸਲ ਨੂੰ ਬੀਜੜ ਫਸਲ ਨਾਲੋਂ 20% ਵੱਧ ਜਾਨੀ 195 ਕਿਲੋ ਯੂਰੀਆ ਪ੍ਰਤੀ ਏਕੜ ਨੂੰ ਤਿੰਨ ਹਿੱਸਿਆਂ ਪਹਿਲੀ ਗੁਡਾਈ ਕਰਨ ਸਮੇਂ , ਦੂਜੀ ਅਪ੍ਰੈਲ ਮਈ ਅਤੇ ਤੀਜੀ ਜੂਨ ਦੇ ਅਖੀਰ ਵਿੱਚ ਪਾਉਣੀ ਚਾਹੀਦੀ ਚਾਹੀਦੀ ਹੈ। ਇਸ ਦੇ ਨਾਲ ਗੋਡੀ ਕਰਨ ਸਮੇਂ 150 ਕਿਲੋ ਸਿੰਗਲ ਸੁਪਰ ਫਾਸਫੇਟ ਅਤੇ 20 ਕਿਲੋ ਪੋਟਾਸ਼ ਖਾਦ ਪਾਓ ਅਤੇ ਨਦੀਨਾਂ ਦਾ ਸਹੀ ਸਮੇਂ ਤੇ ਪ੍ਰਬੰਧਨ ਕਰਨਾ ਚਾਹੀਦਾ। ਉਨ੍ਹਾਂ ਗੰਨਾ ਕਾਸ਼ਤਕਾਰਾਂ ਨੂੰ ਅਪੀਲ ਕੀਤੀ ਕਿ ਸਰਵੇਅ ਦੌਰਾਨ ਗੰਨਾ ਕਰਮਚਾਰੀਆਂ ਨੂੰ ਗੰਨੇ ਦੀ ਫ਼ਸਲ ਬਾਰੇ ਸਹੀ ਜਾਣਕਾਰੀ ਦਿੱਤੀ ਜਾਵੇ।ਗੰਨਾ ਵਿਕਾਸ ਅਧਿਕਾਰੀ ਰਵਿੰਦਰ ਸਿੰਘ ਨੇ ਦੱਸਿਆ ਕਿ ਖੰਡ ਮਿੱਲ ਵਲੋਂ ਕੀੜਿਆਂ ਦੀ ਰੋਕਥਾਮ ਤੇ ਵਾਜਬ ਮੁੱਲ ਤੇ ਕਲੋਐਂਟਰਾਨਿਲੀਪ੍ਰੋਲ ਅਤੇ ਕਲੋਰੋਪੈਰੀਫਾਸ ਦਿੱਤੀ ਜਾ ਰਹੀ ਹੈ ਤਾਂ ਜੋਂ ਗੰਨਾ ਕਾਸ਼ਤਕਾਰ ਸਮੇਂ ਸਿਰ ਇਹ ਕੀਟ ਨਾਸ਼ਕ ਵਰਤ ਕੇ ਕੀੜਿਆਂ ਦੀ ਰੋਕਥਾਮ ਕਰ ਸਕਣ।

# ਝੋਨੇ ਅਤੇ ਬਾਸਮਤੀ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨ 15 ਜੂਨ ਤੱਕ ਆਪਣੇ ਵੇਰਵੇ ਪੋਰਟਲ ਤੇ ਕਰਨ ਅਪਲੋਡ- ਮੁੱਖ ਖੇਤੀਬਾੜੀ ਅਫਸਰ

**ਸ੍ਰੀ ਮੁਕਤਸਰ ਸਾਹਿਬ, 12 ਜੂਨ (ਮਾਲਵਾ ਬਾਣੀ)** ਪੰਜਾਬ ਸਰਕਾਰ ਵੱਲੋਂ ਜ਼ਮੀਨਦੋਜ਼ ਪਾਣੀ ਨੂੰ ਬਚਾਉਣ ਲਈ ਰਾਜ ਵਿੱਚ ਝੋਨੇ ਅਤੇ ਬਾਸਮਤੀ ਦੀ ਸਿੱਧੀ ਬਿਜਾਈ ਦੀ ਤਕਨੀਕ ਨੂੰ ਵੱਡੇ ਪੱਧਰ ਤੇ ਲਾਗੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਸਰਕਾਰ ਵੱਲੋਂ 1500/—ਰੁ: ਪ੍ਰਤੀ ਏਕੜ ਦੀ ਪ੍ਰੋਤਸਾਹਨ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਜਗਸੀਰ ਸਿੰਘ, ਮੁੱਖ ਖੇਤੀਬਾੜੀ ਅਫ਼ਸਰ, ਸ਼੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਕਿਸਾਨ ਝੋਨੇ ਅਤੇ ਬਾਸਮਤੀ ਦੀ ਸਿੱਧੀ ਬਿਜਾਈ ਦੇ ਵੇਰਵੇ ਪੰਜਾਬ ਸਰਕਾਰ ਦੇ ਪੋਰਟਲ https://agrimachinerypb.com/home/DSR ਤੇ 15 ਜੂਨ 2026 ਤੱਕ ਅਪਲੋਡ ਕਰ ਦੇਣ ਤਾਂ ਜੋ ਉਨ੍ਹਾਂ ਨੂੰ ਇਹ ਪ੍ਰੋਤਸਾਹਨ ਰਾਸ਼ੀ ਪ੍ਰਾਪਤ ਕਰਨ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਸਕੀਮ ਦਾ ਲਾਭ ਲੈਣ ਲਈ ਇਹ ਵੇਰਵੇ ਆਨਲਾਈਨ ਪੋਰਟਲ ਤੇ ਦਰਜ਼ ਕਰਵਾਉਣੇ ਲਾਜ਼ਮੀ ਹਨ। ਕਿਸਾਨ ਵੱਲੋਂ ਇਸ ਪੋਰਟਲ ਤੇ ਰਜਿਸਟਰਡ ਹੋਣ ਤੋਂ ਬਾਅਦ ਹੀ ਝੋਨੇ ਅਤੇ ਬਾਸਮਤੀ ਦੀ ਸਿੱਧੀ ਬਿਜਾਈ ਕੀਤੇ ਗਏ ਰਕਬੇ ਦਾ ਵੈਰੀਫਾਈ ਅਫ਼ਸਰ ਅਤੇ ਮਾਲ ਵਿਭਾਗ ਵੱਲੋਂ ਸਬੰਧਤ ਖੇਤ ਦਾ ਦੌਰਾ ਕਰਕੇ ਤਸਦੀਕ ਕੀਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੇ ਖਾਤਿਆਂ ਵਿੱਚ ਪ੍ਰੋਤਸਾਹਨ ਰਾਸ਼ੀ ਦੀ ਸਿੱਧੀ ਅਦਾਇਗੀ ਕੀਤੀ ਜਾਵੇਗੀ। ਕਿਸਾਨ ਵੱਲੋਂ ਰਜਿਸਟ੍ਰੇਸ਼ਨ ਕਰਨ ਸਮੇਂ ਉਸ ਪਾਸ ਅਧਾਰ ਕਾਰਡ, ਖੇਵਟ ਨੰਬਰ, ਖਸਰਾ ਨੰਬਰ ਅਤੇ ਸਿੱਧੀ ਬਿਜਾਈ ਅਧੀਨ ਰਕਬੇ ਦੀ ਜਾਣਕਾਰੀ (ਕਨਾਲ / ਮਰਲਾ ਵਿੱਚ) ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪੋਰਟਲ ਤੇ ਕੇਵਲ ਝੋਨੇ ਅਤੇ ਬਾਸਮਤੀ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੇ ਹੀ ਆਪਣੇ ਵੇਰਵੇ ਦੇਣੇ ਹਨ। ਜੇਕਰ ਕਿਸੇ ਕਿਸਾਨ ਨੂੰ ਪੋਰਟਲ ਸਬੰਧੀ ਕੋਈ ਸਮੱਸਿਆ ਪੇਸ਼ ਆਉਂਦੀ ਹੈ ਤਾਂ ਸਬੰਧਤ ਬਲਾਕ ਖੇਤੀਬਾੜੀ ਅਫ਼ਸਰ ਦੇ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



ਐਸ ਐਸ ਪੀ ਮਾਲੇਰਕੋਟਲਾ ਗੁਰਮੀਤ ਸਿੰਘ ਵੱਲੋਂ ਪੁਲਿਸ ਹੈਲਪਲਾਈਨ ਨੰਬਰ 112 ਦੀਆਂ ਟੀਮਾਂ ਡੀ ਜੀ ਪੀ ਕਮਾਂਡੈਂਟਸਨ ਡਿਸਕ ਨਾਲ ਸਨਮਾਨਿਤ ਜੋ ਕਿ 5/7 ਮਿੰਟ ਚ ਪਹੁੰਚ ਕਰਕੇ ਸਹਾਇਤਾ ਪ੍ਰਦਾਨ ਕਰਦੀਆਂ ਹਨ। ਐਮਐਲਏ ਮਾਲੇਰਕੋਟਲਾ ਨੇ ਏਐਸਆਈ ਰਵਿੰਦਰ ਕੁਮਾਰ ਨੂੰ ਡੀਜੀਪੀ ਡਿਸਕ ਨਾਲ ਸਨਮਾਨਿਤ ਕੀਤਾ।

**ਫੋਟੋ ਅਤੇ ਵੇਰਵਾ ਸ਼ਰਮਾ ਪੱਤਰਕਾਰ ਮਾਲੇਰਕੋਟਲਾ।**

# ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਹਰੀਸ਼ ਗਰਗ ਨੇ ਜਨਮ ਦਿਨ ਦੀ ਖੁਸ਼ੀ ਵਿੱਚ ਸਰਕਾਰੀ ਸਕੂਲ ਨੂੰ 51 ਹਜਾਰ ਰੁਪੈ ਦੀਆਂ ਕਿਤਾਬਾਂ ਭੇਟ ਕੀਤੀਆਂ



**ਭਦੌੜ 12 ਜੂਨ (ਰਾਜੀਵ ਗਰਗ)** ਸ਼ੈਲਰ ਐਸੋਸੀਏਸ਼ਨ, ਅਗਰਵਾਲ ਸਭਾ ਭਦੌੜ ਦੇ ਪ੍ਰਧਾਨ ਤੇ ਸਮਾਜ ਸੇਵੀ ਹਰੀਸ਼ ਗਰਗ ਨੇ ਆਪਣਾ ਜਨਮ ਦਿਨ ਅਨੋਖੇ ਢੰਗ ਨਾਲ ਮਨਾਉਣ ਦੀ ਪਿਰਤ ਪਾਉਂਦਿਆਂ ਸਰਕਾਰੀ ਪ੍ਰਾਇਮਰੀ ਸਕੂਲ ਭਦੌੜ ਨੂੰ ਆਪਣੇ ਜਨਮ ਦਿਨ ਦੀ ਖੁਸ਼ੀ ਵਿੱਚ 51 ਹਜਾਰ ਰੁਪਏ ਦੀਆਂ ਕਿਤਾਬਾ ਭੇਟ ਕੀਤੀਆਂ ਇਸ ਤੋਂ ਇਲਾਵਾ ਉਨ੍ਹਾ ਵੱਲੋਂ ਸਵ: ਰਾਮਲਾਲ ਦੀਪਗੜ੍ਹੀਆਂ ਐਂਬੂਲੈਂਸ ਸੇਵਾ ਟਰੱਸਟ ਭਦੌੜ ਦੇ ਲਈ ਵੀ 11 ਹਜਾਰ ਰੁਪਏ ਦਾਨ ਵਜ਼ੋ ਦਿੱਤੇ ਹਨ । ਇੱਥੇ ਇਹ ਵੀ ਜਿਕਰਯੋਗ ਹੈ ਕਿ 2023 ਦੇ ਵਿੱਚ ਆਪਣੀ ਮਾਤਾ ਸਵ: ਬਿਮਲਾ ਦੇਵੀ ਅਤੇ ਪਿਤਾ ਸਵ: ਰਾਮ ਲਾਲ ਦੀਪਗੜ੍ਹੀਆਂ ਐਂਬੂਲੈਂਸ ਸੇਵਾ ਟਰੱਸਟ ਭਦੌੜ ਦੀ ਸੇਵਾ ਸ਼ੁਰੂ ਕੀਤੀ ਸੀ ਜੋ ਕਿ ਪਿਛਲੇ ਤਿੰਨ ਸਾਲਾਂ ਤੋਂ ਭਦੌੜ ਅਤੇ ਆਸ ਪਾਸ ਦੇ 20 ਪਿੰਡਾਂ ਦੇ ਬਿਮਾਰ ਲੋਕਾਂ ਨੂੰ ਬਾਹਰਲੇ ਹਸਪਤਾਲਾਂ ਵਿੱਚ ਆਉਣ ਜਾਣ ਦੇ ਲਈ ਨਿਰਵਿਘਨ ਸੇਵਾ ਦਿੱਤੀ ਜਾ ਰਹੀ ਹੈ ਜੋ ਕਿ ਕਾਬਿਲੇ ਤਾਰੀਫ ਹੈ।

# ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਵੱਲੋਂ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ 38.43 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਕੀਤਾ ਗਿਆ ਉਦਘਾਟਨ

## ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਸਾਡੀ ਦੀ ਮੁੱਖ ਤਰਜੀਹ - ਮਲਵਿੰਦਰ ਸਿੰਘ ਕੰਗ



**ਸ੍ਰੀ ਚਮਕੌਰ ਸਾਹਿਬ, 12 ਜੂਨ (ਅਮਰਜੀਤ ਸਿੰਘ ਕਲਸੀ)** ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਵੱਲੋਂ ਅੱਜ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਕਰੀਬ 38.43 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਅਤੇ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਪ੍ਰੋਜੈਕਟਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

ਸੰਸਦ ਮੈਂਬਰ ਸ. ਕੰਗ ਨੇ ਆਪਣੇ ਦੌਰੇ ਦੌਰਾਨ ਪਿੰਡ ਸੋਤਲ ਵਿਖੇ 3.50 ਲੱਖ ਰੁਪਏ ਦੀ ਲਾਗਤ ਨਾਲ ਵਾਟਰ ਟੈਂਕਰ, ਬਡਵਾਲੀ ਵਿਖੇ 3.50 ਲੱਖ ਰੁਪਏ ਦੀ ਲਾਗਤ ਨਾਲ ਵਾਟਰ ਟੈਂਕਰ, ਮਾਜਰੀ ਵਿਖੇ 3.00 ਲੱਖ ਰੁਪਏ ਦੀ ਲਾਗਤ ਨਾਲ ਇਨਡੋਰ ਜਿਮ, ਓਇੰਦ ਵਿਖੇ 3.00 ਲੱਖ ਰੁਪਏ ਦੀ ਲਾਗਤ ਨਾਲ ਇਨਡੋਰ ਜਿਮ ਅਤੇ ਚਮਕੌਰ ਸਾਹਿਬ ਸ਼ਹਿਰ ਦੇ ਵਾਰਡ ਨੰਬਰ 10 ਵਿੱਚ 10 ਲੱਖ ਰੁਪਏ ਦੀ ਲਾਗਤ ਨਾਲ ਬਾਸਕਟਬਾਲ ਗਰਾਊਂਡ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।

ਇਸ ਤੋਂ ਇਲਾਵਾ ਉਨ੍ਹਾਂ ਹਾਫਿਜਾਬਾਦ ਵਿਖੇ 3.50 ਲੱਖ ਰੁਪਏ ਦੀ ਲਾਗਤ ਨਾਲ ਵਾਟਰ ਟੈਂਕਰ, ਮਨਸੂਹਾਂ ਕਲਾਂ ਵਿਖੇ 1.50 ਲੱਖ ਰੁਪਏ ਦੀ ਲਾਗਤ ਨਾਲ ਆਰ.ਸੀ.ਸੀ. ਬੈਂਚਾਂ, ਸਲਾਪੁਰ (ਦਸ਼ਮੇਸ਼ ਮਾਰਕੀਟ) ਵਿਖੇ 2.93 ਲੱਖ ਰੁਪਏ ਦੀ ਲਾਗਤ ਨਾਲ ਸੋਲਰ ਲਾਈਟਾਂ, ਲੋਹਾਰੀ ਵਿਖੇ 3.50 ਲੱਖ ਰੁਪਏ ਦੀ ਲਾਗਤ ਨਾਲ ਵਾਟਰ ਟੈਂਕਰ ਅਤੇ ਚਿੰਤਗੜ੍ਹ ਵਿਖੇ 3.50 ਲੱਖ ਰੁਪਏ ਦੀ ਲਾਗਤ ਨਾਲ ਵਾਟਰ ਟੈਂਕਰ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ।

ਸ. ਕੰਗ ਨੇ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਨਾਲ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤੀ ਮਿਲੇਗੀ। ਵਾਟਰ ਟੈਂਕਰਾਂ ਦੀ ਸਹੂਲਤ ਨਾਲ ਪੀਣ ਵਾਲੇ ਪਾਣੀ ਦੀ ਉਪਲਬਧਤਾ ਵਿੱਚ ਸੁਧਾਰ ਹੋਵੇਗਾ, ਜਦਕਿ ਇਨਡੋਰ ਜਿਮ ਅਤੇ ਬਾਸਕਟਬਾਲ ਗਰਾਊਂਡ ਵਰਗੇ ਪ੍ਰੋਜੈਕਟ ਨੌਜਵਾਨਾਂ ਨੂੰ ਖੇਡਾਂ ਅਤੇ ਤੰਦਰੁਸਤ ਜੀਵਨ ਸ਼ੈਲੀ ਵੱਲ ਪ੍ਰੇਰਿਤ ਕਰਨ ਵਿੱਚ ਸਹਾਇਕ ਸਾਬਤ ਹੋਣਗੇ। ਇਸੇ ਤਰ੍ਹਾਂ ਸੋਲਰ ਲਾਈਟਾਂ ਨਾਲ ਊਰਜਾ ਬਚਤ ਨੂੰ ਉਤਸ਼ਾਹ ਮਿਲੇਗਾ ਅਤੇ ਆਰ.ਸੀ.ਸੀ. ਬੈਂਚਾਂ ਨਾਲ ਲੋਕਾਂ ਨੂੰ ਜਨਤਕ ਥਾਵਾਂ 'ਤੇ ਬੈਠਣ ਦੀ ਬਿਹਤਰ ਸਹੂਲਤ ਪ੍ਰਾਪਤ ਹੋਵੇਗੀ।

ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੰਗਾਂ ਅਤੇ ਸਥਾਨਕ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਰਿਕਾਰਡ ਪੱਧਰ 'ਤੇ ਵਿਕਾਸ ਫੰਡ ਜਾਰੀ ਕੀਤੇ ਜਾ ਰਹੇ ਹਨ, ਜਿਸ ਨਾਲ ਆਮ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਸੰਸਦ ਮੈਂਬਰ ਨੇ ਕਿਹਾ ਕਿ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਹਰ ਖੇਤਰ ਵਿੱਚ ਵਿਕਾਸ ਕਾਰਜਾਂ ਦੀ ਲੜੀ ਇਸੇ ਤਰ੍ਹਾਂ ਜਾਰੀ ਰਹੇਗੀ ਅਤੇ ਲੋਕ ਭਲਾਈ ਨਾਲ ਸਬੰਧਤ ਹਰ ਯੋਜਨਾ ਨੂੰ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇਗਾ।

ਇਸ ਮੌਕੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਵਿਧਾਇਕ ਡਾ. ਚਰਨਜੀਤ ਸਿੰਘ ਨੇ ਲੋਕ ਸਭਾ ਮੈਂਬਰ ਸ. ਮਲਵਿੰਦਰ ਸਿੰਘ ਕੰਗ ਦਾ ਹਲਕੇ ਦੇ ਵਿਕਾਸ ਲਈ ਲਗਾਤਾਰ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੰਸਦ ਮੈਂਬਰ ਵੱਲੋਂ ਆਪਣੇ ਸੰਸਦੀ ਖੇਤਰ ਦੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਦੀਆਂ ਲੋੜਾਂ ਨੂੰ ਸਮਝਦਿਆਂ ਵਿਕਾਸ ਕਾਰਜਾਂ ਲਈ ਫੰਡ ਉਪਲਬਧ ਕਰਵਾਏ ਜਾ ਰਹੇ ਹਨ, ਜਿਸ ਨਾਲ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ।

ਡਾ. ਚਰਨਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਥਾਨਕ ਲੋਕ ਪ੍ਰਤੀਨਿਧੀਆਂ ਦੇ ਆਪਸੀ ਤਾਲਮੇਲ ਨਾਲ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਵਿਕਾਸ ਦੀ ਨਵੀਂ ਲਹਿਰ ਆਈ ਹੈ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਖੇਡਾਂ, ਪੀਣ ਵਾਲੇ ਪਾਣੀ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਹੋਰ ਵਿਕਾਸ ਪ੍ਰੋਜੈਕਟ ਵੀ ਜਲਦ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ। ਇਸ ਮੌਕੇ ਸਥਾਨਕ ਪੰਚਾਇਤਾਂ ਦੇ ਨੁਮਾਇੰਦੇ, ਨਗਰ ਕੌਂਸਲ ਮੈਂਬਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਪ੍ਰੈਸ ਕਲੱਬ ਕੋਟ ਈਸੇ ਖਾਂ ਦੀ ਮਹੀਨਾਵਾਰ ਮੀਟਿੰਗ ਵਿੱਚ ਕੀਤੇ ਵਿਚਾਰ ਵਟਾਂਦਾਰੇ

## ਸ਼ਹਿਰ ਦੇ ਅਧਿਕਾਰਤ ਖੇਤਰ ਅੰਦਰ ਖ਼ਬਰਾਂ ਦੇ ਪ੍ਰਕਾਸ਼ਨ ਸਬੰਧੀ ਲਿਆ ਗਿਆ ਅਹਿਮ ਫੈਸਲਾ



**ਕੋਟ ਈਸੇ ਖਾਂ 12 ਜੂਨ (ਅਰੋੜਾ)** ਪ੍ਰੈਸ ਕਲੱਬ ਕੋਟ ਈਸੇ ਖਾਂ ਦੀ ਮਹੀਨਾਵਾਰ ਮੀਟਿੰਗ ਸਿਟੀ ਚੋਇਸ ਰੈਸਟੋਰੈਂਟ, ਮੋਗਾ ਰੋਡ ਕੋਟ ਈਸੇ ਖਾਂ ਵਿਖੇ ਕਲੱਬ ਦੇ ਪ੍ਰਧਾਨ ਜਗਰਾਜ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ ਜਿਸ ਕਲੱਬ ਦੇ ਬਹੁਤੇ ਮੈਂਬਰਾਂ ਨੇ ਸ਼ਿਰਕਤ ਕੀਤੀ, ਜਦਕਿ ਜੋ ਮੈਂਬਰ ਕਿਸੇ ਕਾਰਨ ਮੌਕੇ 'ਤੇ ਹਾਜ਼ਰ ਨਹੀਂ ਹੋ ਸਕੇ, ਉਨ੍ਹਾਂ ਨੇ ਆਨਲਾਈਨ ਵੀਡੀਓ ਕਾਲ ਰਾਹੀਂ ਆਪਣੀ ਹਾਜ਼ਰੀ ਦਰਜ ਕਰਵਾਈ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਇਹ ਅਹਿਮ ਫੈਸਲਾ ਲਿਆ ਗਿਆ ਕਿ ਕੋਟ ਈਸੇ ਖਾਂ ਖੇਤਰ ਦੀਆਂ ਸਰਕਾਰੀ, ਗੈਰ-ਸਰਕਾਰੀ, ਸਮਾਜਿਕ ਅਤੇ ਰਾਜਨੀਤਿਕ ਗਤੀਵਿਧੀਆਂ ਨਾਲ ਸਬੰਧਤ ਖ਼ਬਰਾਂ ਉਸ ਸਮੇਂ ਤੱਕ ਪ੍ਰਕਾਸ਼ਿਤ ਨਹੀਂ ਕੀਤੀਆਂ ਜਾਣਗੀਆਂ, ਜਦੋਂ ਤੱਕ ਉਨ੍ਹਾਂ ਬਾਰੇ ਪ੍ਰੈਸ ਕਲੱਬ ਨੂੰ ਅਗਾਊਂ ਜਾਣਕਾਰੀ ਨਹੀਂ ਦਿੱਤੀ ਜਾਂਦੀ। ਕਲੱਬ ਵੱਲੋਂ ਅਪੀਲ ਕੀਤੀ ਗਈ ਕਿ ਆਪਣੀਆਂ ਗਤੀਵਿਧੀਆਂ ਦੀ ਜਾਣਕਾਰੀ ਪ੍ਰੈਸ ਕਲੱਬ ਤੱਕ ਪਹੁੰਚਾਉਣ ਲਈ ਕਲੱਬ ਦੇ ਜਨਰਲ ਸਕੱਤਰ ਬਖਸ਼ੀਸ਼ ਕੁਮਾਰ (ਬਖਸ਼ੀ) ਨਾਲ ਮੋਬਾਈਲ ਨੰਬਰ 97800-01046 'ਤੇ ਸੰਪਰਕ ਕੀਤਾ ਜਾਵੇ, ਤਾਂ ਜੋ ਸੰਬੰਧਿਤ ਖ਼ਬਰਾਂ ਨੂੰ ਸਮੇਂ ਸਿਰ ਪ੍ਰਮੁੱਖਤਾ ਨਾਲ ਪ੍ਰਕਾਸ਼ਿਤ ਕੀਤਾ ਜਾ ਸਕੇ। ਇਸ ਮੌਕੇ ਕਲੱਬ ਦੇ ਸਰਪ੍ਰਸਤ ਪੁਨੀਤ ਗਰੋਵਰ, ਚੇਅਰਮੈਨ ਖੇਤਪਾਲ ਸਿੰਘ, ਪ੍ਰਧਾਨ ਜਗਰਾਜ ਸਿੰਘ ਗਿੱਲ, ਸੀਨੀਅਰ ਮੀਤ ਪ੍ਰਧਾਨ ਡਾ. ਕੁਲਵੰਤ ਸਿੰਘ ਸੰਧੂ ਅਤੇ ਜੋਗਿੰਦਰ ਪਾਲ ਮਾਲੜਾ, ਮੀਤ ਪ੍ਰਧਾਨ ਅਜੈ ਅਰੋੜਾ ਅਤੇ ਡਾ. ਰਾਜ ਦਵਿੰਦਰ ਸਿੰਘ ਗਿੱਲ, ਜਨਰਲ ਸਕੱਤਰ ਬਖਸ਼ੀਸ਼ ਕੁਮਾਰ (ਬਖਸ਼ੀ), ਸਕੱਤਰ ਡਾ. ਮਹਿੰਦਰ ਸਿੰਘ ਅਤੇ ਗੁਰਦੇਵ ਸਿੰਘ ਦੌਲੇਵਾਲ, ਖਜ਼ਾਨਚੀ ਅਤੇ ਪ੍ਰੈਸ ਸਕੱਤਰ ਮਨੀ ਅਰੋੜਾ, ਵਿਕਾਸ ਗਰੋਵਰ ਤੋਂ ਇਲਾਵਾ ਸਲਾਹਕਾਰ ਗੁਰਮੀਤ ਸਿੰਘ ਖਾਲਸਾ ਅਤੇ ਓਂਕਾਰ ਸਿੰਘ ਦੌਲੇਵਾਲ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਨਾਭਾ ਹਲਕੇ ਦੇ ਪਿੰਡਾਂ ਨੂੰ ਮਿਲੀ ਨਵੀਂ ਸੌਗਾਤ, ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਹਰੀ ਝੰਡੀ ਦੇ ਕੇ ਨਵੇਂ ਰੂਟ ਲਈ ਬੱਸ ਨੂੰ ਕੀਤਾ ਰਵਾਨਾ




**ਨਾਭਾ, 12 ਜੂਨ (ਬਲਜਿੰਦਰ ਮਾਨ)** ਨਾਭਾ ਹਲਕੇ ਦੇ ਕਈ ਪਿੰਡਾਂ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਬੱਸ ਸੇਵਾਵਾਂ ਦੇ ਰੂਟ ਦੀ ਮੰਗ ਨੂੰ ਪੂਰਾ ਕਰਦੇ ਹੋਏ ਪੰਜਾਬ ਸਰਕਾਰ ਵੱਲੋਂ ਪਿੰਡ ਹੱਲਾ ਤੋਂ ਵਾਇਆ ਫਤਿਹਪੁਰ, ਕਾਲਸਨਾ, ਮੱਲੇਵਾਲ, ਅਗੌਲ, ਖੋਖ, ਕੋਟਲੀ, ਗੋਬਿੰਦਗੜ੍ਹ ਛੰਨਾਂ, ਭੋਜੋਮਾਜਰੀ ਅਤੇ ਅਲੌਹਰਾਂ ਖੁਰਦ ਤੋਂ ਨਾਭਾ ਸ਼ਹਿਰ ਤੱਕ ਨਵੇਂ ਬੱਸ ਰੂਟ ਦੀ ਸ਼ੁਰੂਆਤ ਕਰਦੇ ਹੋਏ ਹਲਕੇ ਦੇ ਨੌਜਵਾਨ ਆਗੂ ਅਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਅੱਜ ਪਿੰਡ ਗੋਬਿੰਦਗੜ੍ਹ ਛੰਨਾ ਤੋਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਉਪਰੋਕਤ ਪਿੰਡਾਂ ਦੇ ਲੋਕਾਂ ਵਲੋਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਅਤੇ ਸਰਕਾਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਇਹ ਰੂਟ ਇਲਾਕੇ ਦੇ ਸੈਂਕੜੇ ਲੋਕਾਂ, ਵਿਦਿਆਰਥੀਆਂ, ਕਰਮਚਾਰੀਆਂ ਅਤੇ ਯਾਤਰੀਆਂ ਲਈ ਆਵਾਜਾਈ ਨੂੰ ਹੋਰ ਸੁਗਮ ਬਣਾਏਗਾ। ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਨਾ ਸਾਡੇ ਲਈ ਖੁਸ਼ੀ ਦੀ ਗੱਲ ਹੈ। ਉਨ੍ਹਾਂ ਨੇ ਇਸ ਲੋਕ-ਹਿਤੈਸ਼ੀ ਫ਼ੈਸਲੇ ਲਈ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਜੀ, ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਜੀ, ਪੀ.ਆਰ.ਟੀ.ਸੀ. ਦੇ ਚੇਅਰਮੈਨ ਹਰਪਾਲ ਜੁਨੇਜਾ ਜੀ ਅਤੇ ਬਲਤੇਜ ਪੰਨੂ ਜੀ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਇਸ ਮੌਕੇ ਪਿੰਡ ਵਾਸੀਆਂ ਨੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਅਤੇ ਯੂਥ ਆਗੂ ਲਾਲੀ ਫਤਿਹਪੁਰ ਦਾ ਵਿਸ਼ੇਸ਼ ਸਨਮਾਨ ਵੀ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਯੂਥ ਆਗੂ ਲਾਡੀ ਖਹਿਰਾ, ਪਰਮਿੰਦਰ ਸਿੰਘ ਭੰਗੂ, ਗੁਰਵਿੰਦਰ ਸਿੰਘ ਖਹਿਰਾ, ਭਰਪੂਰ ਸਿੰਘ ਖੱਟੜਾ, ਹਰਮੇਸ਼ ਸਿੰਘ, ਦਰਬਾਰਾ ਸਿੰਘ, ਸਤਨਾਮ ਸਿੰਘ, ਬਲਵੀਰ ਸਿੰਘ ਆਦਿ ਮੌਜੂਦ ਸਨ।

# ਭਾਜਪਾ ਸੰਗਠਨ ਦਾ ਵੱਡਾ ਫੈਸਲਾ: ਆਦਿਸ਼ ਧੀਮਾਨ ਨੂੰ ਸੌਂਪੀ ਅਹਿਮਦਗੜ੍ਹ ਦੇ ਪ੍ਰਭਾਰੀ ਦੀ ਅਹਿਮ ਜ਼ਿੰਮੇਵਾਰੀ

**ਮਾਲੇਰਕੋਟਲਾ 12 ਜੂਨ (ਸ਼ਰਮਾ/ਕਸ਼ਮੀਰ ਸਿੰਘ)** ਭਾਰਤੀ ਜਨਤਾ ਪਾਰਟੀ ਵੱਲੋਂ ਆਉਣ ਵਾਲੀਆਂ ਚੋਣਾਂ ਅਤੇ ਜਥੇਬੰਦਕ ਢਾਂਚੇ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਰਣਨੀਤੀ ਤਿਆਰ ਕੀਤੀ ਜਾ ਰਹੀ ਹੈ। ਇਸੇ ਕੜੀ ਤਹਿਤ ਭਾਜਪਾ ਜ਼ਿਲ੍ਹਾ ਮਾਲੇਰਕੋਟਲਾ ਦੇ ਪ੍ਰਧਾਨ ਜਗਤ ਕਥੂਰੀਆ ਵੱਲੋਂ ਪਾਰਟੀ ਦੇ ਸੀਨੀਅਰ, ਮਿਹਨਤੀ ਅਤੇ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜੇ ਆਗੂ ਆਦਿਸ਼ ਧੀਮਾਨ ਨੂੰ ਇੱਕ ਬੇਹੱਦ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਪਾਰਟੀ ਵੱਲੋਂ ਜਾਰੀ ਕੀਤੀ ਗਈ ਅਧਿਕਾਰਤ ਸੂਚੀ ਅਨੁਸਾਰ



ਆਦਿਸ਼ ਧੀਮਾਨ ਨੂੰ ਅਹਿਮਦਗੜ੍ਹ ਦਾ ਪ੍ਰਭਾਰੀ ਨਿਯੁਕਤ ਕੀਤਾ ਗਿਆ ਹੈ। ?ਸਿਆਸੀ ਮਾਹਰਾਂ ਅਨੁਸਾਰ ਅਹਿਮਦਗੜ੍ਹ ਮੰਡਲ ਖੇਤਰ ਸਿਆਸੀ ਤੌਰ 'ਤੇ ਬਹੁਤ ਮਹੱਤਵਪੂਰਨ ਮੰਨਿਆ ਜਾਂਦਾ ਹੈ, ਅਤੇ ਇੱਥੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਲਈ ਕਿਸੇ ਤਜ਼ਰਬੇਕਾਰ ਚਿਹਰੇ ਦੀ ਲੋੜ ਸੀ। ਭਾਜਪਾ ਹਾਈਕਮਾਂਡ ਨੇ ਆਦਿਸ਼ ਧੀਮਾਨ ਦੀ ਪਾਰਟੀ ਪ੍ਰਤੀ ਵਫ਼ਾਦਾਰੀ ਅਤੇ ਕੰਮ ਕਰਨ ਦੀ ਸ਼ੈਲੀ ਨੂੰ ਦੇਖਦੇ ਹੋਏ ਉਨ੍ਹਾਂ 'ਤੇ ਇਹ ਵੱਡਾ ਭਰੋਸਾ ਪ੍ਰਗਟਾਇਆ ਹੈ। ਉਨ੍ਹਾਂ ਦੀ ਇਸ ਨਿਯੁਕਤੀ ਨਾਲ ਖੇਤਰ ਦੇ ਭਾਜਪਾ ਵਰਕਰਾਂ ਵਿੱਚ ਇੱਕ ਨਵਾਂ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ?ਬਤੌਰ ਪ੍ਰਭਾਰੀ, ਆਦਿਸ਼ ਧੀਮਾਨ ਦੇ ਮੋਢਿਆਂ 'ਤੇ ਹੁਣ ਅਹਿਮਦਗੜ੍ਹ ਮੰਡਲ ਦੇ ਸਮੁੱਚੇ ਸੰਗਠਨ ਨੂੰ ਇੱਕਜੁੱਟ ਰੱਖਣ, ਸਥਾਨਕ ਪੱਧਰ 'ਤੇ ਪਾਰਟੀ ਵਰਕਰਾਂ ਦੀਆਂ ਬੈਠਕਾਂ ਕਰਨ ਅਤੇ ਕੇਂਦਰ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਸਕੀਮਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦੀ ਵੱਡੀ ਜ਼ਿੰਮੇਵਾਰੀ ਹੋਵੇਗੀ। ਇਹ ਨਿਯੁਕਤੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ ਬੇਹੱਦ ਸਾਰਥਕ ਸਿੱਧ ਹੋ ਸਕਦੀ ਹੈ। ਆਦਿਸ਼ ਧੀਮਾਨ ਨੂੰ ਅਹਿਮਦਗੜ੍ਹ ਦਾ ਪ੍ਰਭਾਰੀ ਲਗਾਏ ਜਾਣ ਦੀ ਖ਼ਬਰ ਸਾਹਮਣੇ ਆਉਂਦੇ ਹੀ ਸਥਾਨਕ ਭਾਜਪਾ ਆਗੂਆਂ, ਵਰਕਰਾਂ ਅਤੇ ਉਨ੍ਹਾਂ ਦੇ ਸਮਰਥਕਾਂ ਵਿੱਚ ਭਾਰੀ ਖੁਸ਼ੀ ਦੇਖੀ ਜਾ ਰਹੀ ਹੈ। ਪਾਰਟੀ ਦੇ ਕਈ ਸੀਨੀਅਰ ਆਗੂਆਂ ਨੇ ਇਸ ਫੈਸਲੇ ਦਾ ਸਵਾਗਤ ਕੀਤਾ ਹੈ। ਆਦਿਸ਼ ਧੀਮਾਨ ਨੂੰ ਸੋਸ਼ਲ ਮੀਡੀਆ ਅਤੇ ਫੋਨ ਰਾਹੀਂ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ, ਅਤੇ ਵਰਕਰਾਂ ਦਾ ਕਹਿਣਾ ਹੈ ਕਿ ਇਸ ਨਿਯੁਕਤੀ ਨਾਲ ਪਾਰਟੀ ਖੇਤਰ ਵਿੱਚ ਇੱਕ ਨਵੀਂ ਬੁਲੰਦੀ 'ਤੇ ਪਹੁੰਚੇਗੀ। ਦੱਸਣਯੋਗ ਹੈ ਕਿ ਹਲਕਾ ਅਮਰਗੜ੍ਹ ਨਾਲ ਸੰਬਧਤ ਅਹਿਮਦਗੜ੍ਹ ਵਿਚ ਬਹੁ ਗਿਣਤੀ ਧੀਮਾਨ ਸਮਾਜ ਦੀ ਵੋਟ ਹੈ ਜੋ ਕਿ ਅਦੀਸ਼ ਧੀਮਾਨ ਸਦਕਾ ਭਾਜਪਾ ਨੂੰ 2027 ਦੀਆਂ ਚੋਣਾਂ ਚ ਭੁਗਤੇਗੀ।

# ਤਰਕਸ਼ੀਲ ਸੁਸਾਇਟੀ ਬਸੀ ਪਠਾਨਾਂ ਦੀ ਹੋਈ ਮੀਟਿੰਗ



**ਬੱਸੀ ਪਠਾਣਾਂ, 12 ਜੂਨ (ਰਾਜਨ ਭੱਲਾ)** ਤਰਕਸ਼ੀਲ ਸੁਸਾਇਟੀ ਬਸੀ ਪਠਾਨਾਂ ਦੀ ਮੀਟਿੰਗ ਸੁਸਾਇਟੀ ਦੇ ਆਗੂ ਸੇਵਾ ਮੁਕਤ ਰੇਡੀਓਲੋਜਿਸਟ ਦਿਲਬਾਗ ਸਿੰਘ ਮੋਰਿੰਡਾ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਜਥੇਬੰਦੀ ਦੇ ਕਾਰਜਾਂ ਨੂੰ ਹੋਰ ਵਧੇਰੇ ਅੱਗੇ ਵਧਾਉਣ ਲਈ ਵਿਉਂਤਬੰਦੀ ਕੀਤੀ ਗਈ। ਜਿਸ ਦੀ ਪਹਿਲੀ ਕੜੀ ਵਜੋਂ ਲਗਭਗ ਦੋ ਹਜ਼ਾਰ ਦੀ ਗਿਣਤੀ ਵਿੱਚ ਅਖੌਤੀ ਬਾਬਿਆਂ, ਸਾਧਾਂ ਸੰਤਾਂ, ਜੋਤਸ਼ੀਆਂ ਤੇ ਹੋਰ ਗ਼ੈਬੀ ਸ਼ਕਤੀਆਂ ਦੇ ਦਾਅਵੇਦਾਰਾਂ ਨੂੰ ਚੈਲੰਜ ਕਰਦੇ 23 ਸ਼ਰਤਾਂ ਵਾਲੇ ਪੈਂਫਲਿਟ ਘਰ-ਘਰ ਪਹੁੰਚਦੇ ਕੀਤੇ ਜਾਣਗੇ। ਮੀਟਿੰਗ ਦੌਰਾਨ ਮਾਨਸਿਕ ਸਿਹਤ ਵਿਭਾਗ ਮੁਖੀ ਸੰਦੀਪ ਸਿੰਘ,ਵਿੱਤ ਮੁਖੀ ਐਡਵੋਕੇਟ ਕੰਵਲਜੀਤ ਸਿੰਘ, ਕੁਲਵੰਤ ਸਿੰਘ ਤੇ ਮਾ.ਕਰਨੈਲ ਸਿੰਘ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਕਸਰਾਂ, ਭੂਤ ਪ੍ਰੇਤ,ਟੂਣੇ ਟਾਮਣ, ਨਜ਼ਰ ਲੱਗਣੀ ਤੇ ਜਨਮ ਕੁੰਡਲੀਆਂ ਵਗੈਰਾ ਅੰਧ ਵਿਸ਼ਵਾਸ ਤੇ ਵਹਿਮ ਭਰਮ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਦੁੱਖ ਤਕਲੀਫਾਂ ਦਾ ਹੱਲ ਵਹਿਮ ਭਰਮ ਤੇ ਅੰਧਵਿਸ਼ਵਾਸ਼ਾਂ ਨੂੰ ਛੱਡ ਕੇ ਵਿਗਿਆਨਕ ਨਜ਼ਰੀਆ ਅਪਨਾਉਣ ਵਿੱਚ ਹੈ। ਲੋਕਾਂ ਨੂੰ ਸੁਸਾਇਟੀ ਨੇ ਅਪੀਲ ਕੀਤੀ ਹੈ ਕਿ ਜਥੇਬੰਦੀ ਦਾ ਦੋ-ਮਾਸਿਕ ਤਰਕਸ਼ੀਲ ਮੈਗਜ਼ੀਨ ਤੇ ਤਰਕਸ਼ੀਲ ਸਾਹਿਤ ਹੀ ਮਨੁੱਖ ਨੂੰ ਸੁਚੱਜੀ ਜੀਵਨ ਜਾਂਚ ਸਿਖਾਉਣ ਤੇ ਵਿਗਿਆਨਕ ਨਜ਼ਰੀਆ ਅਪਨਾਉਣ ਵਿੱਚ ਸਹਾਈ ਹੁੰਦਾ ਹੈ। ਇਸ ਮੌਕੇ ਮਾਸਟਰ ਕੌਰ ਸਿੰਘ, ਅਵਤਾਰ ਸਿੰਘ, ਜ਼ੋਨ ਮੁਖੀ ਅਜੀਤ ਪ੍ਰਦੇਸੀ ਤੇ ਹੋਰ ਮੈਂਬਰ ਵੀ ਹਾਜ਼ਰ ਸਨ।

# ਮਲੋਟ ਨੂੰ ਮਿਲਣ ਜਾ ਰਹੀ ਵੱਡੀ ਸਿਹਤ ਸੌਗਾਤ: ਤਿੰਨ ਨਵੇਂ ਆਯੁਸ਼ਮਾਨ ਆਰੋਗਿਆ ਕੇਂਦਰਾਂ ਅਤੇ ਸੀਟੀ ਸਕੈਨ ਸੈਂਟਰ ਦਾ ਹੋਵੇਗਾ ਉਦਘਾਟਨ

**ਮਲੋਟ, 12 ਜੂਨ (ਹਰਦੀਪ ਸਿੰਘ ਖਾਲਸਾ)** ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰਾਂ ਦੇ ਨੇੜੇ ਬਿਹਤਰ, ਸਸਤੀਆਂ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਵੱਡਾ ਕਦਮ ਚੁੱਕਿਆ ਜਾ ਰਿਹਾ ਹੈ। ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਡਾ. ਬਲਜੀਤ ਕੌਰ ਵੱਲੋਂ ਜਲਦ ਹੀ ਸ਼ਹਿਰ ਵਿੱਚ ਤਿੰਨ ਨਵੇਂ ਆਯੁਸ਼ਮਾਨ ਆਰੋਗਿਆ ਕੇਂਦਰਾਂ ਅਤੇ ਸਿਵਲ ਹਸਪਤਾਲ ਵਿੱਚ ਸਥਾਪਿਤ ਕੀਤੇ ਜਾ ਰਹੇ ਸੀਟੀ ਸਕੈਨ ਸੈਂਟਰ ਦਾ ਉਦਘਾਟਨ ਕੀਤਾ ਜਾਵੇਗਾ। ਇਨ੍ਹਾਂ ਪ੍ਰੋਜੈਕਟਾਂ ਦੇ ਸ਼ੁਰੂ ਹੋਣ ਨਾਲ ਹਜ਼ਾਰਾਂ ਲੋਕਾਂ ਨੂੰ ਸਿਹਤ ਸੇਵਾਵਾਂ ਲਈ ਵੱਡੇ ਸ਼ਹਿਰਾਂ ਦੇ ਚੱਕਰ ਨਹੀਂ ਲਗਾਉਣੇ ਪੈਣਗੇ ਅਤੇ ਉਨ੍ਹਾਂ ਨੂੰ ਸਥਾਨਕ ਪੱਧਰ 'ਤੇ ਹੀ ਆਧੁਨਿਕ ਸਿਹਤ ਸਹੂਲਤਾਂ ਉਪਲਬਧ ਹੋ ਸਕਣਗੀਆਂ।

ਜਾਣਕਾਰੀ ਅਨੁਸਾਰ ਪੰਜਾਬ ਸਰਕਾਰ ਦੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਦੀ ਨੀਤੀ ਤਹਿਤ ਮਲੋਟ ਵਿੱਚ ਪਹਿਲਾਂ ਤੋਂ ਚੱਲ ਰਹੇ ਆਯੁਸ਼ਮਾਨ ਆਰੋਗਿਆ ਕੇਂਦਰ ਤੋਂ ਇਲਾਵਾ ਹੁਣ ਤਿੰਨ ਹੋਰ ਨਵੇਂ ਕੇਂਦਰ ਲੋਕਾਂ ਦੀ ਸੇਵਾ ਲਈ ਸ਼ੁਰੂ ਕੀਤੇ ਜਾ ਰਹੇ ਹਨ। ਇਹ ਕੇਂਦਰ ਅਜੀਤ ਨਗਰ, ਸੱਚਾ ਸੌਦਾ ਰੋਡ ਅਤੇ ਗੁਰੂ ਰਵਿਦਾਸ ਨਗਰ ਦੇ ਵਾਲਮੀਕੀ ਮੁਹੱਲੇ ਵਿੱਚ ਸਥਾਪਿਤ ਕੀਤੇ ਗਏ ਹਨ। ਇਨ੍ਹਾਂ ਕੇਂਦਰਾਂ ਦੇ ਸ਼ੁਰੂ ਹੋਣ ਨਾਲ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ, ਜਾਂਚ ਅਤੇ ਇਲਾਜ ਦੀਆਂ ਸਹੂਲਤਾਂ ਆਸਾਨੀ ਨਾਲ ਮਿਲ ਸਕਣਗੀਆਂ।

ਇਨ੍ਹਾਂ ਆਰੋਗਿਆ ਕੇਂਦਰਾਂ ਵਿੱਚ ਯੋਗ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਫ਼ਤ ਚੈੱਕਅੱਪ ਕੀਤਾ ਜਾਵੇਗਾ। ਇਸ ਤੋਂ ਇਲਾਵਾ ਵੱਖ-ਵੱਖ ਬਿਮਾਰੀਆਂ ਨਾਲ ਸਬੰਧਤ ਲੈਬ ਟੈਸਟ, ਸਕ੍ਰੀਨਿੰਗ ਜਾਂਚਾਂ ਅਤੇ ਸਿਹਤ ਸਲਾਹ ਸੇਵਾਵਾਂ ਵੀ ਮੁਫ਼ਤ ਉਪਲਬਧ ਕਰਵਾਈਆਂ ਜਾਣਗੀਆਂ। ਸਿਹਤ ਵਿਭਾਗ ਦੇ ਅਧਿਕਾਰੀਆਂ ਦਾ ਮੰਨਣਾ ਹੈ ਕਿ ਇਸ ਨਾਲ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਅਤੇ ਇਲਾਜ ਸੰਭਵ ਹੋ ਸਕੇਗਾ, ਜਿਸ ਨਾਲ ਲੋਕਾਂ ਦੀ ਸਿਹਤ ਵਿੱਚ ਸੁਧਾਰ ਆਵੇਗਾ।

ਇਸੇ ਲੜੀ ਤਹਿਤ ਮਲੋਟ ਦੇ ਸਿਵਲ ਹਸਪਤਾਲ ਵਿੱਚ ਸੀਟੀ ਸਕੈਨ ਸੈਂਟਰ ਵੀ ਸਥਾਪਿਤ ਕੀਤਾ ਜਾ ਰਿਹਾ ਹੈ। ਇਸ ਪ੍ਰੋਜੈਕਟ ਦਾ ਉਦਘਾਟਨ ਵੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਕੀਤਾ ਜਾਵੇਗਾ। ਸਿਹਤ ਵਿਭਾਗ ਦੇ ਅਧਿਕਾਰੀਆਂ ਅਨੁਸਾਰ ਅਗਲੇ ਦੋ ਤੋਂ ਤਿੰਨ ਮਹੀਨਿਆਂ ਦੇ ਅੰਦਰ ਸੀਟੀ ਸਕੈਨ ਦੀ ਸੇਵਾ ਆਮ ਲੋਕਾਂ ਲਈ ਸ਼ੁਰੂ ਕਰ ਦਿੱਤੀ ਜਾਵੇਗੀ। ਵਰਨਣਯੋਗ ਹੈ ਕਿ ਹੁਣ ਤੱਕ ਮਲੋਟ ਅਤੇ ਨੇੜਲੇ ਇਲਾਕਿਆਂ ਦੇ ਲੋਕਾਂ ਨੂੰ ਸੀਟੀ ਸਕੈਨ ਕਰਵਾਉਣ ਲਈ ਬਠਿੰਡਾ, ਸ੍ਰੀ ਮੁਕਤਸਰ ਸਾਹਿਬ ਜਾਂ ਹੋਰ ਵੱਡੇ ਸ਼ਹਿਰਾਂ ਵਿੱਚ ਜਾਣਾ ਪੈਂਦਾ ਸੀ। ਨਿੱਜੀ ਕੇਂਦਰਾਂ 'ਤੇ ਇਹ ਜਾਂਚ ਕਾਫ਼ੀ ਮਹਿੰਗੀ ਹੋਣ ਕਾਰਨ ਆਮ ਲੋਕਾਂ 'ਤੇ ਵਾਧੂ ਆਰਥਿਕ ਬੋਝ ਪੈਂਦਾ ਸੀ। ਨਵੇਂ ਸੀਟੀ ਸਕੈਨ ਸੈਂਟਰ ਦੇ ਸ਼ੁਰੂ ਹੋਣ ਤੋਂ ਬਾਅਦ ਲੋਕਾਂ ਨੂੰ ਲਗਭਗ 800 ਰੁਪਏ ਵਿੱਚ ਇਹ ਸਹੂਲਤ ਉਪਲਬਧ ਹੋ ਸਕੇਗੀ, ਜਿਸ ਨਾਲ ਸਮੇਂ ਅਤੇ ਪੈਸੇ ਦੋਵਾਂ ਦੀ ਬਚਤ ਹੋਵੇਗੀ। ਪੰਜਾਬ ਸਰਕਾਰ ਵੱਲੋਂ ਸਿਹਤ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਸਰਕਾਰੀ ਹਸਪਤਾਲਾਂ ਵਿੱਚ ਆਧੁਨਿਕ ਮਸ਼ੀਨਾਂ ਦੀ ਉਪਲਬਧਤਾ, ਆਯੁਸ਼ਮਾਨ ਆਰੋਗਿਆ ਕੇਂਦਰਾਂ ਦਾ ਵਿਸਥਾਰ ਅਤੇ ਲੋਕਾਂ ਨੂੰ ਸਸਤੀ ਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਚਲਾਏ ਜਾ ਰਹੇ ਉਪਰਾਲਿਆਂ ਨੂੰ ਵੱਡਾ ਹੁੰਗਾਰਾ ਮਿਲ ਰਿਹਾ ਹੈ। ਮਲੋਟ ਵਿੱਚ ਸ਼ੁਰੂ ਹੋਣ ਜਾ ਰਹੀਆਂ ਇਹ ਨਵੀਆਂ ਸਹੂਲਤਾਂ ਵੀ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਮੰਨੀਆਂ ਜਾ ਰਹੀਆਂ ਹਨ। ਇਲਾਕਾ ਨਿਵਾਸੀਆਂ ਨੇ ਇਨ੍ਹਾਂ ਪ੍ਰੋਜੈਕਟਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਤਿੰਨ ਨਵੇਂ ਆਯੁਸ਼ਮਾਨ ਆਰੋਗਿਆ ਕੇਂਦਰਾਂ ਅਤੇ ਸੀਟੀ ਸਕੈਨ ਸਹੂਲਤ ਦੇ ਸ਼ੁਰੂ ਹੋਣ ਨਾਲ ਸਿਹਤ ਸੇਵਾਵਾਂ ਆਮ ਲੋਕਾਂ ਦੀ ਪਹੁੰਚ ਵਿੱਚ ਆਉਣਗੀਆਂ ਅਤੇ ਖਾਸ ਕਰਕੇ ਗਰੀਬ ਅਤੇ ਮੱਧ ਵਰਗ ਦੇ ਪਰਿਵਾਰਾਂ ਨੂੰ ਇਸ ਦਾ ਸਿੱਧਾ ਲਾਭ ਮਿਲੇਗਾ।

# ਜਸਪਿੰਦਰ ਸਿੰਘ ਨੌਗਾਵਾਂ ਨੂੰ ਬੀਸੀ ਵਿੰਗ ਹਲਕਾ ਬੱਸੀ ਪਠਾਣਾਂ ਦਾ ਪ੍ਰਧਾਨ ਨਿਯੁਕਤ ਕੀਤਾ

## ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਯਤਨ ਕੀਤੇ ਜਾਣਗੇ- ਨੌਗਾਵਾਂ

**ਬੱਸੀ ਪਠਾਣਾਂ, 12 ਜੂਨ (ਰਾਜਨ ਭੱਲਾ)** ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ ਪਾਰਟੀ ਸੀਨੀਅਰ ਆਗੂ ਜਸਪਿੰਦਰ ਸਿੰਘ ਨੌਗਾਵਾਂ ਨੂੰ ਬੀਸੀ ਵਿੰਗ ਹਲਕਾ ਬੱਸੀ ਪਠਾਣਾਂ ਦਾ ਪ੍ਰਧਾਨ ਨਿਯੁਕਤ ਕੀਤਾ



ਗਿਆ ਹੈ। ਇਸ ਮੌਕੇ ਨਵੇਂ ਨਿਯੁਕਤ ਪ੍ਰਧਾਨ ਜਸਪਿੰਦਰ ਸਿੰਘ ਨੌਗਾਵਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬੀਸੀ ਵਿੰਗ ਦੇ ਸੂਬਾ ਪ੍ਰਧਾਨ ਜੱਥੇਦਾਰ ਹੀਰਾ ਸਿੰਘ ਗਾਬੜੀਆ ਅਤੇ ਸਮੁੱਚੀ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਨਿਭਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਬੀਸੀ ਭਾਈਚਾਰੇ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇਗਾ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਯਤਨ ਕੀਤੇ ਜਾਣਗੇ। ਪਾਰਟੀ ਹਾਈਕਮਾਂਡ ਵੱਲੋਂ ਜਸਪਿੰਦਰ ਸਿੰਘ ਨੌਗਾਵਾਂ ਦੀ ਕੀਤੀ ਗਈ ਇਸ ਨਿਯੁਕਤੀ ਦਾ ਹਲਕਾ ਬੱਸੀ ਪਠਾਣਾਂ ਦੇ ਸੀਨੀਅਰ ਆਗੂਆਂ ਅਤੇ ਵਰਕਰਾਂ ਵੱਲੋਂ ਭਰਵਾਂ ਸਵਾਗਤ ਕਰਦਿਆ ਉਨ੍ਹਾਂ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਹਲਕੇ 'ਚ ਬੀਸੀ ਵਿੰਗ ਹੋਰ ਮਜ਼ਬੂਤ ਹੋਵੇਗਾ ਅਤੇ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਆਧਾਰ ਹੋਰ ਵਿਸਤਾਰ ਵਧੇਗਾ।

# ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਥਾਂ ਮੱਕੀ ਦੀ ਖੇਤੀ ਅਪਣਾਉਣ ਦੀ ਅਪੀਲ




**ਮਾਲੇਰਕੋਟਲਾ 12 ਜੂਨ (ਸ਼ਰਮਾ)** ਪੰਜਾਬ ਸਰਕਾਰ ਵੱਲੋਂ ਫਸਲੀ ਵਿਭਿੰਨਤਾ ਨੂੰ ਪ੍ਰੋਤਸਾਹਨ ਦੇਣ ਅਤੇ ਝੋਨੇ ਦੇ ਬਦਲ ਵਜੋਂ ਮੱਕੀ ਦੀ ਕਾਸ਼ਤ ਨੂੰ ਵਧਾਵਾ ਦੇਣ ਲਈ ਚਲਾਏ ਜਾ ਰਹੇ ਪਾਇਲਟ ਪ੍ਰੋਜੈਕਟ ਤਹਿਤ ਅੱਜ ਸਹਿਜਦੀਪ ਕੌਰ, ਸੀਨੀਅਰ ਰਿਸਰਚ ਅਫ਼ਸਰ ਸਹਿਜਦੀਪ ਕੌਰ ਵੱਲੋ ਬਲਾਕ ਖੇਤੀਬਾੜੀ ਅਫਸਰ ਪਰਦੀਪ ਸਿੰਘ ਟਿਵਾਣਾ ਦੀ ਮੌਜੂਦਗੀ ਵਿੱਚ ਅੱਜ ਬਲਾਕ ਅਹਿਮਦਗੜ੍ਹ ਦੇ ਪਿੰਡ ਕੁੱਪ ਕਲਾਂ ਵਿਖੇ ਮੱਕੀ ਦੀ ਬਿਜਾਈ ਕਰਨ ਵਾਲੇ ਕਿਸਾਨ ਸੁਖਜੀਵਨ ਸਿੰਘ ਦੇ ਖੇਤ ਦਾ ਦੌਰਾ ਕੀਤਾ ਗਿਆ ਜਿਸ ਵਿੱਚ ਉਨ੍ਹਾਂ ਨੇ ਖੇਤ ਵਿੱਚ ਕਿਸਾਨ ਨਾਲ ਫਸਲ ਸੰਬੰਧੀ ਗੱਲਬਾਤ ਕੀਤੀ ਅਤੇ ਮੱਕੀ ਦੀ ਖੇਤੀ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ। ਦੌਰੇ ਦੌਰਾਨ ਖੇਤੀਬਾੜੀ ਅਫ਼ਸਰ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਮੱਕੀ ਦੀ ਫਸਲ ਦੇ ਆਰਥਿਕ ਅਤੇ ਵਾਤਾਵਰਣਕ ਲਾਭਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਾਇਲਟ ਪ੍ਰੋਜੈਕਟ ਅਧੀਨ ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ 7,000 ਰੁਪਏ ਪ੍ਰਤੀ ਏਕੜ ਸਬਸਿਡੀ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਦਾ ਉਦੇਸ਼ ਕਿਸਾਨਾਂ ਨੂੰ ਝੋਨੇ ਦੀ ਥਾਂ ਮੱਕੀ ਦੀ ਖੇਤੀ ਵੱਲ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਮੱਕੀ ਦੀ ਫਸਲ ਘੱਟ ਪਾਣੀ ਨਾਲ ਤਿਆਰ ਹੋ ਜਾਂਦੀ ਹੈ ਅਤੇ ਇਹ ਭੂ-ਜਲ ਪੱਧਰ ਨੂੰ ਬਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। ਇਸ ਮੌਕੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਮੱਕੀ ਦੀ ਬਿਜਾਈ, ਖਾਦਾਂ ਦੀ ਵਰਤੋਂ ਅਤੇ ਕੀਟ ਪ੍ਰਬੰਧਨ ਸੰਬੰਧੀ ਤਕਨੀਕੀ ਜਾਣਕਾਰੀ ਵੀ ਦਿੱਤੀ। ਕਿਸਾਨਾਂ ਨੇ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਬਸਿਡੀ ਅਤੇ ਖੇਤੀਬਾੜੀ ਵਿਭਾਗ ਦੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਮੱਕੀ ਦੀ ਕਾਸ਼ਤ ਪ੍ਰਤੀ ਉਨ੍ਹਾਂ ਦਾ ਰੁਝਾਨ ਵਧਿਆ ਹੈ। ਖੇਤੀਬਾੜੀ ਵਿਭਾਗ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲੀ ਵਿਭਿੰਨਤਾ ਅਪਣਾਉਣ ਅਤੇ ਮੱਕੀ ਵਰਗੀਆਂ ਬਦਲਵੀਆਂ ਫਸਲਾਂ ਦੀ ਕਾਸ਼ਤ ਕਰਕੇ ਆਪਣੀ ਆਮਦਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਕੁਦਰਤੀ ਸਰੋਤਾਂ ਦੀ ਸੰਭਾਲ ਵਿੱਚ ਵੀ ਯੋਗਦਾਨ ਪਾਉਣ। ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ ਸੰਦੀਪ ਸਿੰਘ ਅਤੇ ਖੇਤੀਬਾੜੀ ਸਬ ਇੰਸਪੈਕਟਰ ਹਰਮਿੰਦਰ ਸਿੰਘ ਵੀ ਹਾਜ਼ਰ ਸਨ।



## ਜ਼ਿਲ੍ਹਾ ਟਰੈਫਿਕ ਇੰਚਾਰਜ ਏਐਸਆਈ ਤਰਸੇਮ ਸਿੰਘ ਨੂੰ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ, ਇਮਾਨਦਾਰੀ ਅਤੇ ਆਪਣੀ ਡਿਊਟੀ ਪ੍ਰਤੀ ਸਮਰਪਿਤ ਸੇਵਾਵਾਂ ਦੇ ਮੱਦੇਨਜ਼ਰ ਡੀਜੀਪੀ ਕਮੈਂਡੇਸ਼ਨ ਡਿਸਕ ਨਾਲ ਸਨਮਾਨਿਤ ਕੀਤਾ

**ਸ਼੍ਰੀ ਮੁਕਤਸਰ ਸਾਹਿਬ-** ਸ਼੍ਰੀ ਮੁਕਤਸਰ ਸਾਹਿਬ ਪੁਲਿਸ ਵਿੱਚ ਡਿਊਟੀ ਨਿਭਾ ਰਹੇ ਜ਼ਿਲ੍ਹਾ ਟਰੈਫਿਕ ਇੰਚਾਰਜ ਏਐਸਆਈ ਤਰਸੇਮ ਸਿੰਘ ਨੂੰ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ, ਇਮਾਨਦਾਰੀ ਅਤੇ ਆਪਣੀ ਡਿਊਟੀ ਪ੍ਰਤੀ ਸਮਰਪਿਤ ਸੇਵਾਵਾਂ ਦੇ ਮੱਦੇਨਜ਼ਰ ਡੀਜੀਪੀ ਕਮੈਂਡੇਸ਼ਨ ਡਿਸਕ (DGP Commendation Disc) ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਭਿਮੰਨਿਊ ਰਾਣਾ, ਆਈ.ਪੀ.ਐਸ., ਵੱਲੋਂ ਏਐਸਆਈ ਤਰਸੇਮ ਸਿੰਘ ਨੂੰ ਡੀਜੀਪੀ ਕਮੈਂਡੇਸ਼ਨ ਡਿਸਕ ਲਗਾ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਐਸਆਈ ਗੁਰਦੀਪ ਸਿੰਘ, ਮੁੱਖ ਅਫਸਰ ਥਾਣਾ ਬਰੀਵਾਲਾ, ਵੀ ਹਾਜ਼ਰ ਸਨ। ਇਸ ਮੌਕੇ ਹਾਜ਼ਰ ਅਧਿਕਾਰੀਆਂ ਵੱਲੋਂ ਏਐਸਆਈ ਤਰਸੇਮ ਸਿੰਘ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਗਈ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ।

ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਰਵੀਨਾ ਰਾਣੀ ਨੇ ਪੁਸ਼ਪਕ ਪ੍ਰਿੰਟਰ, ਚੱਕ ਰੋਡ ਨੇੜੇ ਖਾਲਸਾ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਮਾਲਵਾ ਬਾਣੀ ਦਫਤਰ, ਖੱਡੀਆਂ ਵਾਲੀ ਗਲੀ, ਹਾਊਸ ਨੰਬਰ 1740 , ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਰਵੀਨਾ ਰਾਣੀ
Rni.PUNPUN/2022/85964

# ਕੈਬਨਿਟ ਮੰਤਰੀ ਨੇ ਮਲੋਟ ਵਿਖੇ ਤਿਆਰ ਹੋਈਆਂ ਗਲੀਆਂ ਦੇ ਕੀਤੇ ਉਦਘਾਟਨ




**ਮਲੋਟ / ਸ੍ਰੀ ਮੁਕਤਸਰ ਸਾਹਿਬ 12 ਜੂਨ (ਹਰਦੀਪ ਸਿੰਘ ਖਾਲਸਾ)** ਪੰਜਾਬ ਸਰਕਾਰ ਵਲੋਂ ਸੂਬੇ ਦੇ ਵਿਕਾਸ ਲਈ ਹਰ ਸੰਭਵ ਯਤਨਸ਼ੀਲ ਕੀਤੇ ਜਾ ਰਹੇ ਹਨ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਮਿਲ ਸਕੇ। ਇਹ ਪ੍ਰਗਟਾਵਾ ਅੱਜ ਡਾ.ਬਲਜੀਤ ਕੌਰ ਸਮਾਜਿਕ ਸੁਰੱਖਿਆ,ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਨੇ ਅੱਜ ਮਲੋਟ ਵਿਖੇ 1 ਕਰੋੜ 76 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਈਆਂ ਗਲੀਆਂ ਦਾ ਉਦਘਾਟਨ ਕਰਦਿਆਂ ਕੀਤਾ। ਇਸ ਮੌਕੇ ਉਹਨਾਂ ਦੱਸਿਆ ਕਿ ਅਧੂਰੀਆਂ ਰਹਿ ਗਈਆਂ ਗਲੀਆਂ ਦੇ ਕੰਮ ਵੀ ਜਲਦੀ ਮੁਕੰਮਲ ਕਰਵਾਇਆ ਜਾ ਰਿਹਾ ਹੈ ਤਾਂ ਜੋ ਸ਼ਹਿਰ ਨਿਵਾਸੀਆਂ ਨੂੰ ਆਉਣ ਜਾਣ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਪੇਸ਼ ਨਾ ਆਵੇ ।ਉਹਨਾਂ ਅੱਗੇ ਕਿਹਾ ਕਿ ਗਲੀਆਂ ਤੋਂ ਇਲਾਵਾ ਜੋ ਵੀ ਵਿਧਾਨ ਸਭਾ ਹਲਕਾ ਮਲੋਟ ਵਿੱਚ ਵਿਕਾਸ ਦੇ ਕੰਮ ਚੱਲ ਰਹੇ ਹਨ, ਇਹ ਵਿਕਾਸ ਦੇ ਕੰਮ ਵੀ ਜਲਦੀ ਮੁਕੰਮਲ ਕਰਵਾਏ ਜਾਣਗੇ। ਉਹਨਾਂ ਅੱਗੇ ਦੱਸਿਆ ਕਿ ਲੋਕਾਂ ਨੂੰ ਪੀਣ ਵਾਲੇ ਪਾਣੀ ਮੁਹੱਈਆਂ ਕਰਵਾਉਣ ਅਤੇ ਸੀਵਰੇਜ਼ ਦੀ ਸਮੱਸਿਆਂ ਦੇ ਹੱਲ ਲਈ ਸ਼ਹਿਰ ਵਿੱਚ ਸਬੰਧਿਤ ਵਿਭਾਗ ਵਲੋਂ ਨਵੀਆਂ ਪਾਈਪਾਂ ਪਾਈਆਂ ਜਾ ਰਹੀਆ ਹਨ। ਉਹਨਾਂ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦਿਆ ਕਿਹਾ ਕਿ ਆਮ ਪਾਰਟੀ ਨੇ ਹਮੇਸ਼ਾ ਕੰਮ ਦੀ ਰਾਜਨੀਤੀ ਕੀਤੀ ਹੈ ਅਤੇ 2027 ਦੀਆ ਚੋਣਾਂ ਵਿਚ ਕੀਤੇ ਕੰਮਾਂ ਨੂੰ ਲੈ ਲੋਕਾਂ ਤੋਂ ਵੋਟਾਂ ਮੰਗਣਗੇ। ਉਹਨਾਂ ਵਿਰੋਧੀਆਂ ਦੇ ਵਰਦਿਆਂ ਕਿਹਾ ਕਿ ਪੰਜਾਬ ਦੇ ਲੋਕ ਸਿਆਣੇ ਤੇ ਸੂਝਵਾਨ ਹਨ ਅਤੇ ਇਸ ਦਾ ਜਵਾਬ ਉਹ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਵੋਟ ਪਾ ਕੇ ਦੇਣਗੇ। ਇਸ ਮੌਕੇ ਸ਼ਹਿਰੀ ਪ੍ਰਧਾਨ ਜਸਮੀਤ ਬਰਾੜ, ਚੇਅਰਮੈਨ ਗੁਰਪ੍ਰੀਤ ਸਿੰਘ ਵਿਰਦੀ, ਰਾਜੀਵ ਉੱਪਲ, ਲਵ ਬੱਤਰਾ, ਸਾਬਕਾ ਕੌਂਸਲਰ ਹਰਮੇਲ ਸਿੰਘ ਸੰਧੂ, ਆਪ ਆਗੂ ਗੁਰਮੀਤ ਸਿੰਘ ਚਿੰਟੂ ਅਤੇ ਪਤਵੰਤੇ ਵਿਆਕਤੀ ਹਾਜਰ ਸਨ।

# ਬਰ.ਫ ਵਾਲੀ ਗਲੀ ਅਤੇ ਸੁਭਾਸ਼ ਨਗਰ ਦੇ ਵਾਸੀ ਸੀਵਰੇਜ ਸਮੱਸਿਆ ਤੋਂ ਪਰੇਸ਼ਾਨ



**ਗਿੱਦੜਬਾਹਾ, 12 ਜੂਨ (ਕੁਲਭੂਸ਼ਨ ਗਰਗ)** ਸ਼ਹਿਰ ਦੀ ਬਰਫ਼ ਵਾਲੀ ਗਲੀ ਅਤੇ ਸੁਭਾਸ਼ ਨਗਰ ਦੇ ਵਸਨੀਕ ਪਿਛਲੇ ਕਈ ਦਿਨਾਂ ਤੋਂ ਗੰਭੀਰ ਸੀਵਰੇਜ ਸਮੱਸਿਆ ਨਾਲ ਜੂਝ ਰਹੇ ਹਨ। ਇਲਾਕੇ ਦੇ ਲੋਕਾਂ ਦਾ ਕਹਿਣਾ ਹੈ ਕਿ ਸੀਵਰੇਜ ਲਾਈਨਾਂ ਜਾਮ ਹੋਣ ਕਾਰਨ ਗੰਦਾ ਪਾਣੀ ਸੜਕਾਂ ਅਤੇ ਗਲੀਆਂ ਵਿੱਚ ਖੜ੍ਹਾ ਹੋ ਗਿਆ ਹੈ, ਜਿਸ ਨਾਲ ਆਵਾਜਾਈ ਵਿੱਚ ਰੁਕਾਵਟ ਪੈਦਾ ਹੋ ਰਹੀ ਹੈ ਅਤੇ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਥਾਨਕ ਨਿਵਾਸੀਆਂ ਨੇ ਦੱਸਿਆ ਕਿ ਕਈ ਵਾਰ ਸੰਬੰਧਿਤ ਵਿਭਾਗ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਇਸ ਸਮੱਸਿਆ ਬਾਰੇ ਜਾਣੂ ਕਰਵਾਇਆ ਗਿਆ ਹੈ, ਪਰ ਅਜੇ ਤੱਕ ਕੋਈ ਪੱਕਾ ਹੱਲ ਨਹੀਂ ਕੀਤਾ ਗਿਆ। ਗਲੀਆਂ ਵਿੱਚ ਖੜ੍ਹੇ ਗੰਦੇ ਪਾਣੀ ਕਾਰਨ ਬਦਬੂ ਫੈਲ ਰਹੀ ਹੈ, ਜਿਸ ਨਾਲ ਇਲਾਕੇ ਦਾ ਵਾਤਾਵਰਣ ਪ੍ਰਦੂਸ਼ਿਤ ਹੋ ਰਿਹਾ ਹੈ। ਇਸ ਦੇ ਨਾਲ ਹੀ ਮੱਛਰਾਂ ਦੀ ਗਿਣਤੀ ਵੀ ਵੱਧ ਗਈ ਹੈ, ਜਿਸ ਕਾਰਨ ਬਿਮਾਰੀਆਂ ਫੈਲਣ ਦਾ ਖ਼ਤਰਾ ਬਣਿਆ ਹੋਇਆ ਹੈ। ਵਸਨੀਕਾਂ ਦਾ ਕਹਿਣਾ ਹੈ ਕਿ ਸਭ ਤੋਂ ਵੱਧ ਦਿੱਕਤ ਬੱਚਿਆਂ, ਬਜ਼ੁਰਗਾਂ ਅਤੇ ਮਹਿਲਾਵਾਂ ਨੂੰ ਆ ਰਹੀ ਹੈ। ਗਲੀ ਵਿੱਚ ਪਾਣੀ ਭਰਨ ਕਾਰਨ ਲੋਕਾਂ ਨੂੰ ਆਪਣੇ ਘਰਾਂ ਤੋਂ ਬਾਹਰ ਨਿਕਲਣ ਵਿੱਚ ਮੁਸ਼ਕਲ ਆ ਰਹੀ ਹੈ। ਕਈ ਥਾਵਾਂ 'ਤੇ ਪਾਣੀ ਘਰਾਂ ਦੇ ਦਰਵਾਜ਼ਿਆਂ ਦੇ ਬਾਹਰ ਖੜ੍ਹਾ ਜਿਸ ਕਰਕੇ ਉਨ੍ਹਾਂ ਨੂੰ ਪ੍ਰੇਸ਼ਾਨੀ ਹੋਣੀ ਸੁਭਾਵਿਕ ਹੈ। ਇਲਾਕਾ ਨਿਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸੀਵਰੇਜ ਪ੍ਰਣਾਲੀ ਦੀ ਤੁਰੰਤ ਸਫਾਈ ਕਰਵਾਈ ਜਾਵੇ ਅਤੇ ਸਮੱਸਿਆ ਦਾ ਸਥਾਈ ਹੱਲ ਲੱਭਿਆ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਕਾਰਵਾਈ ਨਾ ਕੀਤੀ ਗਈ ਤਾਂ ਉਹ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਦੂਜੇ ਪਾਸੇ ਸੀਵਰੇਜ ਬੋਰਡ ਦੇ ਜੇ ਈ ਲਖਵਿੰਦਰ ਸਿੰਘ ਭੁੱਲਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸ਼ਹਿਰ ਅੰਦਰ ਸੀਵਰੇਜ ਰਿਪਲੇਸਮੈਂਟ ਦਾ ਕੰਮ ਜੰਗੀ ਪੱਧਰ ਤੇ ਚੱਲ ਰਿਹਾ ਹੈ ਅਤੇ ਆਉਂਦੇ ਕੁਝ ਦਿਨਾਂ ਵਿੱਚ ਸਾਰਾ ਕੰਮ ਮੁਕੰਮਲ ਕਰ ਲਿਆ ਜਾਵੇਗਾ ਅਤੇ ਸ਼ਹਿਰ ਵਾਸੀਆਂ ਨੂੰ ਸੀਵਰੇਜ ਸਮੱਸਿਆ ਤੋਂ ਛੁਟਕਾਰਾ ਮਿਲ ਜਾਵੇਗਾ।

# ਵਿਧਾਇਕ ਦਿਆਲਪੁਰਾ ਨੇ ਯੁੱਧ ਨਸ਼ਿਆਂ ਵਿਰੁੱਧ ਈ ਰਿਕਸ਼ਿਆਂ ਨੂੰ ਦਿੱਤੀ ਹਰੀ ਝੰਡੀ

### ਨਸ਼ਾ ਵੇਚਣ ਜਾਂ ਕਰਨ ਵਾਲਿਆਂ ਪ੍ਰਤੀ ਆਪਣੀ ਸ਼ਿਕਾਇਤ ਬਕਸੇ ਵਿੱਚ ਪਾ ਸਕਦੇ ਹਨ- ਵਿਧਾਇਕ ਦਿਆਲਪੁਰਾ




**ਸਮਰਾਲਾ 12 ਜੂਨ (ਹਨੀਸ਼ ਕੌਸ਼ਲ/ ਸ਼ਾਸ਼ਵਤ ਦੱਤ ਅਤਰੇ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੇ ਪਿਛਲੇ ਸਾਲ ਤੋਂ ਯੁੱਧ ਨਸ਼ਿਆ ਵਿਰੁੱਧ ਤਹਿਤ ਸਮੁੱਚੇ ਪੰਜਾਬ ਨੂੰ ਨਸ਼ਿਆਂ ਤੋਂ ਮੁਕਤ ਕਰਨ ਸਬੰਧੀ ਜੋ ਬੀੜਾ ਚੁੱਕਿਆ ਹੋਇਆ ਹੈ, ਉਸਦੇ ਕਾਫੀ ਸਾਰਥਿਕ ਨਤੀਜੇ ਵੀ ਸਾਹਮਣੇ ਆ ਰਹੇ ਹਨ। ਜਿੱਥੇ ਪਹਿਲਾਂ ਪੰਜਾਬ ਅੰਦਰ ਨੌਜਵਾਨੀ ਸ਼ਰੇਆਮ ਨਸ਼ਿਆਂ ਵੱਲ ਨੂੰ ਹੋ ਤੁਰੀ ਸੀ, ਅੱਜ ਪੰਜਾਬ ਸਰਕਾਰ ਦੇ ਯਤਨਾ ਸਦਕਾ ਪੰਜਾਬ ਦੇ ਨੌਜਵਾਨ ਨਸ਼ਿਆਂ ਨੂੰ ਛੱਡ ਖੇਡਾਂ ਅਤੇ ਪੜ੍ਹਾਈ ਵੱਲ ਨੂੰ ਰੁਚਿਤ ਹੋਣਾ ਸ਼ੁਰੂ ਹੋ ਚੁੱਕੇ ਹਨ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਆਪਣੇ ਮੁੱਖ ਦਫਤਰ ਵਿਖੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਈ ਰਿਕਸ਼ਾ ਸਰਵਿਸ ਸ਼ੁਰੂ ਕੀਤੀ ਹੈ, ਨੂੰ ਹਰੀ ਝੰਡੀ ਦਿਖਾ ਕੇ ਵੱਖ ਵੱਖ ਪਿੰਡਾਂ ਲਈ ਰਵਾਨਾ ਕਰਨ ਮੌਕੇ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਇਹ ਈ ਰਿਕਸ਼ਾ, ਜਿਨ੍ਹਾਂ ਉੱਤੇ ਲਾਊਡ ਸਪੀਕਰ ਲਗਾਇਆ ਗਿਆ ਹੈ, ਜੋ ਸਮਰਾਲਾ ਹਲਕੇ ਦੇ ਹਰ ਪਿੰਡ ਪਿੰਡ ਵਿੱਚ ਜਾ ਕੇ ਨਸ਼ਿਆਂ ਦੀ ਮਾੜੀ ਅਲਾਮਤ ਪ੍ਰਤੀ ਜਾਗਰੂਕਤਾ ਪੈਦਾ ਕਰੇਗਾ ਅਤੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਬਾਰੇ ਵੀ ਦੱਸੇਗਾ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਈ ਰਿਕਸ਼ਿਆਂ ਵਿੱਚ ਖਾਸ ਗੱਲ ਇਹ ਹੈ ਕਿ ਇਸ ਵਿੱਚ ਨਸ਼ਿਆਂ ਦੇ ਸਬੰਧ ਵਿੱਚ ਪੰਜਾਬੀ ਵਿੱਚ ਫਾਰਮ ਰੱਖੇ ਗਏ ਹਨ ਅਤੇ ਇੱਕ ਸ਼ਿਕਾਇਤ ਬਕਸਾ ਲਗਾਇਆ ਗਿਆ ਹੈ, ਜਿਸ ਵਿੱਚ ਕੋਈ ਵੀ ਵਿਅਕਤੀ ਨਸ਼ਾ ਵੇਚਣ ਜਾਂ ਕਰਨ ਵਾਲਿਆਂ ਪ੍ਰਤੀ ਆਪਣੀ ਸ਼ਿਕਾਇਤ ਉਸ ਬਕਸੇ ਵਿੱਚ ਪਾ ਸਕਦਾ ਹੈ, ਉਸ ਬਕਸੇ ਨੂੰ ਸ਼ਾਮ ਮੌਕੇ ਖੋਲਿਆ ਜਾਵੇਗਾ ਅਤੇ ਉਸ ਵਿੱਚ ਆਈਆਂ ਸ਼ਿਕਾਇਤਾਂ ਨੂੰ ਸਬੰਧਿਤ ਥਾਣੇ ਭੇਜਿਆ ਜਾਵੇਗਾ ਅਤੇ ਸ਼ਿਕਾਇਤ ਕਰਤਾ ਦੀ ਪਛਾਣ ਗੁਪਤ ਰੱਖੀ ਜਾਵੇਗੀ। ਇਸ ਮੌਕੇ ਹਾਜਰ ਪ੍ਰਿਤਪਾਲ ਸਿੰਘ ਸੰਧੂ ਡੀ. ਐਸ. ਪੀ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜੋ ਈ ਰਿਕਸ਼ਾ ਦੀ ਸ਼ੁਰੂਆਤ ਕੀਤੀ ਹੈ, ਉਸਦੇ ਕਾਫੀ ਸਾਰਥਿਕ ਨਤੀਜੇ ਸਾਹਮਣੇ ਆਉਣਗੇ, ਕਿਉਂਕਿ ਆਮ ਲੋਕੀਂ ਥਾਣੇ ਆ ਕੇ ਸ਼ਿਕਾਇਤ ਕਰਨ ਤੋਂ ਹਿਚਕਚਾਉਂਦੇ ਹਨ ਹੁਣ ਅਸਾਨੀ ਨਾਲ ਆਪਣੀ ਸ਼ਿਕਾਇਤ ਇਸ ਈ ਰਿਕਸ਼ਾ ਵਿੱਚ ਰੱਖੇ ਸ਼ਿਕਾਇਤ ਬਾਕਸ ਵਿੱਚ ਪਾ ਸਕਣਗੇ ਅਤੇ ਅਸੀਂ ਅਸਾਨੀ ਨਾਲ ਉਸ ਉੱਤੇ ਅਸਾਨੀ ਨਾਲ ਕਾਰਵਾਈ ਕਰ ਸਕਾਂਗਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਮੇਜਰ ਸਿੰਘ ਬਾਲਿਓਂ ਚੇਅਰਮੈਨ ਮਾਰਕੀਟ ਕਮੇਟੀ ਸਮਰਾਲਾ, ਜਗਰੂਪ ਸਿੰਘ ਰਿੰਕੂ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ, ਕਸ਼ਮੀਰੀ ਲਾਲ ਜ਼ਿਲ੍ਹਾ ਪ੍ਰਧਾਨ ਬੁੱਧੀ ਜੀਵੀ ਸੈੱਲ, ਅੰਮ੍ਰਿਤਾ ਪੁਰੀ, ਜਸਪ੍ਰੀਤ ਸਿੰਘ ਮਾਂਗਟ, ਮਨਜੀਤ ਸਿੰਘ ਭੌਰਲਾ, ਨਵਜੀਤ ਸਿੰਘ ਪੀ. ਏ., ਮਨਦੀਪ ਸਿੰਘ ਬਗਲੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਵਰਕਰ ਹਾਜਰ ਸਨ।

# ਮੁਹੱਲਾ ਪਟਵਾਰਖਾਨਾਂ ਵਾਸੀਆਂ ਨੇ ਠੰਡੀ ਮਿੱਠੀ ਲੱਸੀ ਦੀ ਲਗਾਈ ਛਬੀਲ

### ਮਨੁੱਖਤਾ ਦੀ ਸੇਵਾ ਸਭ ਤੋਂ ਵੱਡਾ ਪੁੰਨ ਦਾ ਕੰਮ- ਮੁਹੱਲਾ ਵਾਸੀ



**ਬੱਸੀ ਪਠਾਣਾਂ, 12 ਜੂਨ (ਰਾਜਨ ਭੱਲਾ)** ਦਿਨੋਂ ਦਿਨ ਵਧ ਰਹੀ ਗਰਮੀ ਦੇ ਮੌਸਮ ਨੂੰ ਦੇਖਦਿਆਂ ਮੁਹੱਲਾ ਪਟਵਾਰਖਾਨਾਂ ਵਾਸੀਆਂ ਵੱਲੋਂ ਠੰਡੀ ਮਿੱਠੀ ਲੱਸੀ ਦੀ ਛਬੀਲ ਲਗਾ ਕੇ ਰਾਹਗੀਰਾਂ ਨੂੰ ਲੱਸੀ ਵੰਡ ਕੇ ਸੇਵਾ ਕੀਤੀ ਗਈ। ਛਬੀਲ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਠੰਡੀ ਮਿੱਠੀ ਲੱਸੀ ਦਾ ਪ੍ਰਸ਼ਾਦ ਛੱਕਿਆ ਅਤੇ ਮੁਹੱਲਾ ਵਾਸੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਮੁਹੱਲਾ ਵਾਸੀਆਂ ਅਤੇ ਸੇਵਾਦਾਰਾਂ ਨੇ ਵੱਧ ਚੜ੍ਹ ਕੇ ਸੇਵਾ ਨਿਭਾਈ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ.ਇੰਦਰਜੀਤ ਸਿੰਘ ਸੇਠੀ, ਇਕਬਾਲ ਸਿੰਘ ਟਿਵਾਣਾ,ਜਸਵਿੰਦਰ ਸਿੰਘ ਢਿੱਲੋਂ,ਮਹਿੰਦਰ ਸਿੰਘ ਬਾਜਵਾ,ਉੱਘੇ ਸਮਾਜ ਸੇਵੀ ਅਤੇ ਨਗਰ ਕੌਂਸਲ ਬੱਸੀ ਪਠਾਣਾਂ ਦੇ ਸਾਬਕਾ ਪ੍ਰਧਾਨ ਅਸ਼ੋਕ ਧੀਮਾਨ, ਜਰਨੈਲ ਸਿੰਘ ਨਾਅਰ੍ਹਾ, ਅਤੇ ਗੁਰਵਿੰਦਰ ਸਿੰਘ ਦੀ ਅਗਵਾਈ ਹੇਠ ਠੰਡੀ ਮਿੱਠੀ ਲੱਸੀ ਦੀ ਛਬੀਲ ਦਾ ਆਯੋਜਨ ਕੀਤਾ ਗਿਆ। ਛਬੀਲ ਦੀ ਸ਼ੁਰੂਆਤ ਤੋਂ ਪਹਿਲਾਂ ਭਾਈ ਜੀ ਵੱਲੋਂ ਸਰਬੱਤ ਦੇ ਭਲੇ ਦੀ ਅਤੇ ਸਮੁੱਚੀ ਲੋਕਾਈ ਦੀ ਚੜ੍ਹਦੀ ਕਲਾ ਲਈ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਗਈ। ਇੰਦਰਜੀਤ ਸਿੰਘ ਸੇਠੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਾਲ ਦੀ ਛਬੀਲ ਦੀ ਸੇਵਾ ਰਮਨਦੀਪ ਸਿੰਘ ਪ੍ਰਿੰਸ ਅਤੇ ਸੀਮਾ ਰਾਣੀ (ਆਸਟਰੇਲੀਆ) ਦੇ ਪਰਿਵਾਰ ਵੱਲੋਂ ਨਿਭਾਈ ਗਈ ਹੈ। ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਪਿਆਸੇ ਰਾਹਗੀਰਾਂ ਨੂੰ ਠੰਢਕ ਅਤੇ ਰਾਹਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਹਰ ਸਾਲ ਇਹ ਸੇਵਾ ਨਿਰੰਤਰ ਜਾਰੀ ਰੱਖੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਸੇਵਾ ਕਾਰਜ ਪ੍ਰਤੀ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ ਅਤੇ ਕਈ ਪਰਿਵਾਰ ਅਗਲੇ ਸਾਲਾਂ ਲਈ ਪਹਿਲਾਂ ਹੀ ਆਪਣੀ ਸੇਵਾ ਦਰਜ ਕਰਵਾ ਚੁੱਕੇ ਹਨ। ਉਨ੍ਹਾਂ ਦੇ ਅਨੁਸਾਰ ਸਾਲ 2029 ਤੱਕ ਦੀਆਂ ਛਬੀਲਾਂ ਲਈ ਵੱਖ-ਵੱਖ ਪਰਿਵਾਰਾਂ ਵੱਲੋਂ ਅਗਾਊਂ ਬੁਕਿੰਗ ਕਰਵਾਈ ਜਾ ਚੁੱਕੀ ਹੈ, ਜੋ ਇਸ ਧਾਰਮਿਕ ਅਤੇ ਸਮਾਜਿਕ ਸੇਵਾ ਪ੍ਰਤੀ ਲੋਕਾਂ ਦੀ ਡੂੰਘੀ ਸ਼ਰਧਾ ਦਾ ਪ੍ਰਤੀਕ ਹੈ। ਇਸ ਮੌਕੇ ਛੋਟੀ ਬੱਚੀ ਸੁਖਮਣੀ ਸੇਠੀ, ਪਰਮਜੀਤ ਕੌਰ ਸੇਠੀ, ਦੇਵੀ ਦਿਆਲ, ਉਸ਼ਾ ਭੂਆ, ਛੋਟੇ ਲਾਲ, ਭਿੰਦਾ, ਮਨਮੋਹਨ ਸਿੰਘ ਕੋਹਲੀ, ਸੋਇਬ ਮੁਹੰਮਦ ਤੋਂ ਇਲਾਵਾ ਸਮੂਹ ਮੁਹੱਲਾ ਵਾਸੀ ਹਾਜ਼ਰ ਸਨ।

# ਜਸਪਾਲ ਪੰਜਗਰਾਈ ਨੇ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਪ੍ਰਧਾਨ ਬਣਨ 'ਤੇ ਦਿੱਤੀ ਵਧਾਈ



**ਕੋਟਕਪੂਰਾ, 12 ਜੂਨ (ਟਿੰਕੂ ਕੁਮਾਰ)** ਭਾਰਤੀ ਜਨਤਾ ਪਾਰਟੀ ਦੇ ਨਵ ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਚੰਡੀਗੜ੍ਹ ਵਿਖੇ ਜਸਪਾਲ ਸਿੰਘ ਪੰਜਗਰਾਈ ਮੀਤ ਪ੍ਰਧਾਨ ਪੰਜਾਬ ਭਾਰਤੀ ਜਨਤਾ ਪਾਰਟੀ ਐਸ ਸੀ ਮੋਰਚਾ ਪੰਜਾਬ ਵਿਧਾਨ ਸਭਾ ਹਲਕਾ ਜੈਤੋ ਨੇ ਵਿਸੇਸ਼ ਮੁਲਕਾਤ ਕੀਤੀ। ਇਸ ਸਮੇਂ ਉਹਨਾਂ ਨਾਲ ਅਸ਼ਵਨੀ ਸ਼ਰਮਾ ਸਾਬਕਾ ਪ੍ਰਧਾਨ ਪੰਜਾਬ, ਜਗਬੀਰ ਸਿੰਘ ਬਰਾੜ ਸਾਬਕਾਵਿਧਇਕ, ਹਰਦੀਪ ਸ਼ਰਮਾ ਬਾਹਮਣ ਵਾਲਾ ਆਦਿ ਵੀ ਹਾਜਰ ਸਨ। ਜਸਪਾਲ ਸਿੰਘ ਪੰਜਗਰਾਈ ਨੇ ਜੈਤੋ ਵਿਧਾਨ ਸਭਾ ਹਲਕੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਬੀਜੇਪੀ ਦੇ ਵਰਕਰਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵੀ ਵਿਚਾਰ ਚਰਚਾ ਕੀਤੀ ਪੰਜ਼ਾਬ ਦੀਆਂ ਅਨੁਸੂਚਿਤ ਜਾਤੀਆਂ ਤੇ ਪੰਜ਼ਾਬ ਦੀਆਂ ਵਿਮੁਕਤ ਜਾਤੀਆਂ ਬਾਰੇ ਵਿਸਥਾਰ ਪੂਰਵਕ ਗੱਲਬਾਤ ਕੀਤੀ ਗਈ। ਇਸ ਮੌਕੇ ਜਸਪਾਲ ਪੰਜਗਰਾਈ ਨੇ ਮੰਗ ਕੀਤੀ ਕਿ ਸਾਰੇ ਵਰਕਰਾ ਦਾ ਧਿਆਨ ਰੱਖਿਆ ਜਾਵੇ ਅਤੇ ਫਰੀਦਕੋਟ ਵਿਖੇ ਉਨ੍ਹਾਂ ਨੂੰ ਸੱਦਾ ਦਿੱਤਾ ਪੰਜਾਬ ਪ੍ਰਧਾਨ ਨੇ ਜਸਪਾਲ ਪੰਜਗਰਾਈ ਨੂੰ ਭਰੋਸਾ ਦਿੱਤਾ ਕਿ ਭਾਰਤੀ ਜਨਤਾ ਪਾਰਟੀ ਨੂੰ ਕਾਮਯਾਬ ਕਰਨ ਲਈ ਸਾਰੇ ਲੋਕਾਂ ਦਾ ਧਿਆਨ ਰੱਖਿਆ ਜਾਵੇਗਾਂ। ਉਨਾ ਵੱਲੋਂ ਫਰੀਦਕੋਟ ਆਉਣ ਲਈ ਟਾਈਮ ਦੇ ਦਿੱਤਾ ਗਿਆ! ਜਸਪਾਲ ਸਿੰਘ ਪੰਜਗਰਾਈ ਨੇ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਪ੍ਰਧਾਨ ਬਣਨ ਤੇ ਵਧਾਈ ਦਿੱਤੀ ਅਤੇ ਹਾਈ ਕਮਾਂਡ ਦਾ ਧੰਨਵਾਦ ਕੀਤਾ। ਪੰਜ਼ਾਬ ਪ੍ਰਧਾਨ ਤੋਂ ਵੱਡੀਆਂ ਉਮੀਦਾਂ ਰੱਖਿਆ! ਉਨਾ ਕਿਹਾ ਕਿ ਪੰਜਾਬ ਵਿੱਚ ਕੇਵਲ ਸਿੰਘ ਢਿੱਲੋਂ ਦੇ ਪ੍ਰਧਾਨ ਬਣਨ ਨਾਲ2027 ਦੀ ਸਰਕਾਰ ਬਣਾਉਣ ਲਈ ਵੱਡੀ ਜਿੱਤ ਹੋਵੇ ਗਈ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਪਹਿਲੀ ਵਾਰ ਪੰਜਾਬ ਵਿਚ ਸਰਕਾਰ ਬਣੇ ਗਈ।

# ਪੱਤਰਕਾਰ ਲੋਕਤੰਤਰ ਦਾ ਚੌਥਾ ਥੰਮ੍ਹ, ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ ਪੂਰਾ: ਭਰਾਜ



**ਭਵਾਨੀਗੜ੍ਹ, 12 ਜੂਨ (ਰਾਜ ਖੁਰਮੀ):** ਸੰਯੁਕਤ ਪ੍ਰੈਸ ਕਲੱਬ ਭਵਾਨੀਗੜ੍ਹ (ਰਜਿ.) ਦੀ ਮਹੀਨਾਵਾਰ ਮੀਟਿੰਗ ਕਲੱਬ ਦਫ਼ਤਰ ਵਿਖੇ ਪ੍ਰਧਾਨ ਗੁਰਦਰਸ਼ਨ ਸਿੰਘ ਸਿੱਧੂ ਦੀ ਅਗਵਾਈ ਹੇਠ ਹੋਈ। ਇਸ ਮੌਕੇ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਿਨ੍ਹਾਂ ਦਾ ਕਲੱਬ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਮੀਟਿੰਗ ਦੌਰਾਨ ਕਲੱਬ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਸਿੱਧੂ, ਚੇਅਰਮੈਨ ਜਰਨੈਲ ਸਿੰਘ ਮਾਝੀ, ਜਨਰਲ ਸਕੱਤਰ ਗੁਰਪ੍ਰੀਤ ਸਿੰਘ ਗਰੇਵਾਲ, ਖਜ਼ਾਨਚੀ ਤਰਸੇਮ ਕਾਂਸਲ ਅਤੇ ਸਰਪ੍ਰਸਤ ਵਿਕਾਸ ਮਿੱਤਲ ਨੇ ਵਿਧਾਇਕ ਭਰਾਜ ਦੇ ਧਿਆਨ ਵਿੱਚ ਕਲੱਬ ਨਾਲ ਸੰਬੰਧਿਤ ਕੁਝ ਅਹਿਮ ਮੰਗਾਂ ਰੱਖੀਆਂ। ਉਨ੍ਹਾਂ ਨੇ ਕਲੱਬ ਦਫ਼ਤਰ ਲਈ ਦੋ ਵਾਧੂ ਕਮਰੇ ਮੁਹੱਈਆ ਕਰਵਾਉਣ ਅਤੇ ਫਰਨੀਚਰ ਤੇ ਹੋਰ ਲੋੜੀਂਦੀਆਂ ਸਹੂਲਤਾਂ ਲਈ ਵਿਸ਼ੇਸ਼ ਗਰਾਂਟ ਜਾਰੀ ਕਰਨ ਦੀ ਮੰਗ ਕੀਤੀ। ਵਿਧਾਇਕ ਭਰਾਜ ਨੇ ਪੱਤਰਕਾਰ ਭਾਈਚਾਰੇ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੱਤਰਕਾਰ ਲੋਕਤੰਤਰ ਦਾ ਮਜ਼ਬੂਤ ਥੰਮ੍ਹ ਹਨ, ਜੋ ਸਮਾਜ ਅਤੇ ਸਰਕਾਰ ਵਿਚਕਾਰ ਪੁਲ ਦਾ ਕੰਮ ਕਰਦੇ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਕਲੱਬ ਵੱਲੋਂ ਰੱਖੀਆਂ ਗਈਆਂ ਜਾਇਜ਼ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਜਲਦ ਪੂਰਾ ਕੀਤਾ ਜਾਵੇਗਾ। ਮੀਟਿੰਗ ਦੌਰਾਨ ਪੱਤਰਕਾਰਾਂ ਨੇ ਖੇਤਰ ਨਾਲ ਜੁੜੇ ਵੱਖ-ਵੱਖ ਮਸਲਿਆਂ ਅਤੇ ਮੀਡੀਆ ਭਾਈਚਾਰੇ ਦੀਆਂ ਜ਼ਰੂਰਤਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਇਕਬਾਲ ਸਿੰਘ ਫੱਗੂਵਾਲਾ, ਮੀਤ ਪ੍ਰਧਾਨ ਵਿਜੈ ਗਰਗ, ਮੁਕੇਸ਼ ਸਿੰਗਲਾ, ਅਮਨਦੀਪ ਸਿੰਘ ਮਾਝਾ, ਮੇਜਰ ਸਿੰਘ ਮੱਟਰਾਂ, ਸੰਜੀਵ ਝਨੇੜੀ, ਰਾਜ ਖੁਰਮੀ,ਵਿਜੈ ਸਿੰਗਲਾ, ਮਨਦੀਪ ਅੱਤਰੀ, ਲਖਵਿੰਦਰਪਾਲ ਗਰਗ, ਕ੍ਰਿਸ਼ਨ ਗਰਗ, ਸੋਹਣ ਸਿੰਘ ਸੋਢੀ, ਭੀਮਾ ਭੱਟੀਵਾਲ, ਪ੍ਰੇਮਜੀਤ ਸਿੰਘ ਗਰੇਵਾਲ, ਦਵਿੰਦਰ ਰਾਣਾ, ਜਤਿੰਦਰ ਸੈਂਟੀ ਅਤੇ ਹੈਪੀ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਪੱਤਰਕਾਰ ਹਾਜ਼ਰ ਰਹੇ। ਇਸ ਤੋਂ ਇਲਾਵਾ ਆੜਤੀਆ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਦੀਪ ਕੁਮਾਰ ਮਿੱਤਲ, ਕੌਂਸਲਰ ਅਵਤਾਰ ਸਿੰਘ ਤਾਰੀ, ਵਿੱਕੀ ਕਲੇਰ, ਰਾਜ ਨਫਰੀਆ, ਲਖਵਿੰਦਰ ਸਿੰਘ ਫੱਗੂਵਾਲਾ ਅਤੇ ਸੁਖਮਨ ਸਿੰਘ ਬਾਲਦ ਨੇ ਵੀ ਮੀਟਿੰਗ ਵਿੱਚ ਸ਼ਿਰਕਤ ਕੀਤੀ। ਮੀਟਿੰਗ ਦੇ ਅੰਤ ਵਿੱਚ ਕਲੱਬ ਅਹੁਦੇਦਾਰਾਂ ਨੇ ਵਿਧਾਇਕ ਨਰਿੰਦਰ ਕੌਰ ਭਰਾਜ ਦਾ ਧੰਨਵਾਦ ਕਰਦਿਆਂ ਉਮੀਦ ਪ੍ਰਗਟਾਈ ਕਿ ਪੱਤਰਕਾਰ ਭਾਈਚਾਰੇ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਜਲਦ ਅਮਲੀ ਜਾਮਾ ਪਹਿਨਾਇਆ ਜਾਵੇਗਾ।

# 'ਮਿਸ਼ਨ ਕਲੀਨ ਪੰਜਾਬ' ਤਹਿਤ ਸਮਰਾਲਾ ਵਿੱਚ ਕਾਰਜ ਸਾਧਕ ਅਫਸਰ ਨੇ ਖੁਦ ਚਲਾਈ ਸਫਾਈ ਮੁਹਿੰਮ

### ਲੁਧਿਆਣਾ ਚੰਡੀਗੜ੍ਹ ਰੋਡ ਅਤੇ ਖੰਨਾ ਰੋਡ ਅਤੇ ਨਾਲਿਆਂ ਦੀ ਕੀਤੀ ਸਫਾਈ




**ਸਮਰਾਲਾ 12 ਜੂਨ (ਹਨੀਸ਼ ਕੌਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਪੰਜਾਬ ਦੇ ਸ਼ਹਿਰੀ ਖੇਤਰਾਂ ਵਿੱਚ ਸਫਾਈ ਵਿਵਸਥਾ ਨੂੰ ਦਰੁਸਤ ਬਣਾਉਣ ਲਈ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਬੀਤੀ ਦਿਨੀਂ 'ਮਿਸ਼ਨ ਕਲੀਨ ਪੰਜਾਬ' ਦੀ ਸ਼ੁਰੂਆਤ ਕੀਤੀ ਗਈ ਸੀ। ਜਿਸ ਤਹਿਤ ਨਗਰ ਕੌਂਸਲ ਸਮਰਾਲਾ ਵੱਲੋਂ ਵਿਸ਼ੇਸ਼ ਉਪਰਾਲੇ ਆਰੰਭ ਕੀਤੇ ਗਏ ਹਨ। ਇਸ ਅਭਿਆਨ ਸਬੰਧੀ ਜਾਣਕਾਰੀ ਦਿੰਦੇ ਹੋਏ ਅਮਨਦੀਪ ਸਿੰਘ ਕਾਰਜ ਸਾਧਕ ਅਫਸਰ ਸਮਰਾਲਾ ਨੇ ਦੱਸਿਆ ਕਿ ਅੱਜ ਉਨ੍ਹਾਂ ਨੇ ਖੁਦ ਆਪਣੇ ਕਰਮਚਾਰੀਆਂ ਦੀ ਰਹਿਨੁਮਾਈ ਕਰਕੇ ਲੁਧਿਆਣਾ ਚੰਡੀਗੜ੍ਹ ਰੋਡ ਅਤੇ ਖੰਨਾ ਰੋਡ ਦੇ ਆਲੇ ਦੁਆਲੇ ਦੀ ਸਫਾਈ ਕਰਵਾਈ ਗਈ ਅਤੇ ਨਾਲਿਆਂ ਨੂੰ ਸਾਫ ਕੀਤਾ ਗਿਆ। ਉਨ੍ਹਾਂ ਕਿਹਾ ਕਿ ਉਹ ਰੋਜਾਨਾਂ ਇਸ ਮੁਹਿੰਮ ਦਾ ਖੁਦ ਹਿੱਸਾ ਬਣਕੇ ਸਮਰਾਲਾ ਸ਼ਹਿਰ ਨੂੰ ਇਕ ਵੱਖਰੀ ਦਿੱਖ ਦੇ ਲਈ ਵਚਨਬੱਧ ਹਨ। ਪੰਜਾਬ ਸਰਕਾਰ ਵੱਲੋਂ ਚਲਾਈ ਇਸ ਮੁਹਿੰਮ ਦੇ ਕਾਫੀ ਸਾਰਥਿਕ ਨਤੀਜੇ ਸਾਹਮਣੇ ਆਉਣਗੇ ਅਤੇ ਅੱਗੇ ਆ ਰਹੀ ਬਰਸਾਤ ਦੇ ਦਿਨਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਸਫਾਈ ਮੁਹਿੰਮ ਕਾਫੀ ਸਹਾਈ ਹੋਵੇਗੀ ਕਿਉਂਕਿ ਇਸ ਮੁਹਿੰਮ ਤਹਿਤ ਸਮਰਾਲਾ ਦੇ ਸਾਰੇ ਨਾਲੇ ਬਿਲਕੁੱਲ ਸਾਫ ਕਰ ਦਿੱਤੇ ਜਾਣਗੇ ਅਤੇ ਕਿਸੇ ਵੀ ਨਾਲੇ ਵਿੱਚ ਕੋਈ ਗਾਰ ਜਾਂ ਗੰਦ ਨਹੀਂ ਰਹਿਣ ਦਿੱਤਾ ਜਾਵੇਗਾ ਅਤੇ ਇਸ ਮੁਹਿੰਮ ਦੌਰਾਨ ਜਨਤਕ ਬਾਥਰੂਮਾਂ ਦੀ ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਸਫਾਈ ਮੁਹਿੰਮ ਮੌਕੇ ਨਗਰ ਕੌਂਸਲ ਵੱਲੋਂ ਸੰਜੀਵ ਕੁਮਾਰ ਸੈਨਟਰੀ ਇੰਸਪੈਕਟਰ, ਜਗਰੂਪ ਸਿੰਘ, ਗੁਰਪ੍ਰੀਤ ਸਿੰਘ, ਮੇਜਰ ਸਿੰਘ, ਬਿੰਦਰ ਸਿੰਘ ਆਦਿ ਤੋਂ ਇਲਾਵਾ ਹੋਰ ਮੁਲਾਜਮ ਅਤੇ ਸਫਾਈ ਸੇਵਕ ਹਾਜਰ ਸਨ।

# ਜ਼ਿਲ੍ਹਾ ਪਰਿਸ਼ਦ ਮੈਂਬਰ ਹਰਜੋਤ ਮਾਂਗਟ ਹਲਕਾ ਯੂਥ ਪ੍ਰਧਾਨ ਨਿਯੁਕਤ, ਬੇਦਾਗ ਤੇ ਮਿਹਨਤੀ ਸ਼ਖਸ਼ੀਅਤ ਹੈ ਹਰਜੋਤ ਮਾਂਗਟ- ਪ੍ਰਧਾਨ ਖੇੜਾ




**ਮਾਛੀਵਾੜਾ ਸਾਹਿਬ 12 ਜੂਨ (ਮਾਸਟਰ ਸਤੀਸ਼ ਕੁਮਾਰ)** ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਹਰਜੋਤ ਸਿੰਘ ਮਾਂਗਟ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਵੱਡੀ ਜਿੰਮੇਵਾਰੀ ਦਿੰਦਿਆਂ ਹਲਕਾ ਸਮਰਾਲਾ ਤੋਂ ਯੂਥ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਬੀਤੇ ਕੱਲ੍ਹ ਹੋਈ ਮੀਟਿੰਗ ਦੌਰਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਦੇ 84 ਹਲਕਿਆਂ ਦੇ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ, ਜਿਨ੍ਹਾਂ ਵਿੱਚ ਹਲਕਾ ਸਮਰਾਲਾ ਤੋਂ ਸਾਬਕਾ ਬਲਾਕ ਸੰਮਤੀ ਮੈਂਬਰ ਅਤੇ ਮੌਜੂਦਾ ਜ਼ਿਲ੍ਹਾ ਪਰਿਸ਼ਦ ਮੈਂਬਰ ਹਰਜੋਤ ਸਿੰਘ ਮਾਂਗਟ ਨੂੰ ਇਸ ਅਹਿਮ ਜ਼ਿੰਮੇਵਾਰੀ ਨਾਲ ਨਿਵਾਜਿਆ ਗਿਆ ਹੈ। ਹਰਜੋਤ ਸਿੰਘ ਮਾਂਗਟ ਨੂੰ ਇਸ ਅਹਿਮ ਜਿੰਮੇਵਾਰੀ ਮਿਲਣ ਦੇ ਵਧਾਈ ਦਿੰਦਿਆਂ ਆੜ੍ਹਤੀ ਐਸੋਸੀਏਸ਼ਨ ਮਾਛੀਵਾੜਾ ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹਾਈ ਕਮਾਂਡ ਦਾ ਧੰਨਵਾਦ ਪ੍ਰਗਟ ਕੀਤਾ ਜਿਨ੍ਹਾਂ, ਹਰਜੋਤ ਸਿੰਘ ਮਾਂਗਟ ਵਰਗੀ ਬੇਦਾਗ ,ਮਿਹਨਤੀ ,ਨਿਮਰ ਅਤੇ ਪਾਰਟੀ ਪ੍ਰਤੀ ਸਮਰਪਿਤ ਸ਼ਖ਼ਸੀਅਤ ਨੂੰ ਇਹ ਜਿੰਮੇਵਾਰੀ ਦੇ ਕੇ ਪੂਰੇ ਹਲਕੇ ਦਾ ਮਾਣ ਵਧਾਇਆ ਹੈ। ਉਹਨਾਂ ਕਿਹਾ ਕਿ ਹਰਜੋਤ ਮਾਂਗਟ ਪਹਿਲੇ ਸਮੇਂ ਤੋਂ ਪਾਰਟੀ ਨਾਲ ਜੁੜਿਆ ਹੋਇਆ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਵਿੱਚ ਖਾਸ ਤੌਰ ਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਵਿੱਚ ਵੱਡਾ ਯੋਗਦਾਨ ਪਾਉਂਦਾ ਆ ਰਿਹਾ। ਉਹਨਾਂ ਕਿਹਾ ਕਿ ਹਰਜੋਤ ਮਾਂਗਟ ਜਿੱਥੇ ਪਾਰਟੀ ਪ੍ਰਤੀ ਵਫਾਦਾਰ ,ਇਮਾਨਦਾਰ ਅਤੇ ਮਿਹਨਤੀ ਹੈ ,ਉੱਥੇ ਹੀ ਸਮਾਜ ਸੇਵੀ ਕੰਮਾਂ ਵਿੱਚ ਵੀ ਸਭ ਤੋਂ ਮੋਹਰੀ ਭੂਮਿਕਾ ਨਿਭਾਉਂਦਾ ਹੈ, ਇਹੀ ਕਾਰਨ ਹੈ ਕਿ ਬੀਤੇ ਸਮੇਂ ਹੋਈਆਂ ਜ਼ਿਲ੍ਹਾ ਪਰਿਸ਼ਦ ਚੋਣਾਂ ਵਿੱਚ ਹਰਜੋਤ ਸਿੰਘ ਮਾਂਗਟ ਨੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਦਿਆਂ ਜਿੱਤ ਪਾਰਟੀ ਦੀ ਝੋਲੀ ਪਾਈ ਹੈ। ਹਰਜੋਤ ਸਿੰਘ ਮਾਂਗਟ ਨੂੰ ਇਸ ਨਿਯੁਕਤੀ ਤੇ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਦਿਆਂ ਤਰੱਕੀ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਜੀਨੀਅਸ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਰਾਜਯ ਪੁਰਸਕਾਰ ਪ੍ਰਮਾਣ-ਪੱਤਰ ਪ੍ਰਾਪਤ ਕੀਤੇ



**ਰੂਪਨਗਰ 12 ਜੂਨ (ਅਮਰਜੀਤ ਸਿੰਘ ਕਲਸੀ)** ਜੀਨੀਅਸ ਇੰਟਰਨੈਸ਼ਨਲ ਪਬਲਿਕ ਸਕੂਲ, ਰੂਪਨਗਰ ਦੇ ਵਿਦਿਆਰਥੀਆਂ ਨੇ ਭਾਰਤ ਸਕਾਊਟਸ ਐਂਡ ਗਾਈਡਸ ਪੰਜਾਬ ਵੱਲੋਂ ਸਟੇਟ ਟਰੇਨਿੰਗ ਸੈਂਟਰ ਤਾਰਾ ਦੇਵੀ (ਸ਼ਿਮਲਾ) ਵਿਖੇ ਆਯੋਜਿਤ ਚਾਰ ਰੋਜ਼ਾ ਰਾਜਯ ਪੁਰਸਕਾਰ ਕੈਂਪ ਵਿੱਚ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਰਾਜਯ ਪੁਰਸਕਾਰ ਪ੍ਰਮਾਣ-ਪੱਤਰ ਹਾਸਲ ਕੀਤੇ। ਇਹ ਕੈਂਪ ਭਾਰਤ ਸਕਾਊਟਸ ਐਂਡ ਗਾਈਡਸ ਪੰਜਾਬ ਦੇ ਸਟੇਟ ਆਰਗੇਨਾਈਜ਼ਿੰਗ ਕਮਿਸ਼ਨਰ ਸਰਦਾਰ ਓਂਕਾਰ ਸਿੰਘ ਜੀ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਕੈਂਪ ਲਈ ਡੀ.ਓ.ਸੀ. ਸਕਾਊਟ ਸ੍ਰੀਮਾਨ ਸੁਰਿੰਦਰ ਸਿੰਘ ਅਤੇ ਡੀ.ਓ. ਸੀ ਗਾਈਡ ਸ਼੍ਰੀਮਤੀ ਪਰਮਿੰਦਰ ਕੌਰ ਨੇ ਵਿਦਿਆਰਥੀਆ ਨੂੰ ਉਤਸ਼ਾਹਿਤ ਕੀਤਾ। ਸਕੂਲ ਦੀ ਗਾਈਡ ਇੰਚਾਰਜ ਸ਼੍ਰੀਮਤੀ ਮਨਰੀਤ ਕੌਰ ਨੇ ਵਿਦਿਆਰਥੀਆਂ ਦੀ ਅਗਵਾਈ ਕੀਤੀ, ਜਦਕਿ ਸ਼੍ਰੀਮਤੀ ਵੰਦਨਾ ਨੇ ਵੀ ਵਿਸ਼ੇਸ਼ ਤੌਰ 'ਤੇ ਆਪਣੀਆਂ ਸੇਵਾਵਾਂ ਨਿਭਾਈਆਂ। ਵਿਦਿਆਰਥਣਾਂ ਭਜਨ ਕੌਰ, ਸੋਨਾਕਸ਼ੀ, ਅਨੂਪਜੋਤ ਕੌਰ, ਜਸ਼ਨਪ੍ਰੀਤ ਕੌਰ, ਪਲਕ ਵਰਮਾ ਅਤੇ ਤਰਨਪ੍ਰੀਤ ਕੌਰ ਨੇ ਉੱਤਮ ਪ੍ਰਦਰਸ਼ਨ ਕਰਦਿਆਂ ਰਾਜਯ ਪੁਰਸਕਾਰ ਪ੍ਰਮਾਣ-ਪੱਤਰ ਪ੍ਰਾਪਤ ਕੀਤੇ। ਕੈਂਪ ਦੌਰਾਨ ਵਿਦਿਆਰਥੀਆਂ ਨੂੰ ਅਨੁਸ਼ਾਸਨ, ਸੇਵਾ ਭਾਵਨਾ, ਸਮਾਜਿਕ ਉੱਤਰਦਾਇਤਵ ਅਤੇ ਟੀਮ ਵਰਕ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਰੌਕ ਕਲਾਈਮਬਿੰਗ, ਰੈਪਲਿੰਗ, ਟਰੈਕਿੰਗ, ਗੰਢਾਂ ਬੰਨ੍ਹਣ ਦੀ ਕਲਾ ਅਤੇ ਫਸਟ ਏਡ ਸਬੰਧੀ ਵਿਸ਼ੇਸ਼ ਸਿਖਲਾਈ ਵੀ ਦਿੱਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਆਰ. ਭੁਵਨਾ, ਮੈਨੇਜਿੰਗ ਡਾਇਰੈਕਟਰ ਸ੍ਰੀ ਸੂਬਾ ਭੁਪਿੰਦਰ ਸਿੰਘ, ਮੈਡਮ ਗੁਣਵੰਤ ਕੌਰ ਅਤੇ ਸਕੂਲ ਸਕਾਊਟਸ ਐਂਡ ਗਾਈਡਸ ਇੰਚਾਰਜ ਸ੍ਰੀ ਚਰਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣਾ ਚਾਹੀਦਾ ਹੈ। ਕੈਂਪ ਦੇ ਅੰਤਿਮ ਦਿਨ ਪੰਜਾਬ ਦੇ ਸਟੇਟ ਔਰਗਨਾਈਜੇਸ਼ਨ ਕਮਿਸ਼ਨਰ ਸਰਦਾਰ ਓਂਕਾਰ ਸਿੰਘ ਜੀ ਨੇ , ਏ.ਐਸ.ਓ.ਸੀ. ਸ਼੍ਰੀਮਤੀ ਮਨਜੀਤ ਕੌਰ, ਡੀ.ਓ.ਸੀ. ਸ਼੍ਰੀਮਤੀ ਨਿਰਲੇਪ ਕੌਰ ਅਤੇ ਜਤਿੰਦਰ ਸਿੰਘ ਜੀ ਨੇ ਵਿਦਿਆਰਥੀਆਂ ਨੂੰ ਰਾਜਯ ਪੁਰਸਕਾਰ ਦੇ ਪ੍ਰਮਾਣ-ਪੱਤਰ ਪ੍ਰਦਾਨ ਕਰਕੇ ਸਨਮਾਨਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਸਕਾਊਟਿੰਗ ਅਤੇ ਗਾਈਡਿੰਗ ਦੀਆਂ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਭਾਗ ਲੈਣ ਅਤੇ ਆਪਣੇ ਵਿਅਕਤੀਤਵ ਦੇ ਵਿਕਾਸ ਲਈ ਨਿਰੰਤਰ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕੀਤਾ।

# ਬਾਬਾ ਸਿੱਧ ਸਾਹਿਬ ਜੀ ਦੀ ਯਾਦ ਨੂੰ ਸਮਰਪਿਤ ਪਿੰਡ ਕਾਲਸਨਾ ਦੇ ਨੌਜਵਾਨ ਸਾਥੀਆ ਵੱਲੋਂ ਗੁਰੂ ਕਾ ਲੰਗਰ ਲਗਾਇਆ ਗਿਆ



**ਪਟਿਆਲਾ, 12 ਜੂਨ (ਮਾਲਵਾ ਬਾਣੀ)** ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਪ੍ਰਧਾਨ ਸੰਦੀਪ ਕੋਟੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਕਾਲਸਨਾ ਸਿੱਧ ਸਾਹਿਬ ਬਾਬਾ ਜੀ ਦੀ ਯਾਦ ਨੂੰ ਸਮਰਪਿਤ ਗਰਮਾ ਗਰਮ ਜਲੇਬੀਆਂ ਦਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਪ੍ਰਧਾਨ ਸੰਦੀਪ ਕੋਟੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਗੁਰੂ ਕਾ ਲੰਗਰ ਦੋ ਦਿਨ ਜੇਠ ਦੇ ਮਹੀਨੇ ਲਗਾਇਆ ਜਾਂਦਾ ਹੈ। ਪਿੰਡਾਂ ਦੇ ਆਲੇ ਦੁਆਲੇ ਬਹੁਤ ਸਾਰੇ ਸੰਗਤ ਬਾਬਾ ਸਾਹਿਬ ਸਿੱਧ ਤੇ ਮੱਥਾ ਟੇਕਦੀ ਹੈ ਅਤੇ ਮੂੰਹੋ ਮੰਗੀਆ ਮੁਰਾਦਾਂ ਪਾਉਦੀ ਹੈ ਸੋ ਸੰਗਤਾਂ ਵਧ ਚੜ ਕੇ ਸੇਵਾ ਕਰਦੀ ਹੈ। ਪਿੰਡ ਕਾਲਸਨਾ ਦੇ ਮੇਵਾ ਸਿੰਘ ਐਸ ਡੀ ਓ ਸਾਬਕਾ ਸਰਪੰਚ ਗੁਰਕੀਰਤ ਸਿੰਘ ਸਾਬਕਾ ਸਰਪੰਚ ਅਤੇ ਗੁਰਧਿਆਨ ਸਿੰਘ ਮੌਜੂਦਾ ਸਰਪੰਚ ਬਹੁਤ ਸਾਰਾ ਯੋਗਦਾਨ ਪਾਉਂਦੇ ਹਨ। ਇਸ ਦੇ ਨਾਲ ਹੀ ਪਿੰਡ ਦੀ ਧਰਮਸ਼ਾਲਾ ਦੇ ਵਿੱਚ ਸੁਖਮਨੀ ਸਾਹਿਬ ਜੀ ਦੇ ਪਾਠ ਆਰੰਭ ਕਰਵਾਏ ਗਏ ਭੋਗ ਤੋਂ ਉਪਰੰਤ ਗਰਮਾ ਗਰਮ ਜਲੇਬੀਆਂ ਦਾ ਲੰਗਰ ਵਰਤਾਇਆ ਗਿਆ।ਇਸ ਸਮੇਂ ਸਾਡੇ ਨਾਲ ਕ੍ਰਿਸਨ ਸਿੰਘ, ਵੀਰਾ ਹਲਵਾਈ, ਪ੍ਰਭੂ ਸਿੰਘ, ਮਾਨ ਸਿੰਘ, ਕਰਨਵੀਰ ਸਿੰਘ, ਗੁਰਸੇਵਕ ਸਿੰਘ, ਹੈਰੀ ਸਿੰਘ, ਰੱਬੀ ਪ੍ਰਕਾਸ਼, ਹਰਮਨ ਸਿੰਘ, ਦੀਪੂ ਹਾਜਰ ਸਨ।

# ਝੋਨੇ ਵਿੱਚ ਫਾਸਫੋਰਸ ਖਾਦ ਪਾਉਣ ਤੋਂ ਕਰੋ ਗੁਰੇਜ਼, ਜੀਵਾਣੂੰ ਖਾਦਾਂ ਅਪਣਾਓ: ਖੇਤੀ ਮਾਹਿਰ




**ਭਵਾਨੀਗੜ੍ਹ, 12 ਜੂਨ (ਰਾਜ ਖੁਰਮੀ)** ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.) ਸੰਗਰੂਰ ਵੱਲੋਂ ਖੇਤ ਬਚਾਓ ਮੁਹਿੰਮ ਤਹਿਤ ਪਿੰਡ ਫੁੰਮਣਵਾਲ ਵਿੱਚ ਸੰਤੁਲਿਤ ਖਾਦ ਪ੍ਰਬੰਧ ਵਿਸ਼ੇ 'ਤੇ ਕਿਸਾਨ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਆਯੋਜਿਤ ਇਸ ਕੈਂਪ ਵਿੱਚ ਕਰੀਬ 50 ਕਿਸਾਨਾਂ ਨੇ ਭਾਗ ਲਿਆ ਅਤੇ ਖੇਤੀ ਮਾਹਿਰਾਂ ਤੋਂ ਫ਼ਸਲਾਂ ਵਿੱਚ ਖਾਦਾਂ ਦੀ ਵਿਗਿਆਨਕ ਵਰਤੋਂ ਸਬੰਧੀ ਜਾਣਕਾਰੀ ਹਾਸਲ ਕੀਤੀ। ਕੈਂਪ ਨੂੰ ਸੰਬੋਧਨ ਕਰਦਿਆਂ ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਦੇ ਇੰਚਾਰਜ ਡਾ. ਮਨਦੀਪ ਸਿੰਘ ਨੇ ਕਿਹਾ ਕਿ ਵੱਧ ਝਾੜ ਅਤੇ ਘੱਟ ਲਾਗਤ ਲਈ ਖਾਦਾਂ ਦੀ ਵਰਤੋਂ ਮਿੱਟੀ ਪਰਖ ਦੀ ਰਿਪੋਰਟ ਅਨੁਸਾਰ ਹੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਸਾਨਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਯੂਰੀਆ ਅਤੇ ਫਾਸਫੋਰਸ ਖਾਦਾਂ ਦੀ ਬੇਲੋੜੀ ਵਰਤੋਂ ਨਾ ਸਿਰਫ਼ ਖਰਚਾ ਵਧਾਉਂਦੀ ਹੈ, ਸਗੋਂ ਮਿੱਟੀ ਦੀ ਸਿਹਤ 'ਤੇ ਵੀ ਮਾੜਾ ਅਸਰ ਪਾਂਦੀ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕਣਕ ਦੀ ਫ਼ਸਲ ਵਿੱਚ ਸਿਫ਼ਾਰਸ਼ੀ ਮਾਤਰਾ ਅਨੁਸਾਰ ਡੀ.ਏ.ਪੀ. ਖਾਦ ਦੀ ਵਰਤੋਂ ਕੀਤੀ ਗਈ ਹੋਵੇ ਤਾਂ ਝੋਨੇ ਦੀ ਫ਼ਸਲ ਵਿੱਚ ਵੱਖਰੇ ਤੌਰ 'ਤੇ ਫਾਸਫੋਰਸ ਖਾਦ ਪਾਉਣ ਦੀ ਲੋੜ ਨਹੀਂ ਰਹਿੰਦੀ। ਉਨ੍ਹਾਂ ਝੋਨੇ ਵਿੱਚ ਯੂਰੀਆ ਦੀ ਸੁਚੱਜੀ ਵਰਤੋਂ ਕਰਨ ਦੀ ਸਲਾਹ ਦਿੰਦਿਆਂ ਕਿਹਾ ਕਿ ਕੱਦੂ ਕਰਨ ਤੋਂ ਪਹਿਲਾਂ ਸੁੱਕੇ ਖੇਤ ਵਿੱਚ ਯੂਰੀਆ ਪਾਉਣ ਤੋਂ ਬਚਿਆ ਜਾਵੇ।

ਡਾ. ਮਨਦੀਪ ਸਿੰਘ ਨੇ ਹਰੀ ਖਾਦਾਂ ਦੇ ਮਹੱਤਵ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜਿੱਥੇ ਜੰਤਰ ਦੀ ਹਰੀ ਖਾਦ ਖੇਤ ਵਿੱਚ ਦਬਾਈ ਜਾਂਦੀ ਹੈ, ਉੱਥੇ ਯੂਰੀਆ ਦੀ ਮਾਤਰਾ ਅੱਧੀ ਕੀਤੀ ਜਾ ਸਕਦੀ ਹੈ, ਜਦਕਿ ਮੂੰਗੀ ਦੀ ਹਰੀ ਖਾਦ ਖੇਤ ਵਿੱਚ ਵਾਹੁਣ ਦੀ ਸਥਿਤੀ ਵਿੱਚ ਯੂਰੀਆ ਦੀ ਇੱਕ ਤਿਹਾਈ ਮਾਤਰਾ ਘਟਾਈ ਜਾ ਸਕਦੀ ਹੈ। ਉਨ੍ਹਾਂ ਝੋਨੇ ਦੀ ਪਨੀਰੀ ਦੀਆਂ ਜੜ੍ਹਾਂ ਨੂੰ ਐਜ਼ੋਸਪੀਰੀਲਮ ਜੀਵਾਣੂੰ ਖਾਦ ਦੇ ਟੀਕੇ ਨਾਲ ਇਲਾਜ ਕਰਨ ਦੇ ਫਾਇਦਿਆਂ ਅਤੇ ਮਿੱਟੀ ਦੇ ਨਮੂਨੇ ਵਿਗਿਆਨਕ ਢੰਗ ਨਾਲ ਲੈਣ ਸਬੰਧੀ ਵੀ ਕਿਸਾਨਾਂ ਨੂੰ ਜਾਣੂ ਕਰਵਾਇਆ।

ਇਸ ਮੌਕੇ ਸਹਾਇਕ ਪ੍ਰੋਫੈਸਰ (ਫਾਰਮ ਮਸ਼ੀਨਰੀ) ਡਾ. ਸੁਨੀਲ ਕੁਮਾਰ ਨੇ ਫ਼ਸਲੀ ਰਹਿੰਦ-ਖੂੰਹਦ ਨੂੰ ਮਿੱਟੀ ਵਿੱਚ ਮਿਲਾ ਕੇ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਰਵਾਇਤੀ ਲੁਆਈ ਦੀ ਥਾਂ ਮਸ਼ੀਨੀ ਲੁਆਈ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਮੈਟ ਟਾਈਪ ਪਨੀਰੀ ਤਿਆਰ ਕਰਨ ਦੀ ਵਿਧੀ ਬਾਰੇ ਵੀ ਜਾਣਕਾਰੀ ਦਿੱਤੀ।

ਪ੍ਰੋਗਰਾਮ ਦੇ ਅੰਤ ਵਿੱਚ ਕਿਸਾਨਾਂ ਨੂੰ ਖੇਤੀਬਾੜੀ ਸਬੰਧੀ ਸਾਹਿਤ ਵੰਡਿਆ ਗਿਆ। ਕੈਂਪ ਨੂੰ ਸਫ਼ਲ ਬਣਾਉਣ ਵਿੱਚ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਅਤੇ ਪਿੰਡ ਦੇ ਸਰਪੰਚ ਸੁਖਚੈਨ ਸਿੰਘ ਨੇ ਅਹਿਮ ਭੂਮਿਕਾ ਨਿਭਾਈ। ਮਾਹਿਰਾਂ ਨੇ ਕਿਸਾਨਾਂ ਨੂੰ ਖਾਦਾਂ ਦੀ ਬੇਲੋੜੀ ਵਰਤੋਂ ਘਟਾ ਕੇ ਜੀਵਾਣੂੰ ਅਤੇ ਹਰੀ ਖਾਦਾਂ ਨੂੰ ਅਪਣਾਉਣ ਦੀ ਅਪੀਲ ਕੀਤੀ, ਤਾਂ ਜੋ ਖੇਤੀ ਦੀ ਲਾਗਤ ਘਟੇ, ਮਿੱਟੀ ਦੀ ਸਿਹਤ ਸੁਧਰੇ ਅਤੇ ਵਾਤਾਵਰਣ ਦੀ ਸੰਭਾਲ ਵੀ ਹੋ ਸਕੇ।

# ਵਾਰਡ ਨੰਬਰ 9 ਵਿੱਚ ਮਾਵਾਂ ਅਤੇ ਭੈਣਾਂ ਲਈ ਸਤਿਕਾਰ ਸਕੀਮ ਤਹਿਤ ਭਰੇ ਗਏ ਫਾਰਮ

### ਪੰਜਾਬ ਸਰਕਾਰ ਵੱਲੋਂ ਚਲਾਈ ਗਈ ਹਰ ਸਕੀਮ ਵਾਰਡ ਵਾਸੀਆਂ ਦੇ ਘਰ ਘਰ ਪਹੁੰਚਾਈ ਜਾਵੇਗੀ- ਸੁਧਾ ਨੌਕਵਾਲ, ਰਾਜ ਕੁਮਾਰ ਨੌਕਵਾਲ



**ਨਾਭਾ 12 ਜੂਨ (ਬਲਜਿੰਦਰ ਮਾਨ)** ਪੰਜਾਬ ਵਿੱਚ ਸਮਾਜ ਦੇ ਹਰ ਵਰਗ ਨੂੰ ਬਿਨਾਂ ਕਿਸੇ ਭੇਦ ਭਾਵ ਦੇ ਅਨੇਕਾਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਕਾਰਨ ਪੰਜਾਬ ਦੇ ਲੋਕ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਅਤੇ ਸੰਤੁਸ਼ਟ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਾਰਡ ਨੰ: 9 ਤੋਂ ਆਮ ਆਦਮੀ ਪਾਰਟੀ ਦੀ ਸੇਵਾਦਾਰ ਸੁਧਾ ਨੌਕਵਾਲ ਅਤੇ ਉਨ੍ਹਾਂ ਦੇ ਪਤੀ ਸਮਾਜ ਸੇਵੀ ਰਾਜ ਕੁਮਾਰ ਨੌਕਵਾਲ ਠੇਕੇਦਾਰ ਵੱਲੋਂ ਮਾਂਵਾਂ ਅਤੇ ਭੈਣਾਂ ਦਾ ਸਤਿਕਾਰ ਸਕੀਮ ਤਹਿਤ ਵਿਸ਼ੇਸ਼ ਤੌਰ 'ਤੇ ਫਾਰਮ ਭਰਨ ਮੌਕੇ ਕੀਤਾ, ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਲੋਕਾਂ ਨਾਲ ਜੋ ਵੀ ਵਾਅਦੇ ਕੀਤੇ ਗਏ ਸਨ, ਉਨ੍ਹਾਂ ਨੂੰ ਇਕ-ਇਕ ਕਰਕੇ ਪੂਰਾ ਕੀਤਾ ਗਿਆ, ਜਿਸ ਕਾਰਨ ਪੰਜਾਬ ਦੇ ਲੋਕ 2027 ਵਿਚ ਮੁੜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ ਉਨ੍ਹਾਂ ਕਿਹਾ ਕਿ ਜੋ ਕੰਮ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੀਤਾ ਹੈ ਅਤੇ ਕੀਤਾ ਹੈ, ਉਹ ਪੰਜਾਬ ਦੀ ਇਤਿਹਾਸ ਵਿਚ ਕੋਈ ਵੀ ਸਰਕਾਰ ਨਹੀਂ ਕਰ ਸਕੇਗੀ। ਸਿੱਖਿਆ ਖੇਤਰ ਕਲੀਨਿਕ ਖੋਲ੍ਹਣਾ, ਮੁਫਤ ਬਿਜਲੀ ਦੇਣ ਜਾਂ ਖੇਤਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣ, ਪੰਜਾਬ ਵਿੱਚੋਂ ਨਸ਼ਿਆਂ ਦਾ ਖਾਤਮਾ, ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਜਾਂ ਸਰਕਾਰੀ ਨੌਕਰੀਆਂ ਦੇਣ ਵਰਗੇ ਸਿਹਤ ਮੁੱਦਿਆਂ ਦੀ ਗੱਲ ਹੋਵੇ, ਇਹ ਸਾਰੇ ਵਾਅਦੇ ਆਮ ਆਦਮੀ ਨਾਲ ਪੂਰੇ ਹੋਏ ਹਨ। ਸੁਧਾ ਨੌਕਵਾਲ ਨੇ ਕਿਹਾ ਕਿ ਮੇਰਾ ਵਾਰਡ ਮੇਰਾ ਆਪਣਾ ਪਰਿਵਾਰ ਹੈ ਅਤੇ ਕੋਈ ਵੀ ਵਾਰਡ ਵਾਸੀ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ ਇਸ ਮੌਕੇ ਮੁਹੱਲਾ ਵਾਸੀ ਵੱਡੀ ਗਿਣਤੀ ਚ ਹਾਜ਼ਰ ਸਨ।

# ਬਾਲ ਮਜ਼ਦੂਰੀ ਖਿਲਾ.ਫ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਕਮੇਟੀ ਵੱਲੋਂ ਕੀਤੀ ਗਈ ਛਾਪੇਮਾਰੀ



**ਸ੍ਰੀ ਮੁਕਤਸਰ ਸਾਹਿਬ, 12 ਜੂਨ (ਰਵੀਨਾ ਅਰੋੜਾ)** ਡਿਪਟੀ ਕਮਿਸ਼ਨਰ ਅਮਿਤ ਪੰਚਾਲ ਅਤੇ ਕਿਰਤ ਤੇ ਸੁਲਾਹ ਅਫ਼ਸਰ ਗੁਰਪ੍ਰੀਤ ਸਿੰਘ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾ ਅਨੁਸਾਰ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਕਮੇਟੀ ਸ੍ਰੀ ਮੁਕਤਸਰ ਸਾਹਿਬ ਦੇ ਮੈਂਬਰਾਂ ਵੱਲੋਂ ਤਹਿਸੀਲ ਸ੍ਰੀ ਮੁਕਤਸਰ ਸਾਹਿਬ ਅਧੀਨ ਪੈਂਦੇ ਕਸਬਿਆਂ ਵਿਖੇ ਚਾਈਲਡ ਐਂਡ ਐਡੋਲਸੈਂਟ ਲੇਬਰ ਰੋਕਣ ਲਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਵੱਖ-ਵੱਖ ਥਾਵਾਂ 'ਤੇ ਅਚਾਨਕ ਛਾਪੇਮਾਰੀ ਕਰਕੇ 18 ਸਾਲਾਂ ਤੋਂ ਘੱਟ ਬਾਲ ਅਤੇ ਕਿਸ਼ੋਰ ਕਿਰਤੀਆਂ ਦੀ ਜਾਂਚ ਕੀਤੀ ਗਈ। ਰੇਡ ਦੌਰਾਨ ਕੋਟਕਪੂਰਾ ਚੌਕ ਅਤੇ ਬਠਿੰਡਾ ਰੋਡ 'ਤੇ ਸਥਿੱਤ ਦੁਕਾਨਾਂ ਅਤੇ ਹੋਰ ਵਪਾਰਕ ਅਦਾਰਿਆਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ। ਇਸ ਰੇਡ ਦੌਰਾਨ ਸੰਬੰਧਤ ਦੁਕਾਨਦਾਰਾਂ ਨੂੰ ਸਖ਼ਤ ਤਾੜਨਾ ਕਰਦਿਆਂ ਭਵਿੱਖ ਵਿੱਚ ਬਾਲ ਜਾਂ ਕਿਸ਼ੋਰਾਂ ਨੂੰ ਖਤਰਨਾਕ ਅਦਾਰਿਆਂ ਵਿੱਚ ਕਿਰਤੀ ਨਾ ਰੱਖਣ ਦੀ ਚੇਤਾਵਨੀ ਦਿੱਤੀ ਗਈ। ਕਿਰਤ ਇੰਸਪੈਕਟਰ ਟਿੰਕੂ ਜੈਨ ਵੱਲੋਂ ਬਾਲ ਅਤੇ ਕਿਸ਼ੋਰ ਮਜ਼ਦੂਰੀ (ਪਾਬੰਦੀ ਅਤੇ ਨਿਯਮ) ਸੋਧ ਐਕਟ 2016 ਦੇ ਅਧੀਨ ਸਜ਼ਾ ਅਤੇ ਜੁਰਮਾਨਿਆਂ ਬਾਰੇ ਜਾਣਕਾਰੀ ਦਿੱਤੀ ਗਈ। ਉਹਨਾਂ ਕਿਹਾ ਕਿ ਬੱਚਿਆਂ ਨੂੰ ਸਿੱਖਿਆ ਅਤੇ ਸੁਰੱਖਿਅਤ ਬਚਪਨ ਦੇਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਤੋਂ ਇਲਾਵਾ ਹੋਰ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਦੇ ਮਾਲਕਾਂ ਨੂੰ ਵੀ ਚਾਈਲਡ ਲੇਬਰ ਕਾਨੂੰਨ ਸਬੰਧੀ ਜਾਗੂਰਕ ਵੀ ਕੀਤਾ ਗਿਆ। ਇਸ ਟਾਸਕ ਫੋਰਸ ਟੀਮ ਵਿੱਚ ਸਿਹਤ ਵਿਭਾਗ ਤੋਂ ਡਾ. ਯਸ਼ਪਾਲ, ਪੁਲਿਸ ਵਿਭਾਗ ਤੋਂ ਏ.ਐਸ.ਆਈ. ਕੁਲਵੰਤ ਸਿੰਘ ਅਤੇ ਮਲਕੀਤ ਸਿੰਘ, ਸੰਦੀਪ ਸਿੰਘ ਸਿੱਖਿਆ ਵਿਭਾਗ, ਚਰਨਵੀਰ ਸਿੰਘ ਜ਼ਿਲ੍ਹਾ ਬਾਲ ਸੁਰੱਖਿਆ ਵਿਭਾਗ, ਜਗਮੀਤ ਸਿੰਘ ਕਿਰਤ ਵਿਭਾਗ, ਵਿਸ਼ਵਜੀਤ ਸਿੰਘ ਪੀ.ਐਲ.ਵੀ. ਆਦਿ ਹਾਜ਼ਰ ਸਨ।

# ਪੈਟਰੋਲ ਡੀਜ਼ਲ ਅਤੇ ਗੈਸ ਦੀਆਂ ਵੱਧ ਰਹੀਆਂ ਕੀਮਤਾਂ ਤੇ ਵੱਧ ਰਹੀ ਮਹਿੰਗਾਈ ਖਿਲਾਫ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੈਟਰੋਲਿਅਮ ਮੰਤਰੀ ਪੂਰੀ ਦਾ ਪੁਤਲਾ ਫੂਕਿਆ



**ਨਾਭਾ 12 ਜੂਨ (ਬਲਜਿੰਦਰ ਮਾਨ)** ਪੈਟਰੋਲ, ਰਸੋਈ ਗੈਸ, ਡੀਜ਼ਲ ਦੀਆਂ ਵੱਧ ਰਹੀਆਂ ਕੀਮਤਾਂ ਅਤੇ ਵੱਧ ਰਹੀ ਮਹਿੰਗਾਈ ਨੂੰ ਲੈ ਕੇ ਪਟਿਆਲਾ ਗੇਟ ਨਾਭਾ ਵਿਖੇ ਅਕਾਲੀ ਦਲ ਸਤੰਤਰ ਵੱਲੋਂ ਕੇਂਦਰ ਅਤੇ ਸੂਬਾ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੈਟਰੋਲੀਅਮ ਮੰਤਰੀ ਪੂਰੀ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਪਰਮਜੀਤ ਸਿੰਘ ਸਹੋਲੀ ਨੇ ਕਿਹ ਇਹ ਮਹਿੰਗਾਈ ਸਰਕਾਰਾਂ ਦੀ ਨਲਾਇਕੀ ਕਾਰਨ ਵਧ ਰਹੀ ਹੈ, ਉਹਨਾਂ ਕਿਹਾ ਕਿ ਕੇਂਦਰ ਦੀ ਬੀਜੇਪੀ ਸਰਕਾਰ ਈਰਾਨ ਅਤੇ ਅਮਰੀਕਾ ਯੁੱਧ ਦਾ ਬਹਾਨਾ ਲਗਾ ਕੇ ਪੈਟਰੋਲ, ਡੀਜ਼ਲ ਅਤੇ ਘਰੇਲੂ ਵਰਤਣ ਵਾਲਾ ਗੈਸ ਸਿਲੰਡਰ ਦੀਆ ਕੀਮਤਾਂ ਨੂੰ ਵਧਾ ਕੇ ਆਮ ਜਨਤਾ ਦਾ ਕੰਜ਼ੂਮਰ ਕੱਢ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨ, ਦੁਕਾਨਦਾਰ, ਟਰਾਂਸਪੋਰਟਰ ਰੋਜ਼ਾਨਾ ਦੀ ਮੰਗਿਆਈ ਤੋਂ ਤੰਗ ਆ ਕੇ ਪਰਿਵਾਰਾਂ ਸਮੇਤ ਆਤਮ ਹੱਤਿਆ ਕਰ ਰਿਹਾ ਹੈ, ਪਰੰਤੂ ਸਰਕਾਰਾਂ ਆਪਣੇ ਟੈਕਸ ਘਟਾਉਣ ਦੀ ਬਜਾਏ ਰੇਟਾ ਵਿੱਚ ਲਗਾਤਾਰ ਵਾਧਾ ਕਰ ਰਹੀ ਹੈ। ਸਹੋਲੀ ਨੇ ਕਿਹਾ ਕਿ ਟੋਆ ਢੁਆਈ ਵਾਲੇ ਲਗਾਤਾਰ ਰੇਟ ਵਧਾ ਰਹੇ ਹਨ, ਜਿਸ ਕਰਕੇ ਰਸੋਈ ਦਾ ਘਰੇਲੂ ਸਮਾਨ ਵੱਡੇ ਪੱਧਰ ਤੇ ਮਹਿੰਗਾ ਹੋ ਰਿਹਾ ਹੈ, ਗੈਸ ਸਿਲੰਡਰਾਂ ਦੇ ਰੇਟ ਵਧਣ ਕਾਰਨ ਮਹਿੰਗਾਈ ਸਿਖਰਾਂ ਤੇ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਤਮਾਸ਼ਾ ਦੇਖ ਰਹੀਆਂ ਹਨ ਬੀਜੇਪੀ ਸਰਕਾਰ ਕਾਂਗਰਸ ਦੀ ਸਰਕਾਰ ਹੁੰਦਿਆਂ ਇਹਨਾਂ ਦੇ ਵਰਕਰ ਬੀਬੀਆ ਨੂੰ ਅੱਗੇ ਲਾ ਕੇ ਸਿਰ ਉਪਰ ਗੈਸ ਸਿਲੰਡਰ ਰੱਖ ਕੇ ਰੋਸ਼ ਪ੍ਰਦਰਸ਼ਨ ਕਰਦੇ ਸਨ ਪਰ ਅੱਜ ਹਰਾ ਪੈਨ ਭਾਜਪਾ ਕੋਲ ਹੈ ਨਾ ਵਿਰੋਧੀ ਧਿਰ ਕਾਂਗਰਸ ਜਾਂ ਦੂਸਰੀਆਂ ਪਾਰਟੀਆਂ ਵੱਡੇ ਪੱਧਰ ਤੇ ਸੜਕਾਂ ਤੇ ਨਹੀਂ ਆ ਰਹੀਆਂ ਦੁਖੀ ਹੋ ਕੇ ਅਕਾਲੀ ਦਲ ਸਤੰਤਰ ਦੇ ਆਗੂ ਸਰਕਾਰਾਂ ਦਾ ਪਿੱਟ ਸਿਆਪਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਦਾ ਮਜ਼ਦੂਰ ਦਾ ਝੋਨੇ ਦਾ ਸੀਜਨ ਚੱਲ ਰਿਹਾ ਜਿਸ ਨੂੰ ਮੁੱਖ ਰੱਖਦੇ ਹੋਏ ਕੇਂਦਰ ਤੇ ਪੰਜਾਬ ਦੀ ਸਰਕਾਰ ਡੀਜ਼ਲ ਪੈਟਰੋਲ ਤੇ ਰਸੋਈ ਗੈਸ ਦੀਆਂ ਕੀਮਤਾਂ ਚ ਟੈਕਸ ਘੱਟ ਕੀਤਾ ਜਾਵੇ ਤਾਂ ਕਿ ਲੋਕ ਕੁਝ ਨਾ ਕੁਝ ਰਾਹਤ ਮਹਿਸੂਸ ਕਰ ਸਕਣ। ਇਸ ਮੌਕੇ ਐਸਡੀਐਮ ਨਾਭਾ ਅਰਵਿੰਦਰ ਪਾਲ ਸਿੰਘ ਸੋਮਲ ਨੂੰ ਸਰਕਾਰਾਂ ਦੇ ਨਾਲ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਹਰਬੰਸ ਸਿੰਘ ਮਡੌੜ, ਪੂਰਨ ਸਿੰਘ ਅਲੋਹਰਾ, ਹਰਬੰਸ ਸਿੰਘ ਖੱਟੜਾ, ਸਰਜੀਤ ਸਿੰਘ ਬਾਬਰਪੁਰ, ਬਿੰਦਾ ਵਿਰਕ, ਜਗਰੂਪ ਸਿੰਘ ਬੌੜਾ, ਅਮਰ ਸਿੰਘ ਅਮਰ, ਭੰਗੂ ਫਲੇੜੇ ਵਾਲਾ, ਰਣਜੀਤ ਸਿੰਘ ਸਹੋਲੀ ਅਮਰੀਕ ਸਿੰਘ ਮਟੋਰਡਾ, ਦਰਸ਼ਨ ਸਿੰਘ ਲਵਾਣਾ, ਹਰਬੰਸ ਭੋੜੇ, ਲਖਵੀਰ ਸਿੰਘ ਸਹੋਲੀ, ਹੈਪੀ ਸੁੱਖੇਵਾਲ ਆਦਿ ਹਾਜ਼ਰ ਸਨ।

# ਪ੍ਰਾਈਵੇਟ ਵਿੱਚ ਨਹੀਂ ਖਰਚ ਕਰਨੇ ਪੈਣਗੇ 6 ਹਜ਼ਾਰ, ਜ਼ਿਲ੍ਹਾ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿੱਚ ਤਿੰਨ ਮਹੀਨੇ ਬਾਅਦ ਸ਼ੁਰੂ ਹੋਵੇਗੀ ਐਮ.ਆਰ.ਆਈ. ਦੀ ਸੁਵਿਧਾ

## ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਐਮ.ਆਰ.ਆਈ. ਸੈਂਟਰ ਦਾ ਰੱਖਿਆ ਗਿਆ ਨੀਂਹ ਪੱਥਰ



**ਸ੍ਰੀ ਮੁਕਤਸਰ ਸਾਹਿਬ, 12 ਜੂਨ (ਰਵੀਨਾ ਅਰੋੜਾ)** ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਇੱਕ ਵੱਡੀ ਸੌਗਾਤ ਦਿੰਦਿਆਂ ਹਲਕਾ ਵਿਧਾਇਕ ਜਗਦੀਪ ਸਿੰਘ 'ਕਾਕਾ' ਬਰਾੜ ਵੱਲੋਂ ਅੱਜ ਸਥਾਨਕ ਸਿਵਲ ਹਸਪਤਾਲ ਵਿਖੇ ਲਗਭਗ 20 ਕਰੋੜ ਰੁਪਏ ਨਾਲ ਨਵੇਂ ਬਣਨ ਵਾਲੇ ਐਮ.ਆਰ.ਆਈ. ਸੈਂਟਰ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਸਿਵਲ ਸਰਜਨ ਡਾ. ਸੁਨੀਲ ਬਾਂਸਲ ਅਤੇ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਾਜੀਵ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਮ ਲੋਕਾਂ ਨੂੰ ਬਿਹਤਰ ਅਤੇ ਸਸਤੀਆਂ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਉਨ੍ਹਾਂ ਐਲਾਨ ਕੀਤਾ ਕਿ ਇਸ ਐਮ.ਆਰ.ਆਈ. ਸੈਂਟਰ ਦਾ ਨਿਰਮਾਣ ਕਾਰਜ ਆਉਣ ਵਾਲੇ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਮੁਕੰਮਲ ਕਰਕੇ ਇਸ ਨੂੰ ਜਨਤਾ ਦੇ ਸਮਰਪਿਤ ਕਰ ਦਿੱਤਾ ਜਾਵੇਗਾ। ਇਸ ਸੈਂਟਰ ਦੇ ਬਣਨ ਨਾਲ ਜ਼ਿਲ੍ਹੇ ਦੇ ਗਰੀਬ ਅਤੇ ਲੋੜਵੰਦ ਮਰੀਜ਼ਾਂ ਨੂੰ ਟੈਸਟ ਕਰਵਾਉਣ ਲਈ ਦੂਰ-ਦੁਰਾਡੇ ਦੇ ਸ਼ਹਿਰਾਂ ਜਾਂ ਨਿੱਜੀ ਸੈਂਟਰਾਂ ਵਿੱਚ ਜਾ ਕੇ ਮਹਿੰਗੇ ਭਾਅ ਦੇ ਟੈਸਟ ਕਰਵਾਉਣ ਤੋਂ ਮੁਕਤੀ ਮਿਲੇਗੀ ਅਤੇ ਹਸਪਤਾਲ ਵਿੱਚ ਹੀ ਸਰਕਾਰੀ ਦਰਾਂ 'ਤੇ ਇਹ ਸੁਵਿਧਾ ਮਿਲੇਗੀ। ਇਸ ਮੌਕੇ ਸਿਵਲ ਸਰਜਨ ਡਾ. ਸੁਨੀਲ ਬਾਂਸਲ ਨੇ ਵਿਧਾਇਕ ਕਾਕਾ ਬਰਾੜ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਸਿਹਤ ਵਿਭਾਗ ਵੱਲੋਂ ਇਸ ਪ੍ਰੋਜੈਕਟ ਦੀ ਨਿਗਰਾਨੀ ਪੂਰੀ ਤਨਦੇਹੀ ਨਾਲ ਕੀਤੀ ਜਾਵੇਗੀ ਤਾਂ ਜੋ ਤਿੰਨ ਮਹੀਨਿਆਂ ਦੇ ਮਿੱਥੇ ਸਮੇਂ ਅੰਦਰ ਕੰਮ ਪੂਰਾ ਹੋ ਸਕੇ। ਉਨ੍ਹਾਂ ਕਿਹਾ ਕਿ ਇਸ ਅਤਿ-ਆਧੁਨਿਕ ਮਸ਼ੀਨਰੀ ਦੇ ਆਉਣ ਨਾਲ ਗੰਭੀਰ ਬਿਮਾਰੀਆਂ, ਸਿਰ ਅਤੇ ਗੀੜ੍ਹ ਦੀ ਹੱਡੀ ਦੀਆਂ ਸੱਟਾਂ ਦੀ ਜਾਂਚ ਹੁਣ ਇੱਥੇ ਹੀ ਸੰਭਵ ਹੋਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਜਿੱਥੇ ਐਮ.ਆਰ.ਆਈ. ਸੈਂਟਰ ਰਾਹੀਂ ਗੰਭੀਰ ਬਿਮਾਰੀਆਂ, ਸਿਰ ਅਤੇ ਗੀੜ੍ਹ ਦੀ ਹੱਡੀ ਦੀਆਂ ਸੱਟਾਂ ਦੀ ਜਾਂਚ ਸਰਕਾਰੀ ਦਰਾਂ 'ਤੇ ਹੋਵੇਗੀ, ਉੱਥੇ ਹੀ ਨਵੀਂ ਤਿਆਰ ਹੋਈ ਇੰਟੇਗ੍ਰੇਟਿਡ ਪਬਲਿਕ ਹੈਲਥ ਲੈਬ ਰਾਹੀਂ ਮਰੀਜ਼ਾਂ ਨੂੰ ਹਰ ਤਰ੍ਹਾਂ ਦੇ ਖੂਨ, ਪਿਸ਼ਾਬ ਅਤੇ ਹੋਰ ਗੁੰਝਲਦਾਰ ਪੈਥੋਲੋਜੀਕਲ ਟੈਸਟਾਂ ਦੀ ਸਹੂਲਤ ਇੱਕੋ ਛੱਤ ਹੇਠ ਮਿਲੇਗੀ। ਇਸ ਨਾਲ ਗਰੀਬ ਅਤੇ ਲੋੜਵੰਦ ਮਰੀਜ਼ਾਂ ਨੂੰ ਪ੍ਰਾਈਵੇਟ ਲੈਬਾਂ ਦੀ ਲੁੱਟ ਤੋਂ ਵੱਡੀ ਰਾਹਤ ਮਿਲੇਗੀ। ਡਾ. ਰਾਜੀਵ ਕੁਮਾਰ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸਿਵਲ ਹਸਪਤਾਲ, ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਨਵੇਂ ਬਣੇ ਵੈਂਟੀਲੇਟਿਡ ਸੈਂਟਰ ਵਿਖੇ ਲੋਕਾਂ ਨੂੰ ਮੁਫ਼ਤ ਦਵਾਈਆਂ, ਵੇਟਿੰਗ ਏਰੀਆ ਅਤੇ ਹੋਰ ਸਿਹਤ ਸਹੂਲਤਾਂ ਇੱਕ ਛੱਤ ਥੱਲੇ ਮਿਲਣਗੀਆਂ ਇਸ ਤੋਂ ਇਲਾਵਾ ਸਿਵਲ ਹਸਪਤਾਲ, ਸ੍ਰੀ ਮੁਕਤਸਰ ਸਾਹਿਬ ਵਿਖੇ ਨਵੇਂ ਬਣ ਰਹੇ 30 ਬੈਡ ਦੇ ਐਮ.ਸੀ.ਐਚ. ਵਿੰਗ ਨੂੰ ਬਹੁਤ ਜਲਦੀ ਤਿਆਰ ਕਰਕੇ ਸ਼ੁਰੂ ਕਰ ਦਿੱਤਾ ਜਾਵੇਗਾ। ਜਿਸ ਨਾਲ ਜੱਚਾ ਬੱਚਾ ਨੂੰ ਬਿਹਤਰ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣਗੀਆਂ। ਇਸ ਮੌਕੇ ਡਾ. ਅਰੁਨਦੀਪ ਸਿੰਘ, ਡਾ. ਨਰੇਸ਼ ਗੋਇਲ, ਡਾ. ਰੌਬਿਨ, ਗੁਰਚਰਨ ਸਿੰਘ ਫਾਰਮੇਸੀ ਅਫਸਰ, ਲਾਲ ਚੰਦ ਜ਼ਿਲ੍ਹਾ ਸਿਹਤ ਇੰਸਪੈਕਟਰ, ਗੁਰਪ੍ਰੀਤ ਸਿੰਘ ਪੀ.ਏ. ਟੂ ਸਿਵਲ ਸਰਜਨ, ਸੋਨੀਆ ਨਰਸਿੰਗ ਸਿਸਟਰ, ਹਸਪਤਾਲ ਦਾ ਸਟਾਫ਼, ਨਰਸਿੰਗ ਸਟੂਡੈਂਟ ਅਤੇ ਵਿੱਕੀ ਕੁਮਾਰ ਪੀ.ਏ. ਟੂ ਐਮ.ਐਲ.ਏ. (ਐਮ.ਸੀ.), ਧਰਮਿੰਦਰ ਸਿੰਘ ਐਮ.ਸੀ. ਅਤੇ ਸ਼ਹਿਰ ਦੇ ਹੋਰ ਐਮ.ਸੀ. ਸਹਿਬਾਨ ਅਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਐਸ.ਆਈ.ਆਰ. ਤਹਿਤ ਜ਼ਿਲ੍ਹਾ ਪੱਧਰ 'ਤੇ ਲਗਾਏ ਗਏ ਨੋਡਲ ਅ.ਫਸਰਾਂ ਦੀ ਟਰੇਨਿੰਗ



**ਸ੍ਰੀ ਮੁਕਤਸਰ ਸਾਹਿਬ, 12 ਜੂਨ (ਰਵੀਨਾ ਅਰੋੜਾ)** ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਅਮਿਤ ਕੁਮਾਰ ਪੰਚਾਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਸ.ਆਈ.ਆਰ-2026 ਪ੍ਰਕਿਰਿਆ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅੱਜ ਜ਼ਿਲ੍ਹਾ ਪੱਧਰ 'ਤੇ ਲਗਾਏ ਗਏ ਵੱਖ-ਵੱਖ ਸੈੱਲਾਂ ਦੇ ਨੋਡਲ ਅਫ਼ਸਰ ਅਤੇ ਸਮੂਹ ਟੀਮ ਮੈਂਬਰਾਂ ਨੂੰ ਟਰੇਨਿੰਗ ਦਿੱਤੀ ਗਈ। ਜ਼ਿਕਰਯੋਗ ਹੈ ਕਿ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਗਠਿਤ ਕੀਤੇ ਗਏ ਵੱਖ-ਵੱਖ ਸੈੱਲਾਂ ਵਿੱਚ ਨੋਡਲ ਅਫ਼ਸਰ ਲਗਾਏ ਗਏ ਹਨ ਅਤੇ ਉਨ੍ਹਾਂ ਦੇ ਨਾਲ ਟੀਮ ਮੈਂਬਰ ਨਿਯੁਕਤ ਕੀਤੇ ਗਏ ਹਨ ਅਤੇ ਅੱਜ ਟਰੇਨਿੰਗ ਦੌਰਾਨ ਸਮੂਹ ਹਾਜ਼ਰੀਨ ਨੂੰ ਉਨ੍ਹਾਂ ਨੂੰ ਅਲਾਟ ਕੀਤੇ ਗਏ ਕੰਮਾਂ ਬਾਰੇ ਜਾਣੂੰ ਕਰਵਾਇਆ ਗਿਆ ਅਤੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਅਲਾਟ ਕੀਤੇ ਕੰਮਾਂ ਅਨੁਸਾਰ ਸਮੇਂ ਸਿਰ ਤਿਆਰੀਆਂ ਮੁਕੰਮਲ ਕਰ ਲਈਆਂ ਜਾਣ ਤਾਂ ਜੋ ਐਸ.ਆਈ.ਆਰ. ਪ੍ਰਕਿਰਿਆ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ ਜਾ ਸਕੇ। ਇਸ ਮੌਕੇ ਜ਼ਿਲ੍ਹਾ ਭਲਾਈ ਅਫ਼ਸਰ ਜਗਮੋਹਣ ਮਾਨ, ਚੋਣ ਤਹਿਸੀਲਦਾਰ ਹਰਬੰਸ ਸਿੰਘ, ਚੋਣ ਕਾਨੂੰਗੋ ਸੌਰਵ ਜੈਨ, ਜ਼ਿਲ੍ਹਾ ਸਿੱਖਿਆ ਅਫ਼ਸਰ ਯਾਦਵਿੰਦਰ ਸਿੰਘ ਮਾਨ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਬਾਬਾ ਫਲਾਹੀ ਸ਼ੇਰਗੜ੍ਹ ਦਾ ਸਲਾਨਾ ਮੇਲਾ 15, 16 ਅਤੇ 17 ਜੂਨ ਨੂੰ, ਕਨਵਰ ਗਰੇਵਾਲ, ਪੰਮਾ ਡੂੰਮੇਵਾਲ, ਕਾਸ਼ੀ ਨਾਥ ਸਮੇਤ ਪੰਜਾਬ ਦੇ ਪ੍ਰਸਿੱਧ ਕਲਾਕਾਰ ਕਰਨਗੇ ਸ਼ਿਰਕਤ




**ਮਾਛੀਵਾੜਾ ਸਾਹਿਬ 12 ਜੂਨ (ਮਾਸਟਰ ਸਤੀਸ਼ ਕੁਮਾਰ)** ਮਾਛੀਵਾੜਾ ਰੋਪੜ ਰੋਡ ਤੇ ਸਥਿਤ ਧਾਰਮਿਕ ਸਥਾਨ ਡੇਰਾ ਬਾਬਾ ਫਲਾਹੀ ਸ਼ੇਰਗੜ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਲਾਨਾ ਮੇਲਾ ਤੇ ਭੰਡਾਰਾ ਕਰਵਾਇਆ ਜਾ ਰਿਹਾ ਹੈ। ਮੁੱਖ ਸੇਵਾਦਾਰ ਬਾਬਾ ਦੀਪਾ ਫਲਾਹੀ ਵਾਲਿਆਂ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਸਮੂਹ ਇਲਾਕਾ ਨਿਵਾਸੀ ਅਤੇ ਸਹਿਯੋਗੀ ਸੱਜਣਾਂ ਦੀ ਸਹਿਯੋਗ ਨਾਲ ਸੱਚਖੰਡ ਵਾਸੀ ਬਾਬਾ ਸੰਤੋਖ ਸਿੰਘ ਦੀ ਬਾਰ੍ਹਵੀਂ ਸਲਾਨਾ ਵਿਸ਼ਾਲ ਬਰਸੀ ਮੌਕੇ 15 16 ਅਤੇ 17 ਜੂਨ ਨੂੰ ਸਲਾਨਾ ਮੇਲਾ ਅਤੇ ਭੰਡਾਰਾ ਕਰਵਾਇਆ ਜਾ ਰਿਹਾ ਹੈ ,ਜਿਸ ਵਿੱਚ ਪੰਜਾਬ ਦੇ ਪ੍ਰਸਿੱਧ ਕਲਾਕਾਰ ਕਨਵਰ ਗਰੇਵਾਲ, ਪੰਮਾ ਡੂੰਮੇਵਾਲ, ਕਾਸੀ ਨਾਥ, ਬਿੱਟੂ ਖੰਨੇਵਾਲਾ, ਹਰਸ਼ ਧੀਰ, ਵਿੰਦੂ ਵਾਲੀਆ, ਜੱਸਾ ਫਤਿਹਪੁਰੀਆ, ਹਰਵਿੰਦਰ ਨੂਰਪੁਰੀਆ, ਅਤੇ ਪੰਜਾਬ ਪ੍ਰਸਿੱਧ ਕਵਾਲ ਬਿੰਦਰ ਐਂਡ ਪਾਰਟੀ ਹੰਬੋਵਾਲ ਵਾਲੇ ਸੂਫੀਆਨਾ ਮਹਿਫਲ ਸਜਾਉਣਗੇ, ਅਤੇ 17 ਜੂਨ ਬੁੱਧਵਾਰ ਨੂੰ ਗੁਰਦੁਆਰਾ ਸਾਹਿਬ ਪਿੰਡ ਸ਼ੇਰਗੜ੍ਹ ਬੇਟ ਸ਼ੇਰਪੁਰ ਬਸਤੀ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ ਕਰੀਬ 8 ਵਜੇ ਪਾਏ ਜਾਣਗੇ , ਅਤੇ ਸਵੇਰੇ 9 ਵਜੇ ਤੋਂ 11 ਵਜੇ ਤੱਕ ਬਾਬਾ ਪਰਮਪ੍ਰੀਤ ਸਿੰਘ ਖਾਲਸਾ ਨਥਮਲਪੁਰ ਵਾਲੇ ਗੁਰਦੁਆਰਾ ਸਾਹਿਬ ਵਿਖੇ ਕੀਰਤਨ ਰਾਹੀਂ ਸੰਗਤਾਂ ਨੂੰ ਆਪਣੇ ਪ੍ਰਵਚਨਾਂ ਨਾਲ ਨਿਹਾਲ ਕਰਨਗੇ। ਉਪਰੰਤ ਬਾਕੀ ਸਾਰੇ ਪ੍ਰੋਗਰਾਮ ਸ਼ੇਰਗੜ੍ਹ ਫਲਾਹੀ ਦਰਗਾਹ ਵਿਖੇ ਕਰਵਾਏ ਜਾਣਗੇ। ਜਿਸ ਵਿੱਚ ਪੰਜਾਬ ਪ੍ਰਸਿੱਧ ਕਵਾਲ ਬਿੰਦਰ ਕਵਾਲ ਐਂਡ ਪਾਰਟੀ ਹੰਬਵਾਲ ਵਾਲੇ, ਬਿੰਦੂ ਵਾਲੀਆ, ਪ੍ਰਦੀਪ ਮਾਨ, 15 ਜੂਨ ਸੋਮਵਾਰ ਨੂੰ ਮਹਿਫਲ ਸਜਾਉਣਗੇ ਅਤੇ 16 ਜੂਨ ਮੰਗਲਵਾਰ ਨੂੰ ਬਿੱਟੂ ਖੰਨੇਵਾਲਾ, ਜੱਸਾ ਫਤਿਹਪੁਰੀਆ, ਹਰਵਿੰਦਰ ਨੂਰਪੁਰੀਆ, ਅਤੇ ਕਾਂਸ਼ੀਨਾਥ ਕਲਾਕਾਰ ਸੂਫੀਆਨਾ ਕਲਾਕਾਰੀ ਨਾਲ ਮਹਿਫਲ ਸਜਾਉਣਗੇ। ਬੁੱਧਵਾਰ 17 ਜੂਨ ਨੂੰ ਹਰਸ਼ ਧੀਰ, ਪੰਮਾ ਡੂੰਮੇਵਾਲ ਅਤੇ ਕੰਵਰ ਗਰੇਵਾਲ ਦੁਪਹਿਰ ਸਮੇਂ ਤੋਂ ਦੇਰ ਸ਼ਾਮ ਤੱਕ ਆਪਣੀ ਕਲਾਕਾਰੀ ਦੇ ਜ਼ੌਹਰ ਦਿਖਾਉਣਗੇ। ਤਿੰਨੋ ਦਿਨ ਸੰਗਤਾਂ ਲਈ ਲੰਗਰ ਅਟੁੱਟ ਵਰਤਾਏ ਜਾਣਗੇ।

# ਸੇਵਾ ਕੇਂਦਰ ਮੁਲਾਜਮਾਂ ਦੀਆਂ ਤਨਖਾਹਾਂ ਵਿੱਚ ਗੈਰ-ਕਾਨੂੰਨੀ ਕਟੌਤੀ ਖ਼ਿਲਾ.ਫ ਸ.ਖ਼ਤ ਰੋਸ

**ਸਮਰਾਲਾ 12 ਜੂਨ (ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਪੰਜਾਬ ਭਰ ਦੇ ਸੇਵਾ ਕੇਂਦਰ ਮੁਲਾਜਮਾਂ ਵੱਲੋਂ ਇਹ ਗੰਭੀਰ ਮਸਲਾ ਸਾਹਮਣੇ ਲਿਆਂਦਾ ਜਾ ਰਿਹਾ ਹੈ ਕਿ ਸੇਵਾ ਕੇਂਦਰਾਂ ਵਿੱਚ ਕੰਮ ਕਰ ਰਹੇ ਮੁਲਾਜਮਾਂ ਦੀਆਂ ਤਨਖਾਹਾਂ ਅਤੇ ਹੋਰ ਮੁੱਦਿਆਂ ਨੂੰ ਲੈ ਕੇ ਪਹਿਲਾਂ ਮਾਣਯੋਗ ਅਮਨ ਅਰੋੜਾ ਦੀ ਅਗਵਾਈ ਹੇਠ ਕੰਪਨੀਆਂ ਅਤੇ ਸੇਵਾ ਕੇਂਦਰ ਮੁਲਾਜਮਾਂ ਵਿਚਕਾਰ ਇੱਕ ਸਹਿਮਤੀ ਬਣਾਈ ਗਈ ਸੀ। ਪਰੰਤੂ ਇਸ ਸਹਿਮਤੀ ਦੀ ਖੁੱਲ੍ਹੀ ਉਲੰਘਣਾ ਕਰਦੇ ਹੋਏ ਕੰਪਨੀਆਂ ਵੱਲੋਂ ਅੱਜ ਪੰਜਾਬ ਦੇ ਸਾਰੇ ਹੀ ਸੇਵਾ ਕੇਂਦਰ ਮੁਲਾਜਮਾਂ ਦੀਆਂ ਤਨਖਾਹਾਂ ਵਿੱਚ ਬੇਹੱਦ ਕਟੌਤੀ ਕਰ ਦਿੱਤੀ ਗਈ ਹੈ। ਜਿੱਥੇ ਪਹਿਲਾਂ ਤਨਖਾਹ ਲਗਭਗ 10,000 ਪ੍ਰਤੀ ਮਹੀਨਾ ਸੀ, ਉੱਥੇ ਹੁਣ ਕਈ ਮੁਲਾਜਮਾਂ ਨੂੰ ਕੇਵਲ 6,000, ਤੇ ਕਈਆਂ ਨੂੰ 9,500 ਜਾਂ ਇਸ ਤੋਂ ਵੀ ਘੱਟ ਤਨਖਾਹ ਜਾਰੀ ਕੀਤੀ ਗਈ ਹੈ। ਇਹ ਸਿਰਫ਼ ਸੇਵਾ ਕੇਂਦਰ ਮੁਲਾਜਮਾਂ ਨਾਲ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ ਅਤੇ ਮਿਹਨਤਕਸ਼ ਵਰਗ ਨਾਲ ਖੁੱਲ੍ਹਾ ਧੱਕਾ ਅਤੇ ਅਨਿਆਇ ਹੈ। ਕੰਪਨੀਆਂ ਵੱਲੋਂ ਪਹਿਲਾਂ ਹੋਈ ਸਹਿਮਤੀ ਨੂੰ ਨਜ਼ਰਅੰਦਾਜ਼ ਕਰਕੇ ਕੀਤੀ ਗਈ ਇਹ ਕਾਰਵਾਈ ਪੂਰੀ ਤਰ੍ਹਾਂ ਨਿੰਦਣਯੋਗ ਹੈ। ਸੇਵਾ ਕੇਂਦਰ ਮੁਲਾਜਮ ਇਸ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਲੈਂਦੇ ਹੋਏ ਚੇਤਾਵਨੀ ਦਿੰਦੇ ਹਨ ਕਿ ਜੇਕਰ ਤੁਰੰਤ ਇਸ ਗੈਰ-ਇਨਸਾਫ਼ੀ ਨੂੰ ਵਾਪਸ ਨਾ ਲਿਆ ਗਿਆ ਅਤੇ ਪਹਿਲਾਂ ਹੋਈ ਸਹਿਮਤੀ ਨੂੰ ਲਾਗੂ ਨਾ ਕੀਤਾ ਗਿਆ ਤਾਂ ਪੰਜਾਬ ਭਰ ਦੇ ਮੁਲਾਜਮ ਸਖ਼ਤ ਸੰਘਰਸ਼ ਅਤੇ ਵੱਡੇ ਪੱਧਰ 'ਤੇ ਅੰਦੋਲਨ ਕਰਨ ਲਈ ਮਜਬੂਰ ਹੋਣਗੇ, ਜਿਸਦੀ ਪੂਰੀ ਜ਼ਿੰਮੇਵਾਰੀ ਸੰਬੰਧਿਤ ਕੰਪਨੀਆਂ ਅਤੇ ਪ੍ਰਸ਼ਾਸਨ ਦੀ ਹੋਵੇਗੀ। ਉਨ੍ਹਾਂ ਮੰਗ ਕੀਤੀ ਮੁਲਾਜਮਾਂ ਦੀਆਂ ਤਨਖਾਹਾਂ ਵਿੱਚ ਕੀਤੀ ਗਈ ਇਹ ਨਾਜਾਇਜ਼ ਕਟੌਤੀ ਤੁਰੰਤ ਜਾਰੀ ਕੀਤੀ ਜਾਵੇ ਜੇਕਰ ਤਨਖਾਹ ਤੁਰੰਤ ਜਾਰੀ ਨਾ ਕਰਨ ਤੇ ਸੇਵਾ ਕੇਂਦਰ ਮੁਲਾਜਮ ਯੂਨੀਅਨ ਇਸ ਸਬੰਧੀ ਸਖਤ ਐਕਸ਼ਨ ਲਵੇਗੀ। ਜਦੋਂ ਇਸ ਸਬੰਧੀ ਕੰਪਨੀ ਦੇ ਜ਼ਿਲ੍ਹਾ ਮੈਨੇਜਰ ਮਨਦੀਪ ਕੁਮਾਰ ਨਾਲ ਤਨਖਾਹ ਸਬੰਧੀ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਇਸ ਸਬੰਧੀ ਐਚ. ਆਰ. ਵਿਭਾਗ ਹੀ ਦੱਸ ਸਕਦਾ ਹੈ। ਇਸ ਸਬੰਧੀ ਅਸੀਂ ਕੁਝ ਨਹੀਂ ਕਰ ਸਕਦੇ।

# ਰੱਬ ਦੇ ਜੀਅ, ਐਨ.ਜੀ.ਓ ਵਲੋਂ ਲੜਕੀ ਦੀ ਜਾਨ ਲੈਣ ਵਾਲੇ ਕੁੱਤਿਆਂ ਸਮੇਤ 20 ਕੁੱਤਿਆਂ ਨੂੰ ਕੀਤਾ ਕਾਬੂ





**ਮੋਰਿੰਡਾ 12 ਜੂਨ (ਜਸਬੀਰ ਸਿੰਘ ਸ਼ਾਂਤਪੁਰੀ)** ਬੀਤੇ ਦਿਨ ਅਵਾਰਾ ਕੁੱਤਿਆਂ ਵਲੋਂ 8 ਸਾਲਾਂ ਲੜਕੀ ਦੀ ਜਾਨ ਲੈਣ ਉਪਰੰਤ ਵੀ ਪ੍ਰਸ਼ਾਸਨ ਸੁੱਤਾ ਪਿਆ ਜਾਪਦਾ ਹੈ। ਜਦੋਂ ਕਿ ਮੋਹਾਲੀ ਦੀ ਨਿੱਜੀ ਸੰਸਥਾ ਰੱਬ ਦੇ ਜੀਅ (ਐਨ ਜੀ ਓ) ਵਲੋਂ ਪ੍ਰਧਾਨ ਮਨੈਕਸੀ ਮਲਿਕ ਅਤੇ ਗੈਰੀ ਗੋਰਾਂਚ ਦੀ ਅਗਵਾਈ ਵਿੱਚ ਅੱਜ ਮੋਰਿੰਡਾ ਪਹੁੰਚ ਕੇ ਮ੍ਰਿਤਕ ਲੜਕੀ ਦੀ ਜਾਨ ਲੈਣ ਵਾਲੇ ਕੁਤਿਆਂ ਸਮੇਤ 20 ਕੁੱਤਿਆਂ ਨੂੰ ਕਾਬੂ ਕੀਤਾ ਗਿਆ। ਇਸ ਸਬੰਧੀ ਪ੍ਰਸ਼ਾਸਨ ਦੀ ਕਾਰਗੁਜ਼ਾਰੀ ਦੀ ਨਿੰਦਾ ਕਰਦਿਆਂ ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ ਦੇ ਮੀਤ ਪ੍ਰਧਾਨ ਹਰਮਿੰਦਰ ਸਿੰਘ ਲੱਕੀ,ਨਗਰ ਕੌਂਸਲ ਮੋਰਿੰਡਾ ਦੇ ਕੌਂਸਲਰ ਮਨਦੀਪ ਸਿੰਘ ਬਾਜਵਾ, ਕੌਂਸਲਰ ਹਰਜੀਤ ਸਿੰਘ ਸੋਢੀ, ਸਮਾਜ ਸੇਵੀ ਚੁਚੂ ਸੂਦ, ਸਾਬਕਾ ਕੌਂਸਲਰ ਸੰਗਤ ਸਿੰਘ ਭਾਮੀਆਂ ਅਤੇ ਗੁਰਿੰਦਰ ਸਿੰਘ ਗਿੰਦਰੀ ਨੇ ਆਖਿਆ ਕਿ ਪਿਛਲੇ ਲੰਮੇ ਸਮੇਂ ਤੋਂ ਅਵਾਰਾ ਕੁੱਤਿਆਂ ਵਲੋਂ ਆਮ ਜਨਤਾ ਨੂੰ ਕੱਟਣ ਦੀਆਂ ਘਟਨਾਵਾਂ ਲੱਗ ਭੱਗ ਰੋਜ਼ਾਨਾ ਵਾਪਰਦੀਆਂ ਰਹਿੰਦੀਆਂ ਹਨ। ਇਥੋਂ ਤੱਕ ਕਿ ਕੁੱਤੇ ਵਲੋਂ ਨੌਜਵਾਨਾਂ ਨੂੰ ਕੱਟਣ ਦੀ ਕੋਸ਼ਿਸ਼ ਕਰਨ ਦੇ ਕਾਰਨ ਹੋਏ ਝਗੜੇ ਵਿਚ ਨੌਜਵਾਨ ਦਾ ਕਤਲ ਹੋ ਗਿਆ ਸੀ। ਕੁਤਿਆਂ ਦੇ ਕੱਟਣ ਸੰਬਧੀ ਖਬਰਾਂ ਅਕਸਰ ਲਗਦੀਆਂ ਰਹਿੰਦੀਆਂ ਹਨ ਪ੍ਰੰਤੂ ਪ੍ਰਸਾਸ਼ਨ ਵੱਲੋਂ ਲਗਾਤਾਰ ਅਣਡਿੱਠ ਕੀਤਾ ਜਾਂਦਾ ਰਿਹਾ ਹੈ। ਹੁਣ ਤਾਂ ਹੱਦ ਹੀ ਹੋ ਗਈ ਜਦੋਂ ਅੱਧੀ ਦਰਜਨ ਅਵਾਰਾ ਕੁੱਤਿਆਂ ਵਲੋਂ ਦਿਨ ਦਿਹਾੜੇ 8 ਸਾਲਾਂ ਲੜਕੀ ਕੀਰਤੀ ਨੂੰ ਲਹੂ ਲੁਹਾਨ ਕਰ ਦਿੱਤਾ। ਜਿਸ ਕਾਰਨ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਉਸ ਦੀ ਮੌਤ ਹੋ ਗਈ। ਸਾਰਾ ਇਲਾਕਾ ਕੰਬ ਗਿਆ। ਇਲਾਕੇ ਦੀਆਂ ਵੱਖ ਵੱਖ ਸਿਆਸੀ, ਸਮਾਜਿਕ ਜਥੇਬੰਦੀਆਂ ਅਤੇ ਅਨੇਕਾਂ ਸ਼ਹਿਰ ਨਿਵਾਸੀਆਂ ਨੇ ਵਖਰੇ ਵਖਰੇ ਤੌਰ ਤੇ ਐਸ ਡੀ ਐਮ ਮੋਰਿੰਡਾ ਸ੍ਰੀ ਚੇਤਨ ਬੰਗੜ ਨੂੰ ਮਿਲ ਕੇ ਮੰਗ ਪੱਤਰ ਦਿੱਤੇ। ਮੰਗ ਕੀਤੀ ਕਿ ਅਵਾਰਾ ਕੁੱਤਿਆਂ ਪ੍ਰਤੀ ਤੁਰੰਤ ਠੋਸ ਨਿਤੀ ਅਪਣਾਈ ਜਾਵੇ ਤਾਂ ਜ਼ੋ ਹੋਰ ਜਾਨ ਅਜਾਈਂ ਨਾ ਜਾਵੇ। ਅਤੇ ਪੀੜਤ ਪ੍ਰੀਵਾਰ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ। ਇਲਾਕਾ ਨਿਵਾਸੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਤੁਰੰਤ ਅਵਾਰਾ ਕੁੱਤਿਆਂ ਅਤੇ ਪਸ਼ੂਆਂ ਨੂੰ ਕਾਬੂ ਕਰਕੇ ਸੈਲਟਰਾਂ ਵਿਚ ਬੰਦ ਨਾ ਕੀਤਾ ਤਾਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਲਾਕਾ ਨਿਵਾਸੀਆਂ ਨੇ ਰੱਬ ਦੇ ਜੀਅ,ਐਨ ਜੀ ਓ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਨੂੰ ਸਫਲ ਬਣਾਉਣ ਲਈ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਅਹਿਮ ਮੀਟਿੰਗ

## ਗਣਨਾ ਫਾਰਮ ਨਾਲ ਨਵੀਨਤਮ ਫੋਟੋ ਅਤੇ ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾਉਣ ਨੂੰ ਯਕੀਨੀ ਬਣਾਉਣ ਦੀ ਅਪੀਲ - ਵਿਰਾਜ ਐਸ. ਤਿੜਕੇ

**ਮਾਲੇਰਕੋਟਲਾ, 12 ਜੂਨ (ਸ਼ਰਮਾ)** ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਰਾਜ ਐਸ. ਤਿੜਕੇ ਦੀ ਪ੍ਰਧਾਨਗੀ ਹੇਠ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.)-2026 ਨੂੰ ਸੁਚਾਰੂ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਇੱਕ ਅਹਿਮ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਚੋਣ ਪ੍ਰਕਿਰਿਆ ਨਾਲ ਜੁੜੇ ਅਧਿਕਾਰੀਆਂ ਨੂੰ ਵਿਸਥਾਰਪੂਰਵਕ ਦਿਸ਼ਾ-ਨਿਰਦੇਸ਼ ਦਿੱਤੇ ਗਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਦਾ ਮੁੱਖ ਉਦੇਸ਼ ਵੋਟਰ ਸੂਚੀਆਂ ਨੂੰ ਹੋਰ ਵਧੇਰੇ ਸ਼ੁੱਧ, ਪਾਰਦਰਸ਼ੀ ਅਤੇ ਭਰੋਸੇਯੋਗ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੀ ਸਫਲਤਾ ਲਈ ਚੋਣ ਅਮਲੇ ਦੇ ਨਾਲ-ਨਾਲ ਰਾਜਨੀਤਿਕ ਪਾਰਟੀਆਂ, ਬੂਥ ਲੈਵਲ ਏਜੰਟਾਂ ਅਤੇ ਆਮ ਲੋਕਾਂ ਦੀ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ 25 ਜੂਨ ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ਼ ਘਰ-ਘਰ ਜਾ ਕੇ ਗਣਨਾ ਫਾਰਮ ਭਰਵਾਉਣਗੇ। ਸਮੂਹ ਵੋਟਰਾਂ ਨੂੰ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਗਣਨਾ ਫਾਰਮ ਦੇ ਨਾਲ ਆਪਣੀ ਨਵੀਨਤਮ ਰੰਗੀਨ ਫੋਟੋ ਜ਼ਰੂਰ ਮੁਹੱਈਆ ਕਰਵਾਉਣ ਅਤੇ ਲੋੜ ਪੈਣ 'ਤੇ ਚੋਣ ਕਮਿਸ਼ਨ ਵੱਲੋਂ ਪ੍ਰਵਾਨਿਤ ਦਸਤਾਵੇਜ਼ਾਂ ਵਿੱਚੋਂ ਕੋਈ ਇੱਕ ਦਸਤਾਵੇਜ਼ ਜਮ੍ਹਾਂ ਕਰਵਾਉਣ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵੋਟਰ ਜਾਂ ਉਸਦੇ ਪਰਿਵਾਰ ਦਾ ਨਾਮ 2003 ਦੀ ਵੋਟਰ ਸੂਚੀ ਵਿੱਚ ਦਰਜ ਹੈ ਤਾਂ ਉਸ ਨੂੰ ਵਾਧੂ ਦਸਤਾਵੇਜ਼ ਦੇਣ ਦੀ ਲੋੜ ਨਹੀਂ ਹੋਵੇਗੀ, ਜਦਕਿ ਹੋਰ ਮਾਮਲਿਆਂ ਵਿੱਚ ਜਨਮ ਸਰਟੀਫਿਕੇਟ, ਪਾਸਪੋਰਟ, ਮੈਟ੍ਰਿਕ ਸਰਟੀਫਿਕੇਟ, ਸਥਾਈ ਨਿਵਾਸ ਸਰਟੀਫਿਕੇਟ, ਸਰਕਾਰੀ ਪਛਾਣ ਪੱਤਰ ਜਾਂ ਚੋਣ ਕਮਿਸ਼ਨ ਵੱਲੋਂ ਮਨਜ਼ੂਰਸ਼ੁਦਾ 12 ਦਸਤਾਵੇਜ਼ਾਂ ਵਿੱਚੋਂ ਕੋਈ ਇੱਕ ਦਸਤਾਵੇਜ਼ ਪੇਸ਼ ਕੀਤਾ ਜਾ ਸਕਦਾ ਹੈ। ਵਿਰਾਜ ਐਸ.ਤਿੜਕੇ ਨੇ ਕਿਹਾ ਕਿ ਕੋਈ ਵੀ ਯੋਗ ਵੋਟਰ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ ਅਤੇ ਕੋਈ ਵੀ ਅਯੋਗ ਜਾਂ ਡੁਪਲੀਕੇਟ ਐਂਟਰੀ ਸੂਚੀ ਵਿੱਚ ਨਾ ਰਹੇ, ਇਸ ਲਈ ਸਾਰੇ ਅਧਿਕਾਰੀ ਪੂਰੀ ਜ਼ਿੰਮੇਵਾਰੀ ਅਤੇ ਤਨਦੇਹੀ ਨਾਲ ਕੰਮ ਕਰਨ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਐਸ.ਆਈ.ਆਰ.-2026 ਸਬੰਧੀ ਸਹੀ ਜਾਣਕਾਰੀ ਲੋਕਾਂ ਤੱਕ ਪਹੁੰਚਾਈ ਜਾਵੇ ਅਤੇ ਸੋਸ਼ਲ ਮੀਡੀਆ 'ਤੇ ਫੈਲ ਰਹੀਆਂ ਭ੍ਰਮਕ ਅਫ਼ਵਾਹਾਂ ਤੋਂ ਲੋਕਾਂ ਨੂੰ ਸੁਚੇਤ ਕੀਤਾ ਜਾਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਰਾਜਦੀਪ ਸਿੰਘ ਬਰਾੜ, ਚੋਣਕਾਰ ਰਜਿਸਟਰੇਸ਼ਨ ਅਫ਼ਸਰ -105 ਮਾਲੇਰਕੋਟਲਾ ਕਮ ਐਸ.ਡੀ.ਐਮ.ਕਨੂ ਗਰਗ, ਚੋਣਕਾਰ ਰਜਿਸਟਰੇਸ਼ਨ ਅਫ਼ਸਰ-106 ਅਮਰਗੜ੍ਹ ਕਮ ਐਸ.ਡੀ.ਐਮ. ਅਮਰਗੜ੍ਹ/ ਅਹਿਮਦਗੜ੍ਹ ਹਰਬੰਸ ਸਿੰਘ, ਸਹਾਇਕ ਕਮਿਸ਼ਨਰ ਮਨਦੀਪ ਕੌਰ, ਡੀ.ਆਈ.ਓ ਸ਼ਾਈਨ ਕਮਲ, ਚੋਣ ਤਹਿਸੀਲਦਾਰ ਬ੍ਰਿਜ ਮੋਹਨ, ਮਨਪ੍ਰੀਤ ਸਿੰਘ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।



# ਪਿੰਡ ਹਰਾਜ਼ ਦੇ ਠੇਕੇ 'ਚੋਂ ਸ਼ਰਾਬ ਚੋਰੀ, ਲਗਭਗ 1 ਲੱਖ 30 ਹਜ਼ਾਰ ਦਾ ਨੁਕਸਾਨ

**ਸ੍ਰੀ ਮੁਕਤਸਰ ਸਾਹਿਬ, 12 ਜੂਨ (ਮਾਲਵਾ ਬਾਣੀ)** ਜਿਲੇ ਚ ਚੋਰੀ ਦੀਆਂ ਘਟਨਾਵਾਂ ਦਿਨੋਂ ਦਿਨ ਵਧਦੀਆਂ ਜਾ ਰਹੀਆਂ ਨੇ। ਚੋਰ ਚੁਸਤ ਤੇ ਪੁਲਿਸ ਸੁਸਤ ਵਾਲਾ ਮਾਹੌਲ ਬਣਿਆ ਹੋਇਆ ਹੈ। ਚੋਰਾਂ ਦੇ ਹੌਂਸਲੇ ਇੰਨੇ ਬੁਲੰਦ ਨੇ ਕਿ ਬਿਨਾ ਪੁਲਿਸ ਦੇ ਖੌਫ ਤੋਂ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਨੇ। ਹੁਣ ਚੋਰੀ ਦਾ ਨਵਾਂ ਮਾਮਲਾ ਪਿੰਡ ਹਰਾਜ਼ ਤੋਂ ਸਾਹਮਣੇ ਆਇਆ ਹੈ ਜਿੱਥੇ ਇੱਕ ਸ਼ਰਾਬ ਠੇਕੇ ਤੋਂ ਬੀਤੀ ਰਾਤ ਚੋਰ 1 ਲੱਖ 30 ਹਜ਼ਾਰ ਰੁਪਏ ਦੀ ਸ਼ਰਾਬ ਚੋਰੀ ਕਰ ਕੇ ਨੌ ਦੋ ਗਿਆਰਾ ਹੋ ਗਏ। ਪਿੰਡ ਹਰਾਜ ਵਿਖੇ ਸ਼ਰਾਬ ਦੇ ਠੇਕੇ ਤੋਂ ਇਕ ਲੱਖ 30 ਹਜਾਰ ਦੀ ਸ਼ਰਾਬ ਚੋਰੀ ਦੀ ਇਸ ਘਟਨਾ ਨੇ ਪਿੰਡ ਵਾਸੀਆਂ ਦੀ ਚਿੰਤਾ ਵਧਾ ਦਿੱਤੀ ਹੈ। ਦੱਸ ਦਈਏ ਕਿ ਇਸ ਤੋਂ ਪਹਿਲਾ ਖਿੜਕੀਆਂ ਵਾਲਾ, ਲਬਾਣਿਆਂ ਵਾਲੀ, ਡੋਹਕ, ਹਰਾਜ ਅਤੇ ਕਈ ਹੋਰ ਵੀ ਠੇਕਿਆਂ ਤੇ ਚੋਰੀਆਂ ਹੋ ਚੁੱਕੀਆਂ ਨੇ। ਦੱਸਦੇ ਨੇ ਕਿ ਠੇਕੇਦਾਰਾਂ ਨੇ ਪੁਲਿਸ ਨੂੰ ਕਈ ਵਾਰ ਸ਼ਿਕਾਇਤਾਂ ਦਿੱਤੀਆਂ ਪਰ ਕੋਈ ਕਾਰਵਾਈ ਨਹੀਂ ਹੋਈ। ਜਿਸ ਕਰਕੇ ਚੋਰਾਂ ਦੇ ਹੌਸਲੇ ਹੋਰ ਵੱਧ ਗਏ ਨੇ ਤੇ ਹੁਣ ਫਿਰ ਹਰਾਜ਼ ਪਿੰਡ ਚ ਚੋਰੀ ਦੀ ਘਟਨਾ ਵਾਪਰ ਗਈ। ਠੇਕੇ ਦੇ ਕਾਰਿੰਦੇ ਮਨਜੀਤ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਠੇਕੇ ਚ ਚੋਰੀ ਦੀ ਘਟਨਾ ਵਾਪਰੀ। ਇਸ ਚੋਰੀ ਚ ਲਗਭਗ 1 ਲੱਖ 30 ਹਜਾਰ ਰੁਪਏ ਦੀ ਸ਼ਰਾਬ ਚੋਰੀ ਹੋ ਗਈ ਹੈ। ਠੇਕੇਦਾਰਾਂ ਤੇ ਪਿੰਡਵਾਸੀਆਂ ਨੇ ਪੁਲਿਸ ਪ੍ਰਸ਼ਾਸਨ ਤੋਂ ਰਾਤਰੀ ਗਸ਼ਤ ਵਧਾਉਣ ਤੇ ਚੋਰਾਂ ਦੇ ਨਕੇਲ ਕਸਨ ਦੀ ਮੰਗ ਕੀਤੀ ਹੈ।



# ਮਾਨ ਸਰਕਾਰ ਨੇ ਜੋ ਗਰੰਟੀਆਂ ਪੰਜਾਬ ਵਾਸੀਆਂ ਨੂੰ ਦਿੱਤੀਆਂ ਉਸ ਨੂੰ ਇਨ ਬਿਨ ਲਾਗੂ ਵੀ ਕੀਤਾ: ਸੋਨੀਆ ਮਾਨ



**ਅੰਮ੍ਰਿਤਸਰ, 12 ਜੂਨ (ਸੋਨੂ ਨਰੂਲਾ)**- ਵਿਧਾਨ ਸਭਾ ਹਲਕਾ ਰਾਜਾਸਾਂਸੀ ਅਧੀਨ ਆਉਂਦੇ ਪਿੰਡ ਸੈਦਪੁਰ ਕਲਾਂ ਵਿਖੇ ਬਲਜੀਤ ਸਿੰਘ ਬਲਾਕ ਸੰਮਤੀ ਮੈਂਬਰ ਦੀ ਅਗਵਾਈ ਹੇਠ ਪਿੰਡ ਦੇ ਲੋਕਾਂ ਦੀ ਅਹਿਮ ਇਕੱਤਰਤਾ ਹੋਈ। ਜਿਸ ਵਿੱਚ ਹਲਕਾ ਰਾਜਾਸਾਂਸੀ ਦੀ ਇੰਚਾਰਜ ਮੈਡਮ ਸੋਨੀਆ ਮਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਮੈਡਮ ਰਵਲੀਨ ਕੌਰ, ਵਿਰਾਸਤ ਸੇਵਾ ਸੰਗਠਨ ਦਾ ਇੰਚਾਰਜ ਅੰਮ੍ਰਿਤਪਾਲ ਸਿੰਘ ਸ਼ਹੂਰਾ, ਨਿਹਾਲ ਸਿੰਘ , ਸੁਖਦੀਪ ਸਿੰਘ ਛੀਨਾ ਸਮੇਤ ਵੱਖ-ਵੱਖ ਮਹਿਕਮਿਆਂ ਦੇ ਅਧਿਕਾਰੀ ਮੌਜੂਦ ਸਨ। ਇਸ ਮੌਕੇ ਮੈਡਮ ਸੋਨੀਆ ਮਾਨ ਨੇ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਬੜੇ ਵਿਸਥਾਰ ਨਾਲ ਸੁਣਿਆ ਤੇ ਸਬੰਧਿਤ ਅਧਿਕਾਰੀਆਂ ਨੂੰ ਮੌਕੇ ਤੇ ਹੱਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਨੇ ਜੋ ਗਰੰਟੀਆਂ ਪੰਜਾਬ ਵਾਸੀਆਂ ਨੂੰ ਦਿੱਤੀਆਂ ਸਨ। ਉਸ ਨੂੰ ਇਨ ਬਿਨ ਲਾਗੂ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ। 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੂਸਰੀ ਵਾਰ ਸਰਕਾਰ ਬਣਾ ਕੇ ਇਤਿਹਾਸ ਰੱਚੇਗੀ। ਇਸ ਮੌਕੇ ਲਵਜੀਤ ਸਿੰਘ ਮੈਂਬਰ, ਬਲਕਾਰ ਸਿੰਘ ਮੈਂਬਰ, ਸਰਪੰਚ ਦਰਬਾਰਾ ਸਿੰਘ, ਬਲਵਿੰਦਰ ਸਿੰਘ, ਦਿਲਬਾਗ ਮਸੀਹ, ਜਰਨੈਲ ਸਿੰਘ ਮੈਂਬਰ, ਹਰਭਜਨ ਸਿੰਘ, ਅਮਿਤੋਜ ਸਿੰਘ ਸੋਸ਼ਲ ਮੀਡੀਆ ਹਲਕਾ ਕੋਆਰਡੀਨੇਟਰ, ਗੁਰਜੰਟ ਸਿੰਘ ਆਦਿ ਹਾਜ਼ਰ ਸਨ।